People's Herald



Rs- 100/month

# "ਇਕੁਐਲਿਟੀ ਐਂਡ ਜਸਟਿਸ"

https://www.facebook.com/profile.php?id=161037521061610

"Equality and Justice" स्वतंत्रता, समानता, भाईचारा

People's Herald



PATIALA On line paper 24 ਮਈ 2025 ਸਨਿੱਚਰਵਾਰ "ਰੋਜ਼ਾਨਾ" ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ

**"ਇਕੁਐਲਿਟੀ ਐਂਡ ਜਸਟਿਸ" ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:



1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ

## ਬਸਪਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਦੇ ਦਖਲ ਦੇਣ ਤੋਂ ਬਾਅਦ ਕਿਰਤੀ ਕਾਮੇ ਬਿਨਾਂ ਸ਼ਰਤ ਜੇਲ੍ਹ 'ਚੋਂ ਰਿਹਾ,ਡਾ: ਮੱਖਣ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com



ਸੰਗਰੂਰ- ਜਗਤਾਰ ਸਿੰਘ ਰੋੜੇਵਾਲ:-- ਪਿਛਲੇ ਦਿਨੀਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਜੋ ਬੇ ਚਿਰਾਗ ਪਿੰਡ ਦੀ ਜ਼ਮੀਨ ਦੇ ਸੰਬੰਧ ਵਿੱਚ ਜਾ ਰਹੇ ਮਜ਼ਦੂਰਾਂ ਨੂੰ ਪੁਲਿਸ ਵਲੋ ਗਿਰਫ਼ਤਾਰ ਕਰਕੇ ਜੇਲ੍ਹ ਭੇਜਿਆ ਗਿਆ ਸੀ।ਉਸ ਸਬੰਧੀ ਮਜ਼ਦੂਰ ਕਾਮਿਆਂ ਨੂੰ ਰਿਹਾ ਕਰਵਾਉਣ ਲਈ ਅੱਜ ਬਸਪਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਬਸਪਾ ਡੈਪੂਟੇਸ਼ਨ ਨੂੰ ਲੈ ਕੇ ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀ ਸੰਦੀਪ ਰਿਸ਼ੀ ਨੂੰ ਮਿਲ ਕੇ ਬੇਗੁਨਾਹ ਕਿਰਤੀ ਕਾਮਿਆਂ ਦੀ ਬਿਨਾਂ ਸ਼ਰਤ ਰਿਹਾਈ ਲਈ ਮੈਮੋਰੰਡਮ ਦਿੱਤਾ ਗਿਆ ਸੀ। ਬਹੁਜਨ ਸਮਾਜ ਪਾਰਟੀ ਦਾ ਸੰਘਰਸ਼ ਰੰਗ ਲਿਆਇਆ ।ਦੇਰ ਰਾਤ ਮਜ਼ਦੂਰ ਕਿਰਤੀ ਕਾਮਿਆਂ ਨੂੰ ਬਿਨਾਂ ਸ਼ਰਤ ਸੰਗਰੂਰ ਤੇ ਬਠਿੰਡਾ ਜੇਲ ਵਿਚੋਂ ਰਿਹਾ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ।ਵੱਡੀ ਗਾਣਤੀ ਵਿਚ ਮਜ਼ਦੂਰ ਕਾਮਿਆਂ ਤੇ ਔਰਤਾਂ ਨੂੰ ਛੱਡ ਦਿੱਤਾ ਗਿਆ। ਇਸ ਮੌਕੇ ਸਰਦਾਰ ਚਮਕੌਰ ਸਿੰਘ ਵੀਰ ਸੂਬਾ ਜਨਰਲ ਸਕੱਤਰ, ਡਾਕਟਰ ਮੱਖਣ ਸਿੰਘ ਜਰਨਲ ਸਕੱਤਰ ਪੰਜਾਬ ਅਤੇ ਸਤਗੁਰ ਸਿੰਘ ਕੋਹਰੀਆ ਪ੍ਰਧਾਨ ਜ਼ਿਲ੍ਹਾ ਸੰਗਰੂਰ ਅਤੇ ਹੋਰ ਬਸਪਾ ਵਰਕਰਾਂ ਨੇ ਜੇਲ ਵਿਚੋਂ ਰਿਹਾਅ ਹੋਣ ਵਾਲੇ ਕਿਰਤੀਆਂ ਦਾ ਗਲਾਂ ਵਿੱਚ ਫੁੱਲਾਂ ਦੇ ਹਾਰ ਪਾ ਕੇ ਸਵਾਗਤ ਕੀਤਾ।ਇਸ ਮੌਕੇ ਬਹੁਜਨ ਸਮਾਜ ਪਾਰਟੀ ਜ਼ਿੰਦਾਬਾਦ, ਪੰਜਾਬ ਸੰਭਾਲੋ ਮੁਹਿੰਮ ਜ਼ਿੰਦਾਬਾਦ, ਜੋ ਜ਼ਮੀਨ ਸਰਕਾਰੀ ਹੈ ਉਹ ਜ਼ਮੀਨ ਹਮਾਰੀ ਹੈ, ਪੰਜਾਬ ਸਰਕਾਰ ਮੁਰਦਾਬਾਦ ਮੁਰਦਾ ਬਾਦ ਦੇ ਨਾਹਰੇ ਲਗਾਏ ਗਏ। ਇਸ ਮੌਕੇ ਬੋਲਦਿਆਂ ਡਾਕਟਰ ਮੱਖਣ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਬਿਨਾਂ ਕਿਸੇ ਦੇਰੀ ਤੋਂ ਸਰਕਾਰੀ ਜ਼ਮੀਨਾਂ ਗਰੀਬ, ਕਿਰਤੀ ਕਾਮੇ, ਦਲਿਤਾਂ ਪਛੜਿਆਂ, ਨੂੰ ਬਿਨਾਂ ਕਿਸੇ ਦੇਰੀ ਤੋਂ ਵੰਡਣ ਦੀ ਨੀਤੀ ਤੇ ਅਮਲ ਸ਼ੁਰੂ ਕਰੇ।ਰਾਜੇ ਮਹਾਰਾਜੇ ਦੀ ਜ਼ਮੀਨ ਕਿਰਤੀ ਕਾਮਿਆਂ ਵਿੱਚ ਵੰਡ ਕੇ ਸਰਕਾਰ ਸੰਵਿਧਾਨਿਕ ਜ਼ਿੰਮੇਵਾਰੀ ਨਿਭਾਵੇ।

## ਭ੍ਰਿਸ਼ਟਾਚਾਰ ਵਿਰੁੱਧ ਮੁਹਿੰਮ: ਨਗਰ ਨਿਗਮ ਮੁਲਾਜ਼ਮਾਂ ਨਾਲ ਮਿਲੀਭੁਗਤ ਰਾਹੀਂ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਹੋਣ ਦੇ ਦੋਸ਼ ਹੇਠ ਆਪ ਦਾ ਵਿਧਾਇਕ ਜਲੰਧਰ (ਕੇਂਦਰੀ) Vigilance Bureau ਵੱਲੋਂ ਗ੍ਰਿਫ਼ਤਾਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਨਤਕ ਸੇਵਾਵਾਂ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਸਹਿਣਸ਼ੀਲਤਾ ਨੀਤੀ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਦੇ ਹਿੱਸੇ ਵਜੋਂ, ਪੰਜਾਬ ਵਿਜੀਲੈਂਸ ਬਿਊਰੋ ਦੇ ਜਲੰਧਰ ਰੇਂਜ ਦਫ਼ਤਰ ਨੇ ਅੱਜ ਜਲੰਧਰ (ਕੇਂਦਰੀ) ਦੇ ਮੌਜੂਦਾ ਵਿਧਾਇਕ ਰਮਨ ਅਰੋੜਾ ਨੂੰ ਜਲੰਧਰ ਨਗਰ ਨਿਗਮ ਦੇ ਕਰਮਚਾਰੀਆਂ ਦੀ ਮਿਲੀਭੁਗਤ ਨਾਲ ਭ੍ਰਿਸ਼ਟਾਚਾਰ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ 14 ਮਈ 2025 ਨੂੰ ਇੰਜੀਨੀਅਰਜ਼ ਐਂਡ ਬਿਲਡਿੰਗ ਡਿਜ਼ਾਈਨਰ ਐਸੋਸੀਏਸ਼ਨ, ਜਲੰਧਰ ਦੇ ਤਿੰਨ ਅਹੁਦੇਦਾਰਾਂ ਵੱਲੋਂ ਦਸਤਖਤ ਕੀਤੀ ਗਈ ਇੱਕ ਸਾਂਝੀ ਸ਼ਿਕਾਇਤ ਬਿਊਰੋ ਨੂੰ ਪ੍ਰਾਪਤ ਹੋਈ, ਜਿਸ ਵਿੱਚ ਇਹ ਦੋਸ਼ ਲਗਾਇਆ ਗਿਆ




ਸੀ ਕਿ ਸਹਾਇਕ ਟਾਊਨ ਪਲੈਨਰ (ਏ.ਟੀ.ਪੀ.), ਨਗਰ ਨਿਗਮ, ਜਲੰਧਰ ਸੁਖਦੇਵ ਵਸ਼ਿਸ਼ਟ ਉਨ੍ਹਾਂ ਕੋਲੋ ਗੈਰ-ਕਾਨੂੰਨੀ ਰਿਸ਼ਵਤ ਦੀ ਮੰਗ ਕਰਦਾ ਹੈ। ਸ਼ਿਕਾਇਤ ਵਿੱਚ ਅੱਗੇ ਕਿਹਾ ਗਿਆ ਕਿ ਜਦੋਂ ਵੀ ਉਹ ਆਪਣੇ ਅਧਿਕਾਰ ਖੇਤਰ ਵਿੱਚ ਦੌਰਾ ਕਰਦਾ ਹੈ, ਤਾਂ ਉਹ ਲੋਕਾਂ ਨੂੰ ਉਨ੍ਹਾਂ ਦੀਆਂ ਇਮਾਰਤਾਂ ਨੂੰ ਸੀਲ ਕਰਨ ਅਤੇ ਢਹਾਉਣ ਸਬੰਧੀ ਧਮਕੀ ਦਿੰਦਾ ਹੈ। ਸ਼ਿਕਾਇਤ ਵਿੱਚ ਇਹ ਵੀ ਦੋਸ਼ ਲਗਾਇਆ ਗਿਆ ਹੈ ਕਿ ਉਸ ਕੋਲ ਬਹੁਤ ਸਾਰੀਆਂ ਫਾਈਲਾਂ ਲੰਬਿਤ ਹਨ ਜਦਕਿ ਇਹਨਾਂ ਫਾਇਲਾਂ ਨੂੰ ਨਗਰ ਨਿਗਮ (ਐਮ.ਸੀ.) ਦੇ ਹੋਰ ਵਿੰਗਾਂ ਵੱਲੋਂ ਮਨਜ਼ੂਰੀ ਦੇ ਦਿੱਤੀ ਗਈ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਜਾਂਚ ਉਪਰੰਤ, ਵਿਜੀਲੈਂਸ ਬਿਊਰੋ ਜਲੰਧਰ ਰੇਂਜ ਨੇ ਇੰਜੀਨੀਅਰਜ਼ ਐਂਡ ਬਿਲਡਿੰਗ ਡਿਜ਼ਾਈਨਰ ਐਸੋਸੀਏਸ਼ਨ, ਜਲੰਧਰ ਦੇ ਪ੍ਰਧਾਨ ਇੰਜੀਨੀਅਰ ਸੁਨੀਲ ਕਟਿਆਲ ਦੀ ਸ਼ਿਕਾਇਤ 'ਤੇ ਉਕਤ ਸੁਖਦੇਵ ਵਸ਼ਿਸ਼ਟ, ਏ.ਟੀ.ਪੀ., ਐਮ.ਸੀ. ਜਲੰਧਰ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7 ਤਹਿਤ ਮਿਤੀ 14/05/2025 ਨੂੰ ਮੁਕੱਦਮਾ ਨੰਬਰ 23 ਦਰਜ ਕੀਤਾ ਗਿਆ ਸੀ। ਵਿਜੀਲੈਂਸ ਬਿਊਰੋ ਨੇ ਉਕਤ ਮੁਲਜ਼ਮ ਸੁਖਦੇਵ ਵਸ਼ਿਸ਼ਟ ਨੂੰ 14/05/2025 ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕਰ ਲਿਆ ਸੀ ਅਤੇ ਜਾਂਚ ਅੱਗੇ ਚੱਲ ਰਹੀ ਸੀ ਜਿਸ ਦੌਰਾਨ ਇਹ ਸਾਹਮਣੇ ਆਇਆ ਕਿ ਮੁਲਜ਼ਮ ਸੁਖਦੇਵ ਵਸ਼ਿਸ਼ਟ ਪਠਾਨਕੋਟ ਵਿੱਚ ਸੀਨੀਅਰ ਡਰਾਫਟਸਮੈਨ ਦੇ ਰੈਂਕ 'ਤੇ ਤਾਇਨਾਤ ਸੀ, ਪਰ ਉਸ ਕੋਲ ਏ.ਟੀ.ਪੀ. ਜਲੰਧਰ, ਐਮ.ਸੀ. ਦਾ ਵਾਧੂ ਚਾਰਜ ਵੀ ਸੀ। ਮੁਲਜ਼ਮ ਅਪ੍ਰੈਲ 2022 ਤੋਂ ਹੁਣ ਤੱਕ ਥੋੜ੍ਹੇ ਥੋੜ੍ਹੇ ਸਮੇਂ ਲਈ ਲਗਾਤਾਰ ਜਲੰਧਰ ਵਿੱਚ ਤਾਇਨਾਤ ਰਿਹਾ।

ਗ੍ਰਿਫ਼ਤਾਰ ਕੀਤੇ ਗਏ ਏ.ਟੀ.ਪੀ. ਸੁਖਦੇਵ ਵਸ਼ਿਸ਼ਠ ਦੇ ਦਫ਼ਤਰ ਅਤੇ ਰਿਹਾਇਸ਼ ਦੀ ਤਲਾਸ਼ੀ ਦੌਰਾਨ, ਹੋਰ ਅਪਰਾਧਕ ਦਸਤਾਵੇਜ਼ਾਂ ਅਤੇ ਭੌਤਿਕ ਸਬੂਤਾਂ ਸਮੇਤ ਉਸਦੇ ਕਬਜ਼ੇ ਚੋਂ ਅਤੇ ਦਫ਼ਤਰ ਦੇ ਰਿਕਾਰਡ ਤੋਂ ਅਣਅਧਿਕਾਰਤ ਉਸਾਰੀ ਅਤੇ ਸਬੰਧਤ ਮਾਮਲਿਆਂ ਲਈ ਸੈਂਕੜੇ ਸਰਕਾਰੀ ਨੋਟਿਸ ਬਰਾਮਦ ਕੀਤੇ ਗਏ। ਇਹਨਾਂ ਵਿੱਚੋਂ ਕੁਝ ਨੋਟਿਸਾਂ ਨੂੰ ਡਿਸਪੈਚ ਰਜਿਸਟਰ ਵਿੱਚ ਵੀ ਦਰਜ ਨਹੀਂ ਸੀ ਕੀਤਾ ਗਿਆ ਸੀ। ਇਸ ਤੋਂ ਇਲਾਵਾ ਬਿਨਾਂ ਕਿਸੇ ਕਾਰਨ ਬਹੁਤ ਲੰਬੇ ਸਮੇਂ ਤੋਂ ਬਿਨਾਂ ਕਾਰਵਾਈ ਲੰਬਿਤ ਪਏ ਹੋਰ ਦਸਤਾਵੇਜ਼ ਵੀ ਬਰਾਮਦ ਕੀਤੇ ਗਏ।

ਬੁਲਾਰੇ ਨੇ ਅੱਗੇ ਦੱਸਿਆ ਕਿ ਹੋਰ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਅਧਿਕਾਰੀ ਵੱਲੋਂ ਇੱਕ ਸਥਾਨਕ ਸਿਆਸਤਦਾਨ ਨਾਲ ਮਿਲ ਕੇ ਸ਼ਹਿਰ ਦੇ ਲੋਕਾਂ ਤੋਂ ਜ਼ਬਰਨ ਪੈਸੇ ਵਸੂਲਣ ਅਤੇ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਹੋਣ ਲਈ ਇੱਕ ਵਿਲੱਖਣ ਢੰਗ ਅਪਣਾਇਆ ਜਾ ਰਿਹਾ ਸੀ। ਗ੍ਰਿਫ਼ਤਾਰ ਕੀਤਾ ਗਿਆ ਏ.ਟੀ.ਪੀ., ਵਿਧਾਇਕ ਰਮਨ ਅਰੋੜਾ ਦੇ ਕਹਿਣ 'ਤੇ ਅਤੇ ਉਸ ਦੀ ਸਲਾਹ ਨਾਲ ਵਪਾਰਕ ਅਤੇ ਰਿਹਾਇਸ਼ੀ ਦੋਵੇਂ ਤਰ੍ਹਾਂ ਦੀਆਂ ਉਸਾਰੀਆਂ ਜਾਂ ਨਿਰਮਾਣ ਅਧੀਨ ਇਮਾਰਤਾਂ ਦੀ ਪਛਾਣ ਕਰਦਾ ਸੀ ਅਤੇ ਕਥਿਤ ਉਲੰਘਣਾਵਾਂ ਲਈ ਉਨ੍ਹਾਂ ਨੂੰ ਨੋਟਿਸ ਭੇਜਦਾ ਸੀ। ਜਦੋਂ ਇਮਾਰਤ ਦੇ ਮਾਲਕ ਜਾਂ ਉਨ੍ਹਾਂ ਦੇ ਨੁਮਾਇੰਦੇ ਸਬੰਧਤ ਅਧਿਕਾਰੀ ਕੋਲ ਪਹੁੰਚ ਕਰਦੇ ਸਨ ਤਾਂ ਉਹ ਉਨ੍ਹਾਂ ਨੂੰ ਉਕਤ ਵਿਧਾਇਕ ਕੋਲ ਭੇਜਦਾ ਸੀ। ਉਕਤ ਵਿਧਾਇਕ ਫਿਰ ਗੈਰ-ਕਾਨੂੰਨੀ ਢੰਗ ਨਾਲ ਰਿਸ਼ਵਤ ਲੈ ਕੇ ਮਾਮਲੇ ਨੂੰ ਸੁਲਝਾ ਦਿੰਦਾ ਸੀ। ਉਕਤ ਵਿਧਾਇਕ ਤੋਂ ਹਾਂ-ਪੱਖੀ ਸੁਨੇਹਾ ਮਿਲਣ 'ਤੇ, ਫਾਈਲਾਂ ਦੋਸ਼ੀ ਏ.ਟੀ.ਪੀ. ਵੱਲੋਂ ਭੇਜ ਦਿੱਤੀਆਂ ਜਾਂਦੀਆਂ ਪਰ ਕੋਈ ਕਾਰਵਾਈ ਸ਼ੁਰੂ ਨਾ ਜਾਂਦੀ। ਉਕਤ ਮਿਲੀਭੁਗਤ ਨਾਲ ਸਬੰਧਤ ਅਜਿਹੇ 75-80 ਦੇ ਕਰੀਬ ਨੋਟਿਸ ਬਰਾਮਦ ਕੀਤੇ ਗਏ ਹਨ। ਹੋਰ ਫਾਈਲਾਂ ਦੇ ਨਿਪਟਾਰੇ ਲਈ ਵੀ ਇਹੀ ਢੰਗ ਅਪਣਾਇਆ ਜਾਂਦਾ ਸੀ।

ਉਨ੍ਹਾਂ ਕਿਹਾ ਕਿ ਬਿਊਰੋ ਅਤੇ ਸਥਾਨਕ ਸਰਕਾਰਾਂ ਵਿਭਾਗ ਦੀਆਂ ਤਕਨੀਕੀ ਟੀਮਾਂ ਰਾਹੀਂ ਹਰੇਕ ਨੋਟਿਸ ਅਤੇ ਦਸਤਾਵੇਜ਼ਾਂ ਦੀ ਵਿਆਪਕ ਅਤੇ ਦਸਤਾਵੇਜ਼ੀ ਤਸਦੀਕ ਕੀਤੀ ਜਾ ਰਹੀ ਹੈ ਅਤੇ ਬਹੁਤ ਸਾਰੀਆਂ ਕਮੀਆਂ ਸਾਹਮਣੇ ਆਈਆਂ ਹਨ।

## ਖੁਰਦਪੁਰ ਰੇਲਵੇ ਸਟੇਸ਼ਨ 'ਤੇ ਖਾਲਿਸਤਾਨ ਪੱਖੀ ਨਾਅਰੇ ਲਿਖੇ

### ਆਦਮਪੁਰ ਏਅਰਬੇਸ ਨੇੜੇ ਵੀ ਮਿਲੇ ਨਾਅਰੇ; ਖਾਲਿਸਤਾਨੀ ਪੱਖੀ ਪੰਨੂ ਨੇ ਵੀਡੀਓ ਜਾਰੀ ਕੀਤਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਆਦਮਪੁਰ ਦੇ ਖੁਰਦਪੁਰ ਰੇਲਵੇ ਸਟੇਸ਼ਨ ਦੀ ਦੀਵਾਰ 'ਤੇ ਖਾਲਿਸਤਾਨ ਪੱਖੀ ਨਾਅਰੇ ਲਿਖੇ ਮਿਲੇ। ਇਨ੍ਹਾਂ ਦਾ ਪਤਾ ਲੱਗਣ 'ਤੇ ਰੇਲਵੇ ਪੁਲੀਸ ਨੂੰ ਸੂਚਿਤ ਕੀਤਾ ਗਿਆ ਤੇ ਰੇਲਵੇ ਪੁਲੀਸ ਨੇ ਮੌਕੇ ਤੇ ਪਹੁੰਚ ਕੇ ਇਨ੍ਹਾਂ ਨਾਅਰਿਆਂ 'ਤੇ ਕਾਲਾ ਪੇਂਟ ਕਰਕੇ ਮਿਟਾ ਦਿੱਤਾ। ਇਸ ਮੌਕੇ ਪਹੁੰਚੇ ਆਦਮਪੁਰ ਪੁਲੀਸ ਦੇ ਮੁਖੀ ਹਰਦੇਵ ਪ੍ਰੀਤ ਸਿੰਘ ਨੇ ਦੱਸਿਆ ਕਿ ਦਹਿਸ਼ਤ ਫੈਲਾਉਣ ਵਾਲੇ ਸਮਾਜ ਵਿਰੋਧੀ ਤੱਤਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਤੋਂ ਇਲਾਵਾ ਆਦਮਪੁਰ ਏਅਰਬੇਸ ਨੇੜੇ ਵੀ ਅਜਿਹੇ ਨਾਅਰੇ ਮਿਲੇ। ਖਾਲਿਸਤਾਨੀ ਪੱਖੀ ਗੁਰਪਤਵੰਤ ਸਿੰਘ ਪੰਨੂ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੇ ਜਲੰਧਰ ਦੇ ਆਦਮਪੁਰ ਏਅਰਬੇਸ ਨੇੜੇ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਿਖੇ ਹਨ। ਪੰਨੂ ਨੇ ਇੱਕ ਵੀਡੀਓ ਜਾਰੀ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਰੁੱਧ ਜ਼ਹਿਰ ਉਗਲਿਆ ਹੈ। ਇਹ ਵੀ ਦਾਅਵਾ ਕੀਤਾ ਗਿਆ ਹੈ ਕਿ ਸਿੱਖ ਪਾਕਿਸਤਾਨੀ ਫੌਜ



ਦਾ ਸਮਰਥਨ ਕਰਦੇ ਹਨ। ਸਿੱਖ ਫਾਰ ਜਸਟਿਸ ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਨੇ 2 ਮਿੰਟ 52 ਸਕਿੰਟ ਦਾ ਵੀਡੀਓ ਜਾਰੀ ਕੀਤਾ ਹੈ।

# ਬਹੁਜਨ ਸਮਾਜ ਪਾਰਟੀ ਦਾ ਵਫਦ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਸੂਬਾ ਪ੍ਰਧਾਨ ਬਸਪਾ * ਦੀ ਰਹਿਨੁਮਾਈ ਹੇਠ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਮਿਲਿਆ

## ਜਮੀਨ ਪ੍ਰਾਪਤ ਕਰਨ ਲਈ ਗ੍ਰਿਫਤਾਰ ਕੀਤੇ ਬੇਜ਼ਮੀਨੇ ਲੋਕਾਂ ਨੂੰ ਤੁਰੰਤ ਰਿਹਾ ਕਰਨ ਲਈ ਦਿੱਤਾ ਮੈਮੋਰੰਡਮ, ਇਸ ਮੁੱਦੇ ਤੇ ਬਸਪਾ ਨੇ ਪੰਜਾਬ ਪੱਧਰੀ ਐਮਰਜੰਸੀ ਮੀਟਿੰਗ 27 ਮਈ ਨੂੰ ਜਲੰਧਰ ਵਿਖੇ ਬੁਲਾਈ

## ਅੱਜ ਸੰਗਰੂਰ ਵਿਖੇ ਬਸਪਾ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਜੀ ਦੇ ਲਏ ਗਏ ਤੁਰੰਤ ਐਕਸ਼ਨ ਤੋਂ ਬਾਅਦ 12 ਘੰਟਿਆਂ ਦੇ ਅੰਦਰ ਅੰਦਰ ਪ੍ਰਸ਼ਾਸਨ ਨੇ ਜੇਲ੍ਹਾਂ ਵਿੱਚ ਬੰਦ ਮਜ਼ਦੂਰਾਂ ਨੂੰ ਬਿਨਾਂ ਸ਼ਰਤ ਕੀਤਾ ਰਿਹਾਅ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਅੱਜ ਸੰਗਰੂਰ ਵਿਖੇ ਬਸਪਾ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਜੀ ਦੇ ਲਏ ਗਏ ਤੁਰੰਤ ਐਕਸ਼ਨ ਤੋਂ ਬਾਅਦ 12 ਘੰਟਿਆਂ ਦੇ ਅੰਦਰ ਅੰਦਰ ਪ੍ਰਸ਼ਾਸਨ ਨੇ ਜੇਲ੍ਹਾਂ ਵਿੱਚ ਬੰਦ ਮਜ਼ਦੂਰਾਂ ਨੂੰ ਬਿਨਾਂ ਸ਼ਰਤ ਕੀਤਾ ਰਿਹਾਅ।

ਸੰਗਰੂਰ ਜ਼ਿਲ੍ਹੇ ਵਿੱਚ 20 ਮਈ ਨੂੰ ਹਜ਼ਾਰਾਂ ਦੀ ਗਿਣਤੀ ਵਿੱਚ ਸਰਕਾਰੀ ਜਮੀਨ ਇਸ ਬੀੜ ਸੋਹੀਆਂ ਵਿਖੇ ਮੰਗ ਰਹੇ ਬੇਜਮੀਨੇ ਲੋਕਾਂ ਨੂੰ ਪੰਜਾਬ ਸਰਕਾਰ ਨੇ ਜੇਲਾਂ ਵਿੱਚ ਡੱਕਿਆ ਹੋਇਆ ਹੈ ਜਿਨਾਂ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਗਰੀਬ ਬਜ਼ੁਰਗ ਔਰਤਾਂ ਵੀ ਹਨ, ਇਸ ਸਬੰਧੀ ਡਾ ਅਵਤਾਰ ਸਿੰਘ ਕਰੀਮਪੁਰੀ ਸੂਬਾ ਪ੍ਰਧਾਨ ਬਹੁਜਨ ਸਮਾਜ ਪਾਰਟੀ ਪੰਜਾਬ ਅਤੇ ਸ੍ਰੀ ਅਜੀਤ ਸਿੰਘ ਭੈਣੀ ਪਰਜਾਪਤੀ ਸੂਬਾ ਇਚਾਰਜ, ਸ੍ਰ ਚਮਕੌਰ ਸਿੰਘ ਵੀਰ ਸੂਬਾ ਜਨਰਲ ਸੈਕਟਰੀ, ਡਾਕਟਰ ਮੱਖਣ ਸਿੰਘ ਬਸਪਾ ਆਗੂ, ਲੈਕਚਰਾਰ ਅਮਰਜੀਤ ਸਿੰਘ ਜਲੂਰ ਜੋਨ ਇੰਚਾਰਜ ਪਟਿਆਲਾ ਦੀ ਰਹਿਨੁਮਾਈ ਹੇਠ ਬਹੁਜਨ ਸਮਾਜ ਪਾਰਟੀ ਦਾ ਵਫ਼ਦ ਸ੍ਰੀ ਸੰਦੀਪ ਰਿਸ਼ੀ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਉਹਨਾਂ ਦੀ ਰਿਹਾਇਸ਼ ਤੇ ਮਿਲਿਆ, ਡਿਪਟੀ ਕਮਿਸ਼ਨਰ ਨਾਲ ਬੇਜਮੀਨੇ






ਲੋਕਾਂ ਨੂੰ ਤੁਰੰਤ ਰਿਹਾ ਕਰਨ ਸਬੰਧੀ ਵਿਸਥਾਰ ਨਾਲ ਚਰਚਾ ਹੋਈ ਅਤੇ ਕਰੀਮਪੁਰੀ ਨੇ ਕਿਹਾ ਕਿ ਜਮੀਨ ਮੰਗਣਾ ਕੋਈ ਗੁਨਾਹ ਨਹੀਂ ਹੈ ਇਹਨਾਂ ਲੋਕਾਂ ਨੂੰ ਅੱਜ ਹੀ ਤੁਰੰਤ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ ਅਤੇ ਜਿਨਾਂ ਲੋਕਾਂ ਤੇ ਝੂਠੇ ਪਰਚੇ ਪਾਏ ਗਏ ਹਨ ਉਹ ਰੱਦ ਕੀਤੇ ਜਾਣ, ਜੋ 927 ਏਕੜ ਜਮੀਨ ਐਸ਼ਵਾਨ ਬੀੜ ਦੀ ਪਈ ਹੈ ਉਸ ਦੀ ਕਾਨੂੰਨੀ ਪ੍ਰਕਿਰਿਆ ਤੇਜ ਕਰਕੇ ਸਰਕਾਰੀ ਜਮੀਨ ਵੰਡਣ ਦੇ ਰੂਲਾਂ ਅਨੁਸਾਰ ਜਲਦੀ ਤੋਂ ਜਲਦੀ ਬੇਜ਼ਮੀਨੇ ਗਰੀਬ ਮਜ਼ਦੂਰਾਂ ਵਿੱਚ ਵੰਡ ਦਿੱਤੀ ਜਾਵੇ, ਡਾ ਕਰੀਮਪੁਰੀ ਨੇ ਇਹ ਵੀ ਕਿਹਾ ਕਿ ਪੂਰੇ ਪੰਜਾਬ ਵਿੱਚ ਲਗਭਗ 9 ਲੱਖ ਏਕੜ ਸਰਕਾਰੀ ਜਮੀਨ ਪਈ ਹੈ ਜਿਸ ਨੂੰ ਤੁਰੰਤ ਬੇਜ਼ਮੀਨੇ ਗਰੀਬਾਂ, ਮਜਦੂਰਾਂ ਦਲਿਤਾ ਵਿੱਚ ਵੰਡ ਦਿੱਤੀ ਜਾਵੇ ਉਹਨਾਂ ਇਹ ਵੀ ਕਿਹਾ ਕਿ ਜੇਕਰ ਆਮ ਆਦਮੀ ਪਾਰਟੀ ਦੀ ਸਰਕਾਰ ਇਹ ਸਰਕਾਰੀ ਜਮੀਨ ਬੇਜਮੀਨੇ ਲੋਕਾਂ ਵਿੱਚ ਨਹੀਂ ਵੰਡ ਕਰਦੀ ਤਾਂ 2027 ਵਿੱਚ ਬਹੁਜਨ ਸਮਾਜ ਪਾਰਟੀ ਦੀ ਸਰਕਾਰ ਬਣਨ ਉਪਰੰਤ ਪਹਿਲ ਦੇ ਅਧਾਰ ਤੇ ਬੇਜ਼ਮੀਨੇ ਲੋਕਾਂ ਵਿੱਚ ਸਰਕਾਰੀ ਜਮੀਨ ਵੰਡਣ ਦਾ ਕੰਮ ਕਰੇਗੀ। ਉਹਨਾਂ ਇਹ ਵੀ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਆਦਮੀ ਦੀ ਕੋਈ ਗੱਲ ਨਹੀਂ ਕਰਦੀ ਸਗੋਂ ਜਮੀਨ ਵੰਡਣ ਦੇ ਮਾਮਲੇ ਦੇ ਵਿੱਚ ਉਹ ਰਾਜਾਸਾਹੀ ਸਿਸਟਮ ਨਾਲ ਖੜੀ ਹੈ, ਜਦ ਕਿ ਬਸਪਾ ਬੇਜਮੀਨੇ ਲੋਕਾਂ ਨਾਲ ਡੱਟ ਕੇ ਖੜੀ ਹੈ। ਡਾ ਅਵਤਾਰ ਸਿੰਘ ਕਰੀਮਪੁਰੀ ਨੇ ਪ੍ਰੈਸ ਦੇ ਰੂਬਰੂ ਹੁੰਦੇ ਹੋਏ ਇਹ ਵੀ ਕਿਹਾ ਕਿ ਇਸ ਮਸਲੇ ਨੂੰ ਬਹੁਜਨ ਸਮਾਜ ਪਾਰਟੀ ਨੇ ਸੰਜੀਦਗੀ ਨਾਲ ਲੈਂਦੇ ਹੋਏ ਬੇਜ਼ਮੀਨੇ ਲੋਕਾਂ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਨ ਦੇ ਲਈ 27 ਮਈ ਨੂੰ ਜਲੰਧਰ ਵਿਖੇ ਸੂਬਾ ਪੱਧਰੀ ਮੀਟਿੰਗ ਸੱਦ ਲਈ ਹੈ ਜਿਸ ਵਿੱਚ ਅਗਲੇ ਐਕਸ਼ਨ ਦਾ ਐਲਾਨ ਹੋਵੇਗਾ। ਇਸ ਸਮੇਂ ਸਤਿਗੁਰ ਸਿੰਘ ਕੌਹਰੀਆਂ ਜਿਲਾ ਪ੍ਰਧਾਨ ਸੰਗਰੂਰ, ਡਾ ਸਰਬਜੀਤ ਸਿੰਘ ਖੇੜੀ ਜਿਲਾ ਪ੍ਰਧਾਨ ਬਰਨਾਲਾ, ਜਗਤਾਰ ਸਿੰਘ ਨਾਰੀਕੇ ਜਿਲ੍ਹਾ ਪ੍ਰਧਾਨ ਮਲੇਰਕੋਟਲਾ, ਬੀਬੀ ਬਲਜੀਤ ਕੌਰ ਪ੍ਰਧਾਨ ਇਸਤਰੀ ਵਿੰਗ, ਨਿਰਮਲ ਸਿੰਘ ਮੱਟੂ, ਪਵਿੱਤਰ ਸਿੰਘ ਸੀਨੀਅਰ ਬਸਪਾ ਆਗੂ, ਡਾ ਮਿੱਠੂ ਸਿੰਘ ਖੇਤਲਾ, ਰਾਮਪਾਲ ਸਿੰਘ ਮਹਿਲਾਂ, ਰਾਮ ਸਿੰਘ ਲੌਂਗੋਵਾਲ, ਸੂਬੇਦਾਰ ਰਣਧੀਰ ਸਿੰਘ ਨਾਗਰਾ, ਮਿੱਠਾ ਸਿੰਘ ਬਾਲੀਆਂ, ਗੁਰਦੇਵ ਸਿੰਘ ਘਾਬਦਾਂ, ਅਮਰੀਕ ਸਿੰਘ ਕੈਂਥ, ਭੋਲਾ ਸਿੰਘ ਧਰਮਗੜ੍ਹ, ਚਰਨਜੀਤ ਸਿੰਘ, ਗੁਰਮੇਲ ਸਿੰਘ ਧੂਰੀ, ਪ੍ਰੀਤਮ ਸਿੰਘ ਛੰਨਾ, ਗੁਰਮੇਲ ਸਿੰਘ ਰੰਗੀਲਾ,ਦੇਸ ਰਾਜ ਸੁਨਾਮ, ਪਰਮਜੀਤ ਸਿੰਘ ਲੌਂਗੋਵਾਲ, ਨਾਹਰ ਸਿੰਘ, ਦਵਿੰਦਰ ਸਿੰਘ ਬਿੱਟੂ, ਨਿੱਕਾ ਸਿੰਘ ਹਸਨਪੁਰ, ਰਾਮ ਕ੍ਰਿਸ਼ਨ ਬਡਰੁੱਖਾ, ਜਗਰੂਪ ਸਿੰਘ ਪੱਖੋਂਕੇ ਦਰਸ਼ਨ ਸਿੰਘ ਤਪਾ, ਸੁਖਵਿੰਦਰ ਸਿੰਘ ਭਦੌੜ, ਤਾਰਾ ਸਿੰਘ ਰੋਹੀੜਾ, ਹਰਪਾਲ ਸਿੰਘ ਅਮਾਮਗੜ੍ਹ, ਡਾ ਰਾਜ ਕੁਮਾਰ ਹਲਕਾ ਪ੍ਰਧਾਨ ਲਹਿਰਾ, ਅਮਨ ਬੋਧ ਹਲਕਾ ਇੰਚਾਰਜ ਲਹਿਰਾ, ਦਰਸ਼ਨ ਸਿੰਘ ਬਾਜਵਾ, ਸੋਮਾ ਸਿੰਘ ਗੰਡੇਵਾਲ, ਹਰਬੰਸ ਸਿੰਘ ਛੀਨੀਵਾਲ, ਭੋਲਾ ਸਿੰਘ ਛੀਨੀਵਾਲ ਕਲਾਂ, ਪਵਨ ਸਿੰਘ ਲੱਡਾ, ਕੇਸਰ ਸਿੰਘ ਸਿਬੀਆਂ, ਦਰਬਾਰਾ ਸਿੰਘ, ਹਰਪਾਲ ਸਿੰਘ ਮੌਜੂਦ ਸਨ।

# ਕਿਸੇ ਵੀ ਅਦਾਲਤ ਨੂੰ 'ਹੇਠਲੀ' ਕਹਿਣਾ ਸੰਵਿਧਾਨ ਕਦਰਾਂ-ਕੀਮਤਾਂ ਦੇ ਵਿਰੁਧ : ਸੁਪਰੀਮ ਕੋਰਟ



"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਸੁਪਰੀਮ ਕੋਰਟ ਨੇ ਸ਼ੁਕਰਵਾਰ ਨੂੰ ਕਿਹਾ ਕਿ ਕਿਸੇ ਵੀ ਅਦਾਲਤ ਨੂੰ 'ਹੇਠਲੀ' ਅਦਾਲਤ ਦਸਣਾ ਸੰਵਿਧਾਨਕ ਸਿਧਾਂਤਾਂ ਦੇ ਵਿਰੁਧ ਹੈ। ਜਸਟਿਸ ਅਭੈ ਐਸ. ਓਕਾ ਅਤੇ ਜਸਟਿਸ ਅਗਸਟੀਨ ਜਾਰਜ ਮਸੀਹ ਨੇ 1981 ਦੇ ਕਤਲ ਕੇਸ 'ਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਦੋ ਮੁਲਜ਼ਮਾਂ ਨੂੰ ਬਰੀ ਕਰਦੇ ਹੋਏ ਇਹ ਟਿਪਣੀ ਕੀਤੀ।

ਬੈਂਚ ਲਈ ਫੈਸਲਾ ਲਿਖਣ ਵਾਲੇ ਜਸਟਿਸ ਓਕਾ ਨੇ ਕਿਹਾ, ''ਫੈਸਲਾ ਸੁਣਾਉਣ ਤੋਂ ਪਹਿਲਾਂ ਅਸੀਂ 8 ਫ਼ਰਵਰੀ, 2024 ਦੇ ਹੁਕਮ 'ਚ ਜਾਰੀ ਹੁਕਮ ਨੂੰ ਦੁਹਰਾਉਂਦੇ ਹਾਂ ਕਿ ਟਰਾਇਲ ਅਦਾਲਤ ਦੇ ਰੀਕਾਰਡ ਨੂੰ 'ਹੇਠਲੀ ਅਦਾਲਤ ਦਾ ਰੀਕਾਰਡ' ਨਹੀਂ ਕਿਹਾ ਜਾਣਾ ਚਾਹੀਦਾ। ਕਿਸੇ ਵੀ ਅਦਾਲਤ ਨੂੰ ਹੇਠਲੀ ਅਦਾਲਤ ਦਸਣਾ ਸਾਡੇ ਸੰਵਿਧਾਨ ਦੇ ਸਿਧਾਂਤਾਂ ਦੇ ਵਿਰੁਧ ਹੈ।''

ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਦੀ ਰਜਿਸਟਰੀ ਨੇ ਇਸ ਹੁਕਮ ਨੂੰ ਲਾਗੂ ਕਰਨ ਲਈ ਪਿਛਲੇ ਸਾਲ ਫ਼ਰਵਰੀ 'ਚ ਇਕ ਸਰਕੂਲਰ ਜਾਰੀ ਕੀਤਾ ਸੀ।

# ਦਿੱਲੀ ਸਰਕਾਰ ਨੇ ਕੋਰੋਨਾ ਸਬੰਧੀ ਐਡਵਾਈਜ਼ਰੀ ਕੀਤੀ ਜਾਰੀ, ਮਾਸਕ ਪਹਿਨਣਾ ਯਕੀਨੀ ਬਣਾਉਣ ਦੀ ਅਪੀਲ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਦਿੱਲੀ ਸਰਕਾਰ ਨੇ ਕੋਰੋਨਾ ਇਨਫੈਕਸ਼ਨ ਦੇ ਮੱਦੇਨਜ਼ਰ ਇੱਕ ਐਡਵਾਈਜ਼ਰੀ ਜਾਰੀ ਕੀਤੀ ਹੈ। ਇਸ ਤਹਿਤ ਹਸਪਤਾਲਾਂ ਨੂੰ ਬਿਸਤਰੇ, ਆਕਸੀਜਨ, ਦਵਾਈਆਂ ਅਤੇ ਟੀਕਿਆਂ ਦੀ ਉਪਲਬਧਤਾ ਲਈ ਤਿਆਰੀ ਕਰਨ ਲਈ ਕਿਹਾ ਗਿਆ ਹੈ। ਸਾਰੇ ਪਾਜ਼ੀਟਿਵ ਨਮੂਨਿਆਂ ਨੂੰ ਜੀਨੋਮ ਸੀਕਵੈਂਸਿੰਗ ਲਈ ਲੋਕ ਨਾਇਕ ਹਸਪਤਾਲ ਭੇਜਣ ਲਈ ਕਿਹਾ ਗਿਆ ਹੈ।

ਕੋਰੋਨਾ ਨੂੰ ਲੈ ਕੇ ਹਦਾਇਤਾਂ ਜਾਰੀ

ਹਸਪਤਾਲ ਦੀ ਤਿਆਰੀ ਜਿਸ ਵਿੱਚ ਬਿਸਤਰੇ, ਆਕਸੀਜਨ, ਐਂਟੀਬਾਇਓਟਿਕਸ ਅਤੇ ਹੋਰ ਦਵਾਈਆਂ, ਟੀਕੇ ਦੀ ਉਪਲਬਧਤਾ ਸ਼ਾਮਲ ਹੈ। ਇਸ ਤੋਂ ਇਲਾਵਾ, ਸਾਰੇ ਉਪਕਰਣ ਜਿਵੇਂ ਕਿ ਵੈਂਟੀਲੇਟਰ, ਬਾਈ-ਪੀਏਪੀ, ਆਕਸੀਜਨ





ਕੰਸਨਟ੍ਰੇਟਰ ਅਤੇ ਪੀਐਸਏ ਪਲਾਂਟ ਆਦਿ ਸਹੀ ਅਤੇ ਕੰਮ ਕਰਨ ਵਾਲੀ ਸਥਿਤੀ ਵਿੱਚ ਹੋਣੇ ਚਾਹੀਦੇ ਹਨ।

ਸਟਾਫ਼ ਨੂੰ ਸਿਖਲਾਈ ਦਿੱਤੀ ਜਾਣੀ ਚਾਹੀਦੀ ਹੈ।

ਇਹਨਾਂ ਮਾਮਲਿਆਂ ਦੀ ਰਿਪੋਰਟ ਸਾਰੇ ਸਿਹਤ ਕੇਂਦਰਾਂ (OPD/IPD) ਵਿੱਚ ਰੋਜ਼ਾਨਾ ਕੀਤੀ ਜਾਣੀ ਚਾਹੀਦੀ ਹੈ।

ਦਿੱਲੀ ਸਟੇਟ ਹੈਲਥ ਡਾਟਾ ਮੈਨੇਜਮੈਂਟ ਪੋਰਟਲ 'ਤੇ ਰੋਜ਼ਾਨਾ ਸਾਰੀ ਜ਼ਰੂਰੀ ਜਾਣਕਾਰੀ ਭੇਜੋ।

ਕੋਵਿਡ-19 ਟੈਸਟਿੰਗ ਦਿਸ਼ਾ-ਨਿਰਦੇਸ਼ਾਂ ਅਨੁਸਾਰ ਢੁਕਵੀਂ ਜਾਂਚ ਯਕੀਨੀ ਬਣਾਓ।

ਜੀਨੋਮ ਸੀਕਵੈਂਸਿੰਗ ਲਈ ਲੋਕਨਾਇਕ ਹਸਪਤਾਲ ਭੇਜੋ

ਸਾਰੇ ਹਸਪਤਾਲਾਂ ਅਤੇ ਸਿਹਤ ਕੇਂਦਰਾਂ ਵਿੱਚ ਮਾਸਕ ਪਹਿਨਣਾ

ਦਿੱਲੀ ਸਰਕਾਰ ਤਿਆਰ ਹੈ- ਸਿਹਤ ਮੰਤਰੀ

ਇਸ ਤੋਂ ਪਹਿਲਾਂ, ਦਿੱਲੀ ਦੇ ਸਿਹਤ ਮੰਤਰੀ ਪੰਕਜ ਕੁਮਾਰ ਸਿੰਘ ਨੇ ਕਿਹਾ, "ਕੱਲ੍ਹ ਤੱਕ, ਦਿੱਲੀ ਵਿੱਚ ਕੋਰੋਨਾ ਦੇ ਕੁੱਲ 23 ਮਾਮਲੇ ਸਾਹਮਣੇ ਆਏ ਸਨ। ਇਹ ਨਿੱਜੀ ਲੈਬਾਂ ਤੋਂ ਆਏ ਹਨ। ਦਿੱਲੀ ਸਰਕਾਰ ਪਹਿਲਾਂ ਇਹ ਦੇਖਣਾ ਚਾਹੁੰਦੀ ਹੈ ਕਿ ਇਹ ਮਰੀਜ਼ ਦਿੱਲੀ ਦੇ ਸਨ ਜਾਂ ਦਿੱਲੀ ਤੋਂ ਬਾਹਰੋਂ ਆਏ ਸਨ। ਇਹ ਇੱਕ ਵੱਖਰਾ ਮਾਮਲਾ ਹੈ। ਦੂਜਾ, ਤਿਆਰੀ ਵਜੋਂ, ਅਸੀਂ ਆਪਣੇ ਸਾਰੇ ਮੈਡੀਕਲ ਸੁਪਰਡੈਂਟਾਂ ਨਾਲ ਗੱਲ ਕੀਤੀ ਹੈ। ਡਾਕਟਰਾਂ ਦੀਆਂ ਸਾਰੀਆਂ ਟੀਮਾਂ ਨਾਲ ਗੱਲ ਕੀਤੀ ਜਾ ਰਹੀ ਹੈ। ਦਿੱਲੀ ਸਰਕਾਰ ਕਿਸੇ ਵੀ ਚੀਜ਼ ਲਈ ਤਿਆਰ ਅਤੇ ਤਿਆਰ ਹੈ।"

'ਘਬਰਾਉਣ ਦੀ ਕੋਈ ਲੋੜ ਨਹੀਂ'

ਮੀਡੀਆ ਨਾਲ ਗੱਲਬਾਤ ਕਰਦਿਆਂ ਸਿਹਤ ਮੰਤਰੀ ਨੇ ਅੱਗੇ ਕਿਹਾ, "ਕਿਸੇ ਨੂੰ ਵੀ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਕਿਉਂਕਿ ਇਸ ਵੇਰੀਐਂਟ ਦੁਆਰਾ ਦਿਖਾਇਆ ਗਿਆ ਰੂਪ ਇੱਕ ਆਮ ਇਨਫਲੂਐਂਜ਼ਾ ਵਰਗਾ ਲੱਗਦਾ ਹੈ। ਬਾਕੀ ਰਿਪੋਰਟਾਂ ਤੁਹਾਡੇ ਕੋਲ ਲਿਆਂਦੀਆਂ ਜਾਣਗੀਆਂ। ਇਸ ਵੇਲੇ 23 ਮਰੀਜ਼ਾਂ ਨਾਲ ਸਭ ਕੁਝ ਠੀਕ ਹੈ। ਮੈਨੂੰ ਨਹੀਂ ਲੱਗਦਾ ਕਿ ਕਿਸੇ ਨੂੰ ਘਬਰਾਉਣ ਦੀ ਕੋਈ ਲੋੜ ਹੈ।"

'8 ਸੀਨੀਅਰ ਅਧਿਕਾਰੀ ਵਿਸ਼ੇਸ਼ ਤੌਰ 'ਤੇ ਤਾਇਨਾਤ ਸਨ'

ਹਸਪਤਾਲ ਕਿਸੇ ਵੀ ਐਮਰਜੈਂਸੀ ਲਈ ਤਿਆਰ ਹਨ। ਸਾਡੇ ਅੱਠ ਸੀਨੀਅਰ ਅਧਿਕਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਤਾਇਨਾਤ ਕੀਤਾ ਗਿਆ ਹੈ। ਉਹ ਹਰ ਰੋਜ਼ ਜਾਂਚ ਕਰਦਾ ਹੈ। ਮੈਂ ਹਰ ਰੋਜ਼ ਰਿਪੋਰਟਿੰਗ ਕਰਦਾ ਹਾਂ।

ਗੁਜਰਾਤ ਦੇ ਅਹਿਮਦਾਬਾਦ ਵਿਚ ਅੱਜ 20, ਉਤਰ ਪ੍ਰਦੇਸ਼ ਵਿਚ ਚਾਰ, ਹਰਿਆਣਾ ਵਿਚ ਪੰਜ ਤੇ ਬੰਗਲੁਰੂ ਵਿੱਚ ਨੌਂ ਮਹੀਨੇ ਦਾ ਬੱਚਾ ਕਰੋਨਾ ਪਾਜ਼ੇਟਿਵ ਆਏ ਹਨ। ਹੁਣ ਦੇਸ਼ ਵਿਚ ਕਰੋਨਾ ਦੇ 312 ਐਕਟਿਵ ਕੇਸ ਹਨ ਤੇ ਦੋ ਮੌਤਾਂ ਹੋ ਚੁੱਕੀਆਂ ਹਨ। ਦੂਜੇ ਪਾਸੇ ਦਿੱਲੀ ਸਰਕਾਰ ਨੇ ਕਰੋਨਾ ਨੂੰ ਲੈ ਕੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਹਨ। ਇਸ ਵੇਲੇ ਚੀਨ, ਥਾਈਲੈਂਡ, ਸਿੰਗਾਪੁਰ ਵਿਚ ਵੀ ਕਰੋਨਾ ਦੇ ਕੇਸ ਲਗਾਤਾਰ ਵਧ ਰਹੇ ਹਨ। ਸਿਹਤ ਮੰਤਰਾਲੇ ਨੇ ਲੋਕਾਂ ਨੂੰ ਮਾਸਕ ਪਾਉਣ ਦੀ ਅਪੀਲ ਕੀਤੀ ਹੈ।

# ਜੇ ਐਪਲ ਨੇ ਭਾਰਤ ਤੇ ਹੋਰ ਦੇਸ਼ਾਂ ਵਿੱਚ ਆਈਫੋਨ ਬਣਾਏ ਤਾਂ 25 ਫੀਸਦੀ ਟੈਕਸ ਲਾਵਾਂਗੇ: ਟਰੰਪ

## ਅਮਰੀਕੀ ਰਾਸ਼ਟਰਪਤੀ ਨੇ ਐਪਲ ਨੂੰ ਮੁੜ ਦਿੱਤੀ ਧਮਕੀ; ਅਮਰੀਕਾ ਵਿੱਚ ਹੀ ਆਈਫੋਨ ਦਾ ਨਿਰਮਾਣ ਕਰਨ 'ਤੇ ਜ਼ੋਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਅੱਜ ਮੁੜ ਐਪਲ ਨੂੰ ਧਮਕੀ ਦਿੱਤੀ ਹੈ ਕਿ ਜੇ ਉਨ੍ਹਾਂ ਨੇ ਆਈਫੋਨ ਭਾਰਤ ਜਾਂ ਕਿਸੇ ਹੋਰ ਦੇਸ਼ ਵਿਚ ਬਣਾਏ ਤਾਂ ਉਨ੍ਹਾਂ ਦੇ ਉਤਪਾਦਾਂ 'ਤੇ 25 ਫੀਸਦੀ ਟੈਕਸ ਲਾਇਆ ਜਾਵੇਗਾ। ਟਰੰਪ ਨੇ ਕਿਹਾ ਕਿ ਅਮਰੀਕਾ ਵਿਚ ਵੇਚੇ ਜਾਣ ਵਾਲੇ ਆਈਫੋਨ ਦਾ ਨਿਰਮਾਣ ਭਾਰਤ ਜਾਂ ਕਿਸੇ ਹੋਰ ਦੇਸ਼ ਦੀ ਥਾਂ ਅਮਰੀਕਾ ਵਿਚ ਹੀ ਹੋਣਾ ਚਾਹੀਦਾ ਹੈ। ਇਸ ਸਬੰਧੀ ਟਰੰਪ ਨੇ ਸੋਸ਼ਲ ਮੀਡੀਆ 'ਤੇ ਪੋਸਟ ਨਸ਼ਰ ਕੀਤੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਸ ਸਬੰਧੀ ਉਨ੍ਹਾਂ ਐਪਲ ਦੇ ਸੀਈਓ ਟਿਮ ਕੁੱਕ ਨੂੰ ਸਪਸ਼ਟ ਕਹਿ ਦਿੱਤਾ ਸੀ ਤੇ ਉਹ ਮੁੜ ਇਸ ਬਾਰੇ ਚਿਤਾਵਨੀ ਦੇ ਰਹੇ ਹਨ।

ਇਸ ਤੋਂ ਪਹਿਲਾਂ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਕਤਰ ਦੀ ਰਾਜਧਾਨੀ ਦੋਹਾ ਵਿੱਚ ਵਪਾਰਕ ਗੋਲਮੇਜ਼ ਸਮਾਗਮ ਦੌਰਾਨ ਭਾਰਤ ਵਿਚ ਐਪਲ ਦੇ ਵਧਦੇ ਉਤਪਾਦਨ 'ਤੇ ਇਤਰਾਜ਼ ਜਤਾਇਆ ਸੀ। ਟਰੰਪ ਨੇ ਕਿਹਾ ਕਿ ਉਨ੍ਹਾਂ ਨੇ ਐਪਲ ਦੇ ਸੀਈਓ ਟਿਮ ਕੁੱਕ ਨੂੰ ਸਪਸ਼ਟ ਸ਼ਬਦਾਂ ਵਿਚ ਕਿਹਾ ਕਿ ਉਹ ਭਾਰਤ ਵਿਚ ਆਪਣੇ ਨਿਰਮਾਣ ਕਾਰਜਾਂ ਦਾ ਵਿਸਥਾਰ ਨਾ ਕਰਨ, ਇਸ ਨਾਲ ਅਮਰੀਕਾ ਵਿਚ ਨੌਕਰੀਆਂ 'ਤੇ ਅਸਰ ਪਵੇਗਾ।

ਟਰੰਪ ਨੇ ਟਿਮ ਕੁੱਕ ਨੂੰ ਕਿਹਾ ਸੀ ਕਿ ਉਹ ਭਾਰਤ ਵਿਚ ਵਿਸਥਾਰ ਕਰਨ ਜਾ ਰਹੇ ਹਨ ਤੇ ਅਮਰੀਕਾ ਨੂੰ ਲਗਦਾ ਹੈ ਕਿ ਇਸ ਦੀ ਕੋਈ ਲੋੜ ਨਹੀਂ। ਉਹ ਨਹੀਂ ਚਾਹੁੰਦੇ ਕਿ ਉਹ ਭਾਰਤ ਵਿਚ ਵਿਸਥਾਰ ਕਰਨ। ਟਰੰਪ ਦਾ ਇਹ ਬਿਆਨ



ਉਸ ਵੇਲੇ ਆਇਆ ਸੀ ਜਦੋਂ ਐਪਲ ਦੇ ਸੀਈਓ ਟਿਮ ਕੁੱਕ ਨੇ ਕੁਝ ਦਿਨ ਪਹਿਲਾਂ ਕਿਹਾ ਸੀ ਕਿ ਹੁਣ ਅਮਰੀਕਾ ਵਿਚ ਵਿਕਣ ਵਾਲੇ ਪੰਜਾਹ ਫੀਸਦੀ ਆਈਫੋਨ ਭਾਰਤ ਵਿਚ ਬਣਾਏ ਜਾ ਰਹੇ ਹਨ।

# ਗੁਰੂ ਹਰ ਰਾਇ ਇੰਟੈਲੀਜੈਂਟ ਟ੍ਰੇਜ਼ਰ ਸਕੂਲ, ਗੁਰਦਾਸਪੁਰ ਵੱਲੋਂ UKG ਜਮਾਤ ਵਿੱਚ ਦਾਖਲਾ ਦੇਣ ਤੋਂ ਇਨਕਾਰ ਕਰ ਦਿੱਤਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਓਂਕਾਰ ਨਾਥ, (IAAA-1984), ਸਾਬਕਾ ਵਧੀਕ ਸੀ.ਏ.ਜੀ. ਅਤੇ ਕਨਵੀਨਰ, RTE Act 2009, ਪੰਜਾਬ ਨੇ ਜਾਣਕਾਰੀ ਸਾਂਝਾ ਕਰਦੇ ਦਸਿਆ ਕਿ ਭਾਰਤੀ ਸੰਸਦ ਦੇ ਕਾਨੂੰਨ ਅਤੇ ਹਾਈ ਕੋਰਟ ਦੇ ਹੁਕਮਾਂ ਦੇ ਬਾਵਜੂਦ ਗੁਰੂ ਹਰ ਰਾਇ ਇੰਟੈਲੀਜੈਂਟ ਟ੍ਰੇਜ਼ਰ ਸਕੂਲ, ਗੁਰਦਾਸਪੁਰ ਵੱਲੋਂ ਕਮਜ਼ੋਰ ਵਰਗ ਦੇ ਬੱਚੇ ਨੂੰ ਦਾਖਲਾ ਨਾ ਦੇਣਾ ਚਿੰਤਾ ਦਾ ਵਿਸ਼ਾ।

ਗੁਰੂ ਹਰ ਰਾਇ ਇੰਟੈਲੀਜੈਂਟ ਟ੍ਰੇਜ਼ਰ ਸਕੂਲ, ਧੰਦੋਈ, ਜ਼ਿਲ੍ਹਾ ਗੁਰਦਾਸਪੁਰ ਵੱਲੋਂ ਕਮਜ਼ੋਰ ਵਰਗ ਦੇ ਇੱਕ ਬੱਚੇ ਨੂੰ RTE ਐਕਟ, 2009 ਦੀ ਧਾਰਾ 12(1) (c) ਤਹਿਤ ਦਾਖਲਾ ਨਾ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ। ਇਹ ਗੱਲ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ 19.02.2025 ਨੂੰ ਜਾਰੀ ਕੀਤੇ ਫੈਸਲੇ ਦੀ ਸਿੱਧੀ ਉਲੰਘਣਾ ਹੈ।

ਇਹ ਪਤਾ ਲੱਗਾ ਹੈ ਕਿ ਅਗਮਪ੍ਰੀਤ ਨਾਮ ਦੇ ਇਸ ਬੱਚੇ ਨੂੰ ਉਪਰੋਕਤ ਸਕੂਲ ਵੱਲੋਂ UKG ਜਮਾਤ ਵਿੱਚ ਦਾਖਲਾ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ। ਅਗਮਪ੍ਰੀਤ ਦਾ ਪਿਤਾ ਰਵਿੰਦਰ ਸਿੰਘ ਪਿੰਡ ਧੰਦੋਈ, ਤਹਿਸੀਲ ਬਟਾਲਾ ਅਤੇ ਜ਼ਿਲਾ ਗੁਰਦਾਸਪੁਰ ਦਾ ਵਾਸੀ ਹੈ । ਉਸ ਵੱਲੋਂ ਸਕੂਲ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀ, ਗੁਰਦਾਸਪੁਰ ਦੇ ਦਫ਼ਤਰ ਦੇ ਕਈ ਵਾਰ ਚੱਕਰ ਲਗਾਏ ਗਏ । ਇਸ ਦੇ ਬਾਵਜੂਦ ਵੀ ਉਸ ਦੇ ਬੱਚੇ ਨੂੰ ਦਾਖਲਾ ਨਹੀਂ ਦਿੱਤਾ ਗਿਆ ।

ਇਹ ਘਟਨਾ ਸਿਰਫ਼ ਇੱਕ ਬੱਚੇ ਦੇ ਮੁੱਢਲੇ ਅਧਿਕਾਰ ਦੀ ਉਲੰਘਣਾ ਨਹੀਂ ਹੈ, ਸਗੋਂ ਨਿਆਂਪਾਲਿਕਾ ਦੇ ਹੁਕਮਾਂ ਦੀ ਜਾਣ ਬੁੱਝ ਕੇ ਨਾਫਰਮਾਨੀ ਅਤੇ ਉਲੰਘਣਾ ਵੀ ਹੈ। ਸ਼੍ਰੀ ਓਂਕਾਰ ਨਾਥ, ਸਾਬਕਾ ਵਧੀਕ ਸੀ.ਏ.ਜੀ, ਕਨਵੀਨਰ, RTE ਐਕਸ਼ਨ ਕਮੇਟੀ, ਪੰਜਾਬ, ਨੇ ਕਾਨੂੰਨੀ ਨੋਟਿਸ ਜਾਰੀ ਕਰ ਕੇ ਤੁਰੰਤ ਇਸ ਮਾਮਲੇ ਵਿੱਚ ਪੰਜਾਬ ਸਰਕਾਰ ਅਤੇ ਹੋਰ ਸੰਵਿਧਾਨਿਕ ਸੰਸਥਾਵਾਂ ਨੂੰ ਦਖਲ ਦੇਣ ਦੀ ਮੰਗ ਕੀਤੀ ਹੈ ਤਾਂ ਕਿ RTE Act ਅਤੇ ਮਾਣਯੋਗ ਹਾਈ ਕੋਰਟ ਦੇ ਹੁਕਮਾਂ ਅਨੁਸਾਰ ਇਨ੍ਹਾਂ ਬੱਚਿਆਂ ਦੇ ਦਾਖ਼ਲੇ ਨੂੰ ਯਕੀਨੀ ਬਣਾਇਆ ਜਾ ਸਕੇ ।

ਬੱਚਿਆਂ ਦੇ ਹੱਕਾਂ ਲਈ ਕੰਮ ਕਰ ਰਹੀ ਇਸ ਸੰਸਥਾ ਨੇ ਪੰਜਾਬ ਸਰਕਾਰ ਅਤੇ ਸਕੂਲ ਸਿੱਖਿਆ ਵਿਭਾਗ ਨੂੰ ਇਸ ਕਿਸਮ ਦੀ ਉਲੰਘਣਾ ਖਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਇਸ ਸੰਸਥਾ ਨੇ ਇਹ ਵੀ ਦੱਸਿਆ ਕਿ ਜੇਕਰ ਕਾਨੂੰਨ ਮੁਤਾਬਕ ਬੱਚਿਆਂ ਨੂੰ ਦਾਖਲੇ ਨਾ ਦਿੱਤੇ ਗਏ ਤਾਂ ਉਹ ਪੰਜਾਬ ਸਰਕਾਰ ਅਤੇ ਇਨ੍ਹਾਂ ਨਿੱਜੀ ਸਕੂਲਾਂ ਦੇ ਖਿਲਾਫ ਮਾਣਹਾਨੀ ਦਾ ਕੇਸ ਦਾਇਰ ਲਈ ਮਜਬੂਰ ਹੋਣਗੇ।

# ਝੀਂਡਾ ਬਣੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਰਾਣੀਆਂ ਜਨਰਲ ਸਕੱਤਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਐਚਐਸਜੀਪੀਸੀ) ਦੇ ਅਹੁਦੇਦਾਰਾਂ ਦੀ ਅੱਜ ਹੋਈ ਚੋਣ ਵਿਚ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੂੰ ਸਰਬਸੰਮਤੀ ਕਮੇਟੀ ਦਾ ਪ੍ਰਧਾਨ ਅਤੇ ਜਥੇਦਾਰ ਅੰਗਰੇਜ਼ ਸਿੰਘ ਕੰਬੋਜ ਰਾਣੀਆਂ ਨੂੰ ਜਨਰਲ ਸਕੱਤਰ ਚੁਣ ਲਿਆ ਗਿਆ ਹੈ। ਜਥੇਦਾਰ ਝੀਂਡਾ ਦੂਜੀ ਵਾਰ HSGPC ਦੇ ਪ੍ਰਧਾਨ ਬਣੇ ਹਨ।

ਗ਼ੌਰਤਲਬ ਹੈ ਕਿ ਐਚਐਸਜੀਪੀਸੀ ਦੇ ਹਾਊਸ ਦੀ ਚੋਣ ਬੀਤੇ ਜਨਵਰੀ ਮਹੀਨੇ ਦੌਰਾਨ ਹੋਈ ਸੀ, ਜਿਸ ਵਿਚ ਝੀਂਡਾ ਧੜੇ ਨੇ ਜਿੱਤ ਹਾਸਲ ਕੀਤੀ ਸੀ। ਇਸ ਤੋਂ ਬਾਅਦ ਕਮੇਟੀ ਦੀ 11 ਮੈਂਬਰੀ ਕਾਰਜਕਾਰਨੀ ਕਮੇਟੀ ਦੀ ਚੋਣ ਅੱਜ ਕੁਰੂਕਸ਼ੇਤਰ ਸਥਿਤ ਗੁਰਦੁਆਰਾ ਛੇਵੀਂ ਪਾਤਸ਼ਾਹੀ ਵਿਖੇ ਕਮੇਟੀ ਦੇ ਮੁੱਖ ਦਫ਼ਤਰ ਵਿਚ ਕੀਤੀ ਗਈ।

ਇਸ ਦੇ ਨਾਲ ਹੀ ਹੋਰ ਅਹੁਦੇਦਾਰਾਂ ਵਿਚ ਗੁਰਮੀਤ ਸਿੰਘ ਮੀਤਾ ਪੰਚਕੂਲਾ ਨੂੰ ਕਮੇਟੀ ਦਾ ਸੀਨੀਅਰ ਮੀਤ ਪ੍ਰਧਾਨ, ਗੁਰਬੀਰ ਸਿੰਘ ਰਾਦੌਰ ਨੂੰ ਮੀਤ ਪ੍ਰਧਾਨ ਅਤੇ ਬਲਵਿੰਦਰ ਸਿੰਘ ਭਿੰਡਰ ਕਾਂਗਥਲੀ ਨੂੰ ਸਕੱਤਰ ਚੁਣਿਆ ਗਿਆ ਹੈ।

ਕਮੇਟੀ ਦੇ ਪੰਜ ਅਹੁਦੇਦਾਰਾਂ ਤੋਂ ਇਲਾਵਾ 6 ਐਗਜ਼ੈਕਟਿਵ ਮੈਂਬਰਾਂ ਦੀ ਚੋਣ ਵੀ ਕੀਤੀ ਗਈ ਹੈ। ਇਨ੍ਹਾਂ ਵਿਚ ਕਰਨੈਲ ਸਿੰਘ ਨਿਮਨਾਬਾਦ, ਪਲਵਿੰਦਰ ਸਿੰਘ ਦਰਡ, ਕੁਲਦੀਪ ਸਿੰਘ ਮੁਲਤਾਨੀ, ਰੁਪਿੰਦਰ ਸਿੰਘ ਪੰਜੋਖਰਾ, ਜਗਤਾਰ ਸਿੰਘ ਮਾਨ ਅਤੇ ਟੀਪੀ ਸਿੰਘ ਸ਼ਾਮਲ ਹਨ।

## ਜਥੇਦਾਰ ਨਲਵੀ ਵੱਲੋਂ ਚੋਣ ਦਾ ਵਿਰੋਧ

ਦੂਜੇ ਪਾਸੇ ਜਥੇਦਾਰ ਦੀਦਾਰ ਸਿੰਘ ਨਲਵੀ ਨੇ ਅੱਜ ਹੋਈ ਅਹੁਦੇਦਾਰਾਂ ਦੀ ਚੋਣ ਉਤੇ ਨਾਖ਼ੁਸ਼ੀ ਜ਼ਾਹਰ ਕੀਤੀ ਹੈ। ਉਨ੍ਹਾਂ ਕਿਹਾ ਕਿ ਜਗਦੀਸ਼ ਸਿੰਘ ਝੀਡਾ ਨੂੰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਧਾਨ ਬਣਾ ਕੇ ‘ਲੋਕਤੰਤਰ ਦੀ ਹੱਤਿਆ’ ਕੀਤੀ ਗਈ ਹੈ।

ਅਕਾਲ ਪੰਥਕ ਮੋਰਚੇ ਨੇ ਚੋਣ ਵਿਚ ਧੱਕੇਸ਼ਾਹੀ ਦਾ ਦੋਸ਼



ਲਾਉਂਦਿਆਂ ਕਿਹਾ ਕਿ ਚੋਣ ਦੌਰਾਨ ਮੰਗ ਕਰਨ ’ਤੇ ਵੀ ਵੋਟਿੰਗ ਨਹੀਂ ਕਰਵਾਈ ਗਈ। ਇਸ ਲਈ ਮੋਰਚੇ ਨੇ ਅਦਾਲਤ ਵਿੱਚ ਜਾਣ ਦੀ ਚੇਤਾਵਨੀ ਦਿੱਤੀ ਹੈ। ਜਥੇਦਾਰ ਨਲਵੀ ਨੇ ਦੋਸ਼ ਲਾਇਆ ਕਿ ਇਹ ਸਾਰੀ ਕਾਰਵਾਈ ਹਰਿਆਣਾ ਸਰਕਾਰ ਦੀ ਸ਼ਹਿ ਉਤੇ ਕੀਤੀ ਗਈ ਹੈ।

ਉਨ੍ਹਾਂ ਦੋਸ਼ ਲਾਇਆ ਕਿ ਹਰਿਆਣਾ ਸਰਕਾਰ ਸਿੱਖਾਂ ਦੇ ਧਾਰਮਿਕ ਮਾਮਲਿਆਂ ਵਿਚ ਦਖ਼ਲਅੰਦਾਜ਼ੀ ਕਰ ਰਹੀ ਹੈ, ਜੋ ਸਰਾਸਰ ਗ਼ਲਤ ਹੈ।

# ਦਵਿੰਦਰ ਪਾਲ ਸਿੰਘ ਭੁੱਲਰ ਨੂੰ ਨਾ ਮਿਲੀ ਰਾਹਤ,

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਦਿੱਲੀ ਹਾਈ ਕੋਰਟ ਨੇ 1993 ਦੇ ਦਿੱਲੀ ਬੰਬ ਧਮਾਕੇ ਦੇ ਮਾਮਲੇ ਵਿਚ ਦੋਸ਼ੀ ਕਰਾਰ ਦਿੱਤੇ ਗਏ ਦਵਿੰਦਰ ਪਾਲ ਸਿੰਘ ਭੁੱਲਰ ਨੂੰ ਅੱਜ ਆਪਣੀ ਪੈਰੋਲ ਦੀ ਮਿਆਦ ਪੁੱਗਣ ਦੇ ਮੱਦੇਨਜ਼ਰ ਜੇਲ੍ਹ ਅਧਿਕਾਰੀਆਂ ਸਾਹਮਣੇ ਆਤਮ ਸਮਰਪਣ ਕਰਨ ਲਈ ਕਿਹਾ ਹੈ।

ਭੁੱਲਰ, ਜਿਸਦੀ ਪੈਰੋਲ ਦੀ ਮਿਆਦ ਸ਼ੁੱਕਰਵਾਰ ਨੂੰ ਖਤਮ ਹੋ ਰਹੀ ਸੀ, ਨੇ ਇਸ ਆਧਾਰ ‘ਤੇ ਛੋਟ ਦੀ



ਮੰਗ ਕੀਤੀ ਕਿ ਉਹ ਗੰਭੀਰ ਸ਼ਾਈਜ਼ੋਫਰੀਨੀਆ ਤੋਂ ਪੀੜਤ ਹੈ ਅਤੇ ਇਸ ਸਬੰਧੀ ਜ਼ੇਰੇ-ਇਲਾਜ ਹੈ।

ਜਸਟਿਸ ਗਿਰੀਸ਼ ਕਠਪਾਲੀਆ ਨੇ ਕਿਹਾ ਕਿ ਜੇਲ੍ਹ ਵਿੱਚ ਵੀ ਢੁਕਵਾਂ ਉਪਲਬਧ ਹੈ। ਜੱਜ ਨੇ ਭੁੱਲਰ ਦੇ ਵਕੀਲ ਨੂੰ ਕਿਹਾ “ਤੁਸੀਂ ਆਤਮ ਸਮਰਪਣ ਕਰੋ।” ਇਸ ਤੋਂ ਬਾਅਦ ਵਕੀਲ ਆਤਮ ਸਮਰਪਣ ਤੋਂ ਛੋਟ ਦੀ ਮੰਗ ਕਰਨ ਵਾਲੀ ਅਰਜ਼ੀ ਵਾਪਸ ਲੈਣ ਲਈ ਸਹਿਮਤ ਹੋ ਗਏ।

ਅਦਾਲਤ ਨੇ ਆਪਣੇ ਆਦੇਸ਼ ਵਿੱਚ ਦਰਜ ਕੀਤਾ ਕਿ ਕੁਝ ਪੇਸ਼ਕਾਰੀਆਂ ਤੋਂ ਬਾਅਦ ਉਸਦੇ ਵਕੀਲ ਨੇ ਪਟੀਸ਼ਨ ਵਾਪਸ ਲੈਣ ਦੀ ਮੰਗ ਕੀਤੀ ਅਤੇ ਭਰੋਸਾ ਦਿੱਤਾ ਕਿ ਭੁੱਲਰ ਦਿਨ ਦੇ ਦੌਰਾਨ ਆਤਮ ਸਮਰਪਣ ਕਰ ਦੇਵੇਗਾ। ਅਦਾਲਤ ਨੇ ਕਿਹਾ, “ਅਰਜ਼ੀ ਨੂੰ ਵਾਪਸ ਲੈ ਲਏ ਜਾਣ ਤਹਿਤ ਰੱਦ ਕੀਤਾ ਜਾਂਦਾ ਹੈ।”

ਭੁੱਲਰ ਦੇ ਵਕੀਲ ਨੇ ਕਿਹਾ ਸੀ ਕਿ ਉਸਦਾ ਮੁਵੱਕਿਲ ਬੈਰਕਾਂ ਵਿੱਚ ਵੀ ਨਹੀਂ ਜਾਂਦਾ ਸੀ ਅਤੇ ਹਮੇਸ਼ਾ ਹਸਪਤਾਲ ਵਿੱਚ ਰਹਿੰਦਾ ਸੀ ਅਤੇ ਪੈਰੋਲ ‘ਤੇ ਬਾਹਰ ਹੋਣ ‘ਤੇ ਵੀ ਉਹ ਹਰ ਹਫ਼ਤੇ ਜੇਲ੍ਹ ਨਾਲ ਜੁੜੇ ਹਸਪਤਾਲ ਵਿੱਚ ਆਪਣੀ ਹਾਜ਼ਰੀ ਲਵਾਉਂਦਾ ਸੀ। -ਪੀਟੀਆਈ

# ਨਸ਼ਾ ਮੁਕਤੀ ਯਾਤਰਾ- ਕੈਬਨਿਟ ਮੰਤਰੀ ਹਰਪਾਲ ਚੀਮਾ ਦੀ ਅਗਵਾਈ ਵਿੱਚ ਹਲਕਾ ਦਿੜ੍ਹਬਾ ਵਾਸੀਆਂ ਨੂੰ ਨਸ਼ਿਆਂ ਦੇ ਖਾਤਮੇ ਦਾ ਸੱਦਾ

## ਹਲਕੇ ਦੇ ਵੱਖੋ-ਵੱਖ ਪਿੰਡਾਂ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਦਿੜ੍ਹਬਾ, 23 ਮਈ, 2025: ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਕੀਤੀ ਜਾ ਰਹੀ ਨਸ਼ਾ ਮੁਕਤੀ ਯਾਤਰਾ ਜ਼ਰੀਏ ਕੈਬਨਿਟ ਮੰਤਰੀ ਸ਼੍ਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ ਹਲਕਾ ਦਿੜ੍ਹਬਾ ਦੇ ਪਿੰਡ ਕਣਕਵਾਲ ਭੰਗੂਆਂ, ਗੋਬਿੰਦਗੜ੍ਹ ਜੇਜੀਆਂ, ਭੈਣੀ ਗੰਢੂਆਂ, ਦਿੜ੍ਹਬਾ ਦੇ ਵਾਰਡ ਨੰਬਰ ਇੱਕ ਅਤੇ ਦੋ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ ਤੇ ਇਸ ਸਮੂਹ ਹਾਜ਼ਰੀਨ ਨੂੰ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਜੰਗੀ ਪੱਧਰ ਉੱਤੇ ਕੰਮ ਕਰਨ ਵਾਸਤੇ ਪ੍ਰੇਰਿਆ ਗਿਆ।

ਇਹਨਾਂ ਮੀਟਿੰਗਾਂ ਦੌਰਾਨ ਸੰਬੋਧਨ ਕਰਦਿਆਂ

ਚੇਅਰਮੈਨ, ਇੰਪਰੂਵਮੈਂਟ ਟਰਸਟ, ਸੰਗਰੂਰ ਸ. ਪ੍ਰੀਤਮ ਸਿੰਘ ਪੀਤੂ, ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਦੇ ਓ.ਐੱਸ.ਡੀ. ਤਪਿੰਦਰ ਸੋਹੀ ਅਤੇ ਮਾਰਕਿਟ ਕਮੇਟੀ ਦਿੜ੍ਹਬਾ ਦੀ ਚੇਅਰਪਰਸਨ ਸ੍ਰੀਮਤੀ ਜਸਵੀਰ ਕੌਰ ਸ਼ੇਰਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚੋ ਨਸ਼ਿਆਂ ਤੇ ਨਸ਼ਾ ਤਸਕਰਾਂ ਦੇ ਖਾਤਮੇ ਤੱਕ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਜੋਸ਼ੋ ਖਰੋਸ਼ ਨਾਲ ਜਾਰੀ ਰਹੇਗੀ।

ਉਹਨਾਂ ਕਿਹਾ ਕਿ ਪਿੰਡਾਂ ਵਿੱਚ ਪੇਂਡੂ ਡਿਫੈਂਸ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਅਤੇ ਸਾਰੇ ਹੀ ਵਰਗ, ਇਸ ਸਮਾਜਕ ਬੁਰਾਈ ਦੇ ਖਾਤਮੇ ਲਈ ਵਧ ਚੜ੍ਹ ਕੇ ਅੱਗੇ ਆ ਰਹੇ ਹਨ, ਜੋ ਕਿ ਬਹੁਤ ਸ਼ਲਾਘਾਯੋਗ ਹੈ। ਉਨ੍ਹਾਂ ਨੇ ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਉਹ ਪਿੰਡਾਂ ਦੇ ਪਹਿਰੇਦਾਰ ਵਜੋਂ ਕੰਮ ਕਰ ਕੇ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਫਸੇ ਲੋਕਾਂ ਦੇ ਇਲਾਜ ਤੇ ਪੁਨਰਵਾਸ ਲਈ ਸਰਕਾਰ ਦਾ ਸਹਿਯੋਗ ਕਰਨ ਤਾਂ ਜੋ ਨਸ਼ਾ ਪੀੜਤਾਂ ਨੂੰ ਤੰਦਰੁਸਤ ਕਰ ਕੇ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕੀਤਾ ਜਾ ਸਕੇ।

ਇਸ ਮੌਕੇ ਪਿੰਡਾਂ ਦੇ ਲੋਕਾਂ ਨੂੰ ਸਿਹਤ, ਪੁਲਿਸ ਤੇ ਪੇਂਡੂ ਵਿਕਾਸ ਵਿਭਾਗਾਂ ਦੇ ਵੱਖ-ਵੱਖ ਬੁਲਾਰਿਆਂ ਨੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਅਤੇ ਨਸ਼ਿਆਂ ਦੀ ਰੋਕਥਾਮ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਵੱਖ-ਵੱਖ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਲੋਕਾਂ ਨੂੰ ਨਸ਼ੇ ਨਾ ਕਰਨ ਤੇ ਨਸ਼ਿਆਂ ਦੇ ਖਾਤਮੇ ਦੀ ਸਹੁੰ ਵੀ ਚੁਕਾਈ ਗਈ।

ਇਸ ਮੌਕੇ ਕੋਆਰਡੀਨੇਟਰ ਹਰਪ੍ਰੀਤ ਸਿੰਘ ਜੱਗਾ, ਬਲਾਕ ਪ੍ਰਧਾਨ ਹਰਪਾਲ ਸਿੰਘ, ਪ੍ਰਧਾਨ ਮਨਿੰਦਰ ਘੁਮਾਣ, ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਵੱਖੋ ਵੱਖ ਅਹੁਦੇਦਾਰ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

# ਉਬਾਲਣ ਮਗਰੋਂ ਦੁੱਧ ਪਲਾਸਟਿਕ ਵਰਗਾ ਗਾੜ੍ਹਾ ਹੋਣ ’ਤੇ ਹੰਗਾਮਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਖੰਨਾ, 23 ਮਈ

ਸ਼ਹਿਰ ਵਿਚ ਨਕਲੀ ਦੁੱਧ ਮਿਲਣ ਦੀ ਸ਼ਿਕਾਇਤ ਉਪਰੰਤ ਸਿਹਤ ਵਿਭਾਗ ਹਰਕਤ ਵਿਚ ਆ ਗਿਆ ਅਤੇ ਵਿਭਾਗ ਵੱਲੋਂ ਸ਼ਹਿਰ ਦੇ ਕਈ ਇਲਾਕਿਆਂ ਵਿਚ ਦੁੱਧ ਦੀ ਜਾਂਚ ਸ਼ੁਰੂ ਕੀਤੀ ਗਈ। ਨਕਲੀ ਦੁੱਧ ਦਾ ਮਾਮਲਾ ਉਦੋਂ ਉਜਾਗਰ ਹੋਇਆ ਜਦੋਂ ਇਥੋਂ ਦੇ ਰਤਨਹੇੜੀ ਫਾਟਕਾਂ ਤੋਂ ਪਾਰ ਇਲਾਕੇ ਦੀ ਇਕ ਔਰਤ ਵੱਲੋਂ ਘਰਾਂ ਵਿਚ ਦੁੱਧ ਸਪਲਾਈ ਕਰਨ ਵਾਲੇ ਦੋਧੀ ਤੋਂ ਦੁੱਧ ਲੈ ਕੇ ਉਬਾਲਣਾ ਸ਼ੁਰੂ ਕੀਤਾ ਗਿਆ ਤਾਂ ਦੁੱਧ ਉਬਲਣ ਤੋਂ ਬਾਅਦ ਪਲਾਸਟਿਕ ਵਰਗੀ ਗਾੜ੍ਹੀ ਚੀਜ਼ ਵਿਚ ਬਦਲ ਗਿਆ।

ਇਸ ’ਤੇ ਔਰਤ ਨੇ ਮਿਲਾਵਟੀ ਦੁੱਧ ਦੀ ਵੀਡੀਓ ਬਣਾ ਕੇ ਸੋਸ਼ਲ ਮੀਡੀਆ ’ਤੇ ਵਾਇਰਲ ਕਰ ਦਿੱਤੀ ਜਿਸ ਉਪਰੰਤ ਇਕ ਸਮਾਜ ਸੇਵਕ ਔਰਤ ਦੇ ਘਰ ਪਹੁੰਚਿਆ ਅਤੇ ਸਿਹਤ ਵਿਭਾਗ ਨੂੰ ਇਸ ਦੀ ਸ਼ਿਕਾਇਤ ਕੀਤੀ। ਸਿਹਤ ਵਿਭਾਗ ਦੀ ਟੀਮ ਨੇ ਦੁੱਧ ਦੀ ਨਮੂਨੇ ਲੈ ਕੇ ਜਾਂਚ ਲਈ ਲੈਬ ਵਿਚ ਭੇਜ ਦਿੱਤੇ ਹਨ।



**ਉਬਲਣ ਮਗਰੋਂ ਪਲਾਸਟਿਕ ਵਰਗਾ ਗਾੜ੍ਹਾ ਹੋਇਆ ਦੁੱਧ।**

ਦੂਜੇ ਪਾਸੇ ਇਲਾਕੇ ਦੇ ਗੁੱਸੇ ਵਿਚ ਆਏ ਲੋਕਾਂ ਨੇ ਸਿਹਤ ਵਿਭਾਗ ਖਿਲਾਫ਼ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਸਰਕਾਰ ਨੂੰ ਮਿਲਾਵਟਖੋਰਾਂ ਵਿਰੁੱਧ ਸਖਤ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਨਰਮੀ ਕਰਕੇ ਲੋਕ ਮਿਲਾਵਟੀ ਦੁੱਧ ਪੀਣ ਲਈ ਮਜਬੂਰ ਹਨ।

ਲੋਕਾਂ ਦੀਆਂ ਸ਼ਿਕਾਇਤਾਂ ਉਪਰੰਤ ਲੁਧਿਆਣਾ ਤੋਂ ਖੰਨਾ ਪੁੱਜੀ ਸਿਹਤ ਵਿਭਾਗ ਦੀ ਟੀਮ ਨੇ ਦੋਧੀ ਕੋਲ ਮੌਜੂਦ ਦੁੱਧ ਦੇ ਨਮੂਨੇ ਇੱਕਠੇ ਕੀਤੇ ਅਤੇ ਫਿਰ ਨੇੜਲੇ ਪਿੰਡ ਤੇ ਉਸ ਦੇ ਘਰ ਛਾਪਾ ਮਾਰਿਆ ਜਿੱਥੋਂ ਦੁੱਧ ਦੇ ਨਮੂਨੇ ਇੱਕਠੇ ਕੀਤੇ।

ਇਸੇ ਤਰ੍ਹਾਂ ਟੀਮ ਖਟੀਕਾਂ ਮੁਹੱਲਾ ਗਊਸ਼ਾਲਾ ਰੋਡ ’ਤੇ ਇਕ ਡੇਅਰੀ ਤੋਂ ਨਮੂਨੇ ਲੈਣ ਪੁੱਜੀ ਜਿੱਥੋਂ ਦੋਧੀ ਰੋਜ਼ਾਨਾ ਦੁੱਧ ਖ਼ਰੀਦਦਾ ਸੀ ਅਤੇ ਅੱਗੇ ਸਪਲਾਈ ਕਰਦਾ ਸੀ। ਡੇਅਰੀ ਸੰਚਾਲਕ ਨੇ ਕਿਹਾ ਕਿ ਉਹ ਡੇਢ ਸਾਲ ਤੋਂ ਦੋਧੀ ਨੂੰ ਦੁੱਧ ਸਪਲਾਈ ਕਰ ਰਿਹਾ ਹੈ ਅਤੇ ਉਸ ਦੇ ਦੁੱਧ ਵਿਚ ਕੋਈ ਮਿਲਾਵਟ ਨਹੀਂ ਹੈ। ਉਹ ਜਾਂਚ ਵਿਚ ਪੂਰੀ ਤਰ੍ਹਾਂ ਸਿਹਤ ਵਿਭਾਗ ਨੂੰ ਸਹਿਯੋਗ ਦੇਣ ਲਈ ਤਿਆਰ ਹੈ।

ਮਿਲਾਵਟੀ ਦੁੱਧ ਦਾ ਪਰਦਾਪਾਸ਼ ਕਰਨ ਵਾਲੀ ਔਰਤ ਅਰਸ਼ ਨੇ ਕਿਹਾ ਕਿ ਉਸ ਦਾ ਪਰਿਵਾਰ ਕਿਤੇ ਬਾਹਰ ਗਿਆ ਹੋਇਆ ਸੀ, ਇਸ ਦੌਰਾਨ ਉਸ ਨੇ ਗੁਆਂਢਣ ਨੇ ਦੁੱਧ ਲੈਣ ਲਈ ਆਖਿਆ। ਜਦੋਂ ਉਹ ਘਰ ਆਏ ਤਾਂ ਗੁਆਂਢਣ ਤੋਂ ਦੁੱਧ ਲੈ ਕੇ ਉਬਾਲਣ ਲਈ ਰੱਖਿਆ ਤਾਂ ਉਹ ਹੌਲੀ ਹੌਲੀ ਪਲਾਸਟਿਕ ਵਾਂਗ ਗਾੜ੍ਹਾ ਅਤੇ ਚਿਪਚਿਪਾ ਹੋ ਗਿਆ।

ਉਸ ਨੇ ਡਰ ਕੇ ਇਸ ਸਭ ਦੀ ਵੀਡੀਓ ਬਣਾਈ। ਉਸ ਨੇ ਚਿੰਤਾ ਪ੍ਰਗਟ ਕੀਤੀ ਕਿ ਪਤਾ



ਉਬਲਣ ਮਗਰੋਂ ਗਾੜ੍ਹਾ ਹੋਇਆ ਦੁੱਧ।

(ਡੀਐਚਓ) ਡਾ. ਅਮਰਜੀਤ ਕੌਰ ਨੇ ਕਿਹਾ ਕਿ ਵਿਭਾਗ ਨੂੰ ਸ਼ਿਕਾਇਤ ਮਿਲੀ ਸੀ ਜਿਸ ਤੋਂ ਬਾਅਦ ਟੀਮ ਖੰਨਾ ਭੇਜੀ ਗਈ ਜਿਸ ਨੇ ਦੁੱਧ ਪਦਾਰਥਾਂ ਦੇ ਲਗਭਗ 8 ਨਮੂਨੇ ਇੱਕਠੇ ਕੀਤੇ ਹਨ। ਉਨ੍ਹਾਂ ਕਿਹਾ ਕਿ ਦੁੱਧ ਵਿਚ ਮਿਲਾਵਟ ਦਾ ਮੁੱਦਾ ਬਹੁਤ ਗੰਭੀਰ ਹੈ। ਟੀਮ ਵੱਲੋਂ ਇਲਾਕੇ ਵਿਚ ਰੋਜ਼ਾਨਾ ਜਾਂਚ ਕੀਤੀ ਜਾਵੇਗੀ ਤੇ ਜੇ ਮਿਲਾਵਟਖੋਰੀ ਸਬੰਧੀ ਕੋਈ ਵੀ ਸ਼ਿਕਾਇਤ ਆਉਂਦੀ ਹੈ ਤਾਂ ਤੁਰੰਤ ਕਾਰਵਾਈ ਹੋਵੇਗੀ।

ਇਸੇ ਤਰ੍ਹਾਂ ਜਾਂਚ ਕਰਨ ਪੁੱਜੇ ਸਿਹਤ ਵਿਭਾਗ ਦੇ ਡਾ. ਜਤਿੰਦਰ ਵਿਰਕ ਨੇ ਕਿਹਾ ਕਿ ਦੁੱਧ ਦੇ ਨਮੂਨੇ ਜਾਂਚ ਲਈ ਲੈਬੋਰੇਟਰੀ ਭੇਜ ਦਿੱਤੇ ਗਏ ਹਨ। ਜੇ ਜਾਂਚ ਵਿਚ ਮਿਲਾਵਟ ਦੀ ਪੁਸ਼ਟੀ ਹੋਈ ਤਾਂ ਸਖ਼ਤ ਕਾਰਵਾਈ ਕੀਤੀ ਜਾਵੇਗੀ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੇ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਬੁੱਧ ਜਾਂ ਕਾਰਲ ਮਾਰਕਸ

"ਕਾਠਮੰਡੂ ਦੀ ਵਿਸ਼ਵ ਬੋਧੀ ਪ੍ਰੀਸ਼ਦ ਦੀ ਸਮਾਪਤੀ ਤੋਂ ਪਹਿਲਾਂ, 20 ਨਵੰਬਰ 1956 ਨੂੰ ਡਾ. ਬਾਬਾ ਸਾਹਿਬ ਅੰਬੇਡਕਰ ਦਾ ਇੱਕ ਵਿਸ਼ੇਸ਼ ਭਾਸ਼ਣ ਵੱਖ-ਵੱਖ ਦੇਸ਼ਾਂ ਦੇ ਪ੍ਰਤੀਨਿਧੀਆਂ ਨੂੰ ਸੰਬੋਧਨ ਕਰਨ ਵਾਲਾ ਸੀ। ਇਹ ਭਾਸ਼ਣ ਨੇਪਾਲ ਦੇ ਸ਼ਾਨਦਾਰ ਸ਼ਾਹੀ ਦਰਬਾਰ ਵਿੱਚ ਸੀ। ਭਾਰਤ ਵਿੱਚ ਇਸ ਦੇ ਅਲੋਪ ਹੋਣ ਤੋਂ ਬਾਅਦ ਕਈ ਸਾਲਾਂ ਤੱਕ ਨੇਪਾਲ ਵਿੱਚ ਬੁੱਧ ਧਰਮ ਆਪਣੇ ਸਿਖਰ



'ਤੇ ਸੀ, ਪਰ ਅੱਜ ਮਨੂ-ਪ੍ਰੇਰਿਤ ਅਸਮਾਨਤਾ 'ਤੇ ਅਧਾਰਤ ਹਿੰਦੂ ਧਰਮ ਉੱਥੇ ਕਾਨੂੰਨੀ ਤੌਰ 'ਤੇ ਜਾਰੀ ਹੈ। ਅਜਿਹੇ ਦੇਸ਼ ਵਿੱਚ, ਡਾ. ਬਾਬਾ ਸਾਹਿਬ ਅੰਬੇਡਕਰ ਲਈ ਬੁੱਧ ਧਰਮ ਦੀ ਉੱਤਮਤਾ ਬਾਰੇ ਭਾਸ਼ਣ ਦੇਣਾ ਇੱਕ ਬੇਮਿਸਾਲ ਇਨਕਲਾਬੀ ਘਟਨਾ ਸੀ। ਇਸ ਭਾਸ਼ਣ ਵਿੱਚ, ਉਨ੍ਹਾਂ ਨੇ ਬੁੱਧ ਧਰਮ ਪ੍ਰਤੀ ਆਪਣੇ ਮੂਲ ਦ੍ਰਿਸ਼ਟੀਕੋਣ ਨੂੰ ਸਪੱਸ਼ਟ ਕੀਤਾ।

20 ਨਵੰਬਰ 1956 ਨੂੰ, ਵਿਸ਼ਵ ਬੋਧੀ ਪ੍ਰੀਸ਼ਦ ਦੇ ਆਖਰੀ ਦਿਨ, ਵਿਸ਼ਵ ਬੋਧੀ ਪ੍ਰੀਸ਼ਦ ਦੇ ਪ੍ਰਧਾਨ, ਡਾ. ਜੀ. ਪੀ. ਮਲਾਲਸ਼ੇਖਰ (ਸੀਲੋਨ) ਨੇ ਬਾਬਾ ਸਾਹਿਬ ਨੂੰ 'ਬੁੱਧ ਧਰਮ ਵਿੱਚ ਅਹਿੰਸਾ ਦਾ ਸਥਾਨ' ਵਿਸ਼ੇ 'ਤੇ ਭਾਸ਼ਣ ਦੇਣ ਦੀ ਬੇਨਤੀ ਕੀਤੀ। ਡਾ. ਬਾਬਾ ਸਾਹਿਬ ਨੇ ਉਨ੍ਹਾਂ ਦੀ ਬੇਨਤੀ ਸਵੀਕਾਰ ਕਰ ਲਈ। ਪਰ ਵਿਸ਼ਵ ਬੋਧੀ ਪ੍ਰੀਸ਼ਦ ਦੇ ਜ਼ਿਆਦਾਤਰ ਪ੍ਰਤੀਨਿਧੀਆਂ ਨੇ ਜ਼ੋਰ ਦੇ ਕੇ ਕਿਹਾ ਕਿ ਬਾਬਾ ਸਾਹਿਬ ਨੂੰ ਇੱਕ... ਬੁੱਧ ਜਾਂ ਕਾਰਲ ਮਾਰਕਸ ਦੇ ਵਿਸ਼ੇ 'ਤੇ ਭਾਸ਼ਣ। ਬਾਬਾ ਸਾਹਿਬ ਇਸ ਵਿਸ਼ੇ 'ਤੇ ਭਾਸ਼ਣ ਦੇਣ ਲਈ ਸਹਿਮਤ ਹੋਏ। ਵਿਸ਼ਵ ਬੋਧੀ ਪ੍ਰੀਸ਼ਦ ਦਾ ਸਮਾਪਤੀ ਸਮਾਰੋਹ ਦੁਪਹਿਰ 3 ਵਜੇ ਸ਼ੁਰੂ ਹੋਣਾ ਸੀ। ਇਸ ਅਨੁਸਾਰ, ਬਾਬਾ ਸਾਹਿਬ ਕੁਝ ਸਮਾਂ ਪਹਿਲਾਂ ਨਿਰਧਾਰਤ ਸਥਾਨ 'ਤੇ ਪਹੁੰਚ ਗਏ। ਜਿਵੇਂ ਹੀ ਬਾਬਾ ਸਾਹਿਬ ਪਹੁੰਚੇ, ਵਿਸ਼ਵ ਬੋਧੀ ਪ੍ਰੀਸ਼ਦ ਦੇ ਸਾਬਕਾ ਪ੍ਰਧਾਨ ਅਤੇ ਬਰਮਾ ਦੀ ਸੁਪਰੀਮ ਕੋਰਟ ਦੇ ਮੁੱਖ ਜੱਜ, ਓਓ ਚਾਨ ਟੂਨ ਅਤੇ ਉਨ੍ਹਾਂ ਦੀ ਪਤਨੀ ਸਤਿਕਾਰ ਨਾਲ ਬਾਬਾ ਸਾਹਿਬ ਨੂੰ ਸ਼ਾਨਦਾਰ ਸਟੇਜ 'ਤੇ ਲੈ ਗਏ। ਮੌਜੂਦ ਸਾਰੇ ਪ੍ਰਤੀਨਿਧੀਆਂ ਨੇ ਬਾਬਾ ਸਾਹਿਬ ਦਾ ਸਤਿਕਾਰ ਨਾਲ ਸਵਾਗਤ ਕੀਤਾ ਅਤੇ ਬਾਬਾ ਸਾਹਿਬ ਕੁਰਸੀ 'ਤੇ ਬੈਠ ਗਏ। ਸਟੇਜ 'ਤੇ, ਨੇਪਾਲ ਦੇ ਰਾਜਾ ਮਹਿੰਦਰ ਵੀਰ ਵਿਕਰਮ ਸਹਿਦੇਵ ਇੱਕ ਸਜਾਈ ਹੋਈ ਕੁਰਸੀ 'ਤੇ ਬੈਠੇ। ਪੂਜਯ ਚੰਦਰਮਣੀ ਮਹਾਸਥਵੀਰ, ਜੀ.ਪੀ. ਮਲਾਲਸ਼ੇਖਰ, ਪੂਜਯ ਅੰਮ੍ਰਿਤਨੰਦ ਮਹਾਸਥਵੀਰ ਅਤੇ ਓਓ ਚਾਨ ਟੂਨ ਨੇੜਿਓਂ ਆਪਣੀਆਂ ਸੀਟਾਂ 'ਤੇ ਬੈਠ ਗਏ। ਪਹਿਲਾਂ, ਪੂਜਯ ਚੰਦਰਮਣੀ ਨੇ ਮੌਜੂਦ ਪਤਵੰਤਿਆਂ ਨੂੰ ਤ੍ਰਿਸ਼ਰਨ ਅਤੇ ਪੰਚਸ਼ੀਲ ਦਿੱਤੇ। ਇਸ ਤੋਂ ਬਾਅਦ, ਵਿਸ਼ਵ ਬੋਧੀ ਪ੍ਰੀਸ਼ਦ ਦੇ ਪ੍ਰਧਾਨ, ਡਾ. ਜੀ. ਪੀ. ਮਲਾਲਸ਼ੇਖਰ ਨੇ ਕਿਹਾ-

"ਅੱਜ ਇਸ ਵਿਸ਼ਵ ਬੋਧੀ ਪ੍ਰੀਸ਼ਦ ਵਿੱਚ ਭਗਵਾਨ ਬੁੱਧ ਦੀ ਧਰਤੀ, ਭਾਰਤ ਤੋਂ ਇੱਕ ਮਹਾਨ ਪੁਰਸ਼ ਆਏ ਹਨ। ਉਨ੍ਹਾਂ ਦਾ ਨਾਮ ਡਾ. ਬੀ. ਆਰ. ਅੰਬੇਡਕਰ ਹੈ (ਤਾੜੀਆਂ ਦੀ ਵਰਖਾ)। ਉਨ੍ਹਾਂ ਨੇ ਨਾਗਪੁਰ ਵਿੱਚ ਪੰਜ ਲੱਖ ਦਲਿਤ ਲੋਕਾਂ ਨੂੰ ਬੁੱਧ ਧਰਮ ਵਿੱਚ ਦਾਖਲ ਕਰਵਾ ਕੇ ਇੱਕ ਮਹਾਨ ਧੰਮਕ੍ਰਾਂਤੀ ਲਿਆਂਦੀ ਹੈ। ਅੱਜ ਇਸ ਵਿਸ਼ਵ ਬੋਧੀ ਪ੍ਰੀਸ਼ਦ ਵਿੱਚ, ਮੈਂ ਪੂਰੀ ਦੁਨੀਆ ਦੇ ਬੋਧੀ ਪ੍ਰਤੀਨਿਧੀਆਂ ਵੱਲੋਂ ਉਨ੍ਹਾਂ ਦਾ ਦਿਲੋਂ ਸਵਾਗਤ ਕਰਦਾ ਹਾਂ।" ਇਸ ਤੋਂ ਬਾਅਦ ਉਨ੍ਹਾਂ ਨੇ ਬਾਬਾ ਸਾਹਿਬ ਦੇ ਗਲੇ ਵਿੱਚ ਰੰਗ-ਬਿਰੰਗੇ ਫੁੱਲਾਂ ਦਾ ਇੱਕ ਵੱਡਾ ਹਾਰ ਪਾਇਆ। ਬਾਅਦ ਵਿੱਚ ਬਾਬਾ ਸਾਹਿਬ ਨੂੰ ਭਾਸ਼ਣ ਦੇਣ ਲਈ ਬੇਨਤੀ ਕੀਤੀ ਗਈ।

ਡਾ. ਬਾਬਾ ਸਾਹਿਬ ਅੰਬੇਡਕਰ ਖੜ੍ਹੇ ਹੋਏ ਅਤੇ ਇੱਕ ਵਾਰ ਫਿਰ ਤਾੜੀਆਂ ਦੀ ਗੂੰਜ ਹੋਈ। ਸਵਿਤਾਬਾਈ ਬਾਬਾ ਸਾਹਿਬ ਦੇ ਪਿੱਛੇ ਖੜ੍ਹੀ ਸੀ। ਕੈਮਰਿਆਂ ਨੇ ਤੇਜ਼ੀ ਨਾਲ ਤਸਵੀਰਾਂ ਖਿੱਚੀਆਂ ਅਤੇ ਫਿਰ ਸ਼ਾਂਤ ਆਵਾਜ਼ ਵਿੱਚ ਬਾਬਾ ਸਾਹਿਬ ਨੇ 'ਬੁੱਧ ਜਾਂ ਕਾਰਲ ਮਾਰਕਸ' ਵਿਸ਼ੇ 'ਤੇ ਆਪਣਾ ਇਤਿਹਾਸਕ ਭਾਸ਼ਣ ਦਿੱਤਾ। ਉਨ੍ਹਾਂ ਕਿਹਾ-

"ਸਤਿਕਾਰਯੋਗ ਚੇਅਰਮੈਨ, ਸਤਿਕਾਰਯੋਗ ਭਿਕਸ਼ੂ ਅਤੇ ਸੱਜਣੋ, ਮੈਨੂੰ ਬਹੁਤ ਦੁੱਖ ਹੈ ਕਿ ਵਿਸ਼ਵ ਬੋਧੀ ਪ੍ਰੀਸ਼ਦ ਦੇ ਬਹਾਨੇ ਨੇਪਾਲ ਆਉਣ ਦੇ ਬਾਵਜੂਦ, ਮੈਂ ਪ੍ਰਤੀਨਿਧੀ ਵਜੋਂ ਪ੍ਰੀਸ਼ਦ ਦੇ ਕੰਮ ਵਿੱਚ ਹਿੱਸਾ ਨਹੀਂ ਲੈ ਸਕਿਆ। ਮੈਂ ਅੱਜ ਇੱਥੇ ਮੌਜੂਦ ਹਾਂ ਪਰ ਮੈਨੂੰ ਯਕੀਨ ਹੈ ਕਿ ਪ੍ਰਤੀਨਿਧੀਆਂ ਨੂੰ ਇਹ ਅਹਿਸਾਸ ਹੋਵੇਗਾ ਕਿ ਮੇਰੀ ਸਰੀਰਕ ਬਿਮਾਰੀ ਕਾਰਨ, ਮੈਂ ਪ੍ਰੀਸ਼ਦ ਦੇ ਕੰਮ ਦੀਆਂ ਗਤੀਵਿਧੀਆਂ ਅਤੇ ਸਮੱਸਿਆਵਾਂ ਨੂੰ ਸਹਿਣ ਨਹੀਂ ਕਰ ਸਕਾਂਗਾ। ਮੈਂ ਪ੍ਰੀਸ਼ਦ ਦਾ ਨਿਰਾਦਰ ਕਰਨ ਲਈ ਗੈਰਹਾਜ਼ਰ ਨਹੀਂ ਸੀ। ਮੈਂ ਇਸ ਲਈ ਮੌਜੂਦ ਨਹੀਂ ਹੋ ਸਕਿਆ ਕਿਉਂਕਿ ਮੈਂ ਆਪਣੀ ਸਿਹਤ ਬਾਰੇ ਚਿੰਤਤ ਸੀ ਅਤੇ ਮੈਂ ਪ੍ਰੀਸ਼ਦ ਦੇ ਕੰਮ ਦੇ ਫਰਜ਼ਾਂ ਨੂੰ ਪੂਰੀ ਤਰ੍ਹਾਂ ਨਹੀਂ ਨਿਭਾ ਸਕਾਂਗਾ। ਸ਼ਾਇਦ ਪ੍ਰੀਸ਼ਦ ਤੋਂ ਗੈਰਹਾਜ਼ਰ ਰਹਿਣ ਕਾਰਨ ਹੋਏ ਨੁਕਸਾਨ ਦੀ ਭਰਪਾਈ ਕਰਨ ਲਈ, ਮੈਨੂੰ ਅੱਜ ਦੁਪਹਿਰ ਨੂੰ ਭਾਸ਼ਣ ਦੇਣ ਲਈ ਕਿਹਾ ਗਿਆ ਹੈ। ਮੈਂ ਭਾਸ਼ਣ ਦੇਣ ਲਈ ਸਹਿਮਤ ਹੋ ਗਿਆ ਹਾਂ ਪਰ ਇੱਥੇ ਮੌਜੂਦ ਹੋਣ ਤੋਂ ਬਾਅਦ ਹੀ ਇਹ ਜ਼ਿੰਮੇਵਾਰੀ ਅਚਾਨਕ ਮੈਨੂੰ ਸੌਂਪ ਦਿੱਤੀ ਗਈ ਹੈ। ਮੈਨੂੰ ਬਿਲਕੁਲ ਵੀ ਅੰਦਾਜ਼ਾ ਨਹੀਂ ਸੀ ਕਿ ਮੈਨੂੰ ਤੁਹਾਡੇ ਸਾਹਮਣੇ ਭਾਸ਼ਣ ਦੇਣਾ ਪਵੇਗਾ। ਜਦੋਂ ਮੈਂ ਜਿਸ ਵਿਸ਼ੇ 'ਤੇ ਬੋਲਣਾ ਹੈ, ਉਸ ਬਾਰੇ ਪੁੱਛਿਆ ਗਿਆ, ਤਾਂ ਮੈਂ 'ਬੁੱਧ ਧਰਮ ਵਿੱਚ ਅਹਿੰਸਾ' ਵਿਸ਼ਾ ਸੁਝਾਇਆ ਸੀ। ਪਰ ਮੈਨੂੰ ਦੱਸਿਆ ਗਿਆ ਹੈ ਕਿ ਕੌਂਸਲ ਦੇ ਜ਼ਿਆਦਾਤਰ ਲੋਕ ਮਹਿਸੂਸ ਕਰਦੇ ਹਨ ਕਿ ਮੈਨੂੰ ਉਸੇ ਵਿਸ਼ੇ 'ਤੇ ਬੋਲਣਾ ਚਾਹੀਦਾ ਹੈ ਜਿਸਦਾ ਮੈਂ ਪਾਸਿੰਗ ਵਿੱਚ ਜ਼ਿਕਰ ਕੀਤਾ ਸੀ, ਯਾਨੀ 'ਬੁੱਧ ਧਰਮ ਅਤੇ ਸਾਮਵਾਦ'। ਇਸ ਲਈ, ਭਾਵੇਂ ਮੈਂ ਭਾਸ਼ਣ ਦਾ ਵਿਸ਼ਾ ਬਦਲਣ ਦੀ ਇਜਾਜ਼ਤ ਦੇ ਦਿੱਤੀ ਹੈ, ਪਰ ਮੈਨੂੰ ਇਮਾਨਦਾਰੀ ਨਾਲ ਕਹਿਣਾ ਪਵੇਗਾ ਕਿ ਮੈਂ ਇੰਨੇ ਵੱਡੇ ਅਤੇ ਵਿਸ਼ਾਲ ਵਿਸ਼ੇ 'ਤੇ ਬੋਲਣ ਲਈ ਤਿਆਰ ਨਹੀਂ ਹਾਂ ਕਿਉਂਕਿ ਇਹ ਵਿਸ਼ਾ ਮੈਨੂੰ ਅਚਾਨਕ ਦਿੱਤਾ ਗਿਆ ਹੈ। ਇਹ ਵਿਸ਼ਾ ਨਾ ਸਿਰਫ਼ ਵੱਡਾ ਅਤੇ ਵਿਸ਼ਾਲ ਹੈ, ਸਗੋਂ ਬਹੁਤ ਗੁੰਝਲਦਾਰ ਵੀ ਹੈ। ਅੱਧੀ ਤੋਂ ਵੱਧ ਦੁਨੀਆ ਇਸ ਗੁੰਝਲਦਾਰ ਵਿਸ਼ੇ ਦੇ ਦਬਾਅ ਹੇਠ ਫਸੀ ਹੋਈ ਹੈ। ਇੰਨਾ ਹੀ ਨਹੀਂ, ਸਗੋਂ ਬੋਧੀ ਦੇਸ਼ਾਂ ਦੇ ਨੌਜਵਾਨ ਵਿਦਿਆਰਥੀ ਵੀ ਇਸ ਵਿਸ਼ੇ ਤੋਂ ਪ੍ਰਭਾਵਿਤ ਹੋਏ ਹਨ। ਇਹ ਦੂਜਾ ਮੁੱਦਾ ਮੈਨੂੰ ਬਹੁਤ ਚਿੰਤਾਜਨਕ ਲੱਗਦਾ ਹੈ।

ਜਦੋਂ ਤੱਕ ਕਿਸੇ ਬੋਧੀ ਰਾਸ਼ਟਰ ਦੀ ਨੌਜਵਾਨ ਪੀੜ੍ਹੀ ਇਸ ਗੱਲ ਦੀ ਪ੍ਰਸ਼ੰਸਾ ਨਹੀਂ ਕਰਦੀ ਕਿ ਬੁੱਧ ਧਰਮ ਦੁਆਰਾ ਸੁਝਾਇਆ ਗਿਆ ਜੀਵਨ ਢੰਗ ਸਾਮਵਾਦ ਦੁਆਰਾ ਸੁਝਾਏ ਗਏ ਜੀਵਨ ਢੰਗ

"ਇਕੁਐਲਿਟੀ ਐਂਡ ਜਸਟਿਸ"
"Equality and Justice"

ਨਾਲੋਂ ਬਿਹਤਰ ਹੈ, ਇਹ ਨਹੀਂ ਕਿਹਾ ਜਾ ਸਕਦਾ ਕਿ ਬੁੱਧ ਧਰਮ ਦਾ ਭਵਿੱਖ ਉੱਜਵਲ ਹੈ। ਬੁੱਧ ਧਰਮ ਵਿੱਚ ਵਿਸ਼ਵਾਸ ਦੇ ਪੀੜ੍ਹੀਆਂ ਤੱਕ ਵੀ ਨਹੀਂ ਰਹਿ ਸਕਦਾ। ਇਸ ਲਈ ਜਿਨ੍ਹਾਂ ਲੋਕਾਂ ਨੂੰ ਬੁੱਧ ਧਰਮ ਵਿੱਚ ਪੱਕਾ ਵਿਸ਼ਵਾਸ ਹੈ, ਉਨ੍ਹਾਂ ਨੂੰ ਨੌਜਵਾਨ ਪੀੜ੍ਹੀ ਨੂੰ ਬੁੱਧ ਧਰਮ ਦੀ ਮਹੱਤਤਾ ਬਾਰੇ ਯਕੀਨ ਦਿਵਾਉਣਾ ਪਵੇਗਾ। ਉਨ੍ਹਾਂ ਨੂੰ ਇਹ ਦੱਸਣਾ ਬਹੁਤ ਜ਼ਰੂਰੀ ਹੈ ਕਿ ਬੁੱਧ ਧਰਮ ਹੀ ਜੀਵਨ ਦਾ ਸਭ ਤੋਂ ਵਧੀਆ ਤਰੀਕਾ ਹੈ, ਨਾ ਕਿ ਕਮਿਊਨਿਜ਼ਮ ਦਾ ਸਮਾਨਾਰਥੀ। ਉਨ੍ਹਾਂ ਨੂੰ ਇਸ ਗੱਲ ਦਾ ਯਕੀਨ ਦਿਵਾਉਣ ਤੋਂ ਬਾਅਦ ਹੀ, ਬੁੱਧ ਧਰਮ ਦੇ ਬਚਣ ਦੀ ਉਮੀਦ ਕੀਤੀ ਜਾ ਸਕਦੀ ਹੈ। ਸਾਨੂੰ ਇੱਕ ਹੋਰ ਗੱਲ ਯਾਦ ਰੱਖਣੀ ਪਵੇਗੀ ਕਿ ਯੂਰਪ ਦੇ ਬਹੁਗਿਣਤੀ ਲੋਕਾਂ ਅਤੇ ਏਸ਼ੀਆ ਦੇ ਬਹੁਗਿਣਤੀ ਨੌਜਵਾਨਾਂ ਦਾ ਇਹ ਵਿਚਾਰ ਹੈ ਕਿ ਅੱਜ ਦੀ ਦੁਨੀਆ ਵਿੱਚ, ਕਾਰਲ ਮਾਰਕਸ ਹੀ ਇੱਕੋ ਇੱਕ ਮਹਾਨ ਮਨੁੱਖ ਜਾਂ ਸੰਦੇਸ਼ਵਾਹਕ ਹੈ ਜੋ ਸਤਿਕਾਰਯੋਗ ਹੈ। ਇਸ ਦੇ ਨਾਲ ਹੀ, ਉਹ ਇਹ ਵਿਚਾਰ ਵੀ ਪ੍ਰਗਟ ਕਰਦੇ ਹਨ ਕਿ ਬੋਧੀ ਭਿੱਖੂ ਸੰਘ ਦਾ ਇੱਕ ਵੱਡਾ ਹਿੱਸਾ ਨਾ ਸਿਰਫ਼ ਬੇਕਾਰ ਹੈ, ਸਗੋਂ ਇੱਕ ਬਹੁਤ ਗੰਭੀਰ ਸੰਕਟ ਵੀ ਹੈ। ਭਿਕਸ਼ੂਆਂ ਨੂੰ ਇਸ ਗੱਲ ਵੱਲ ਧਿਆਨ ਦੇਣਾ ਹੋਵੇਗਾ ਕਿ ਇਸ ਕਿਸਮ ਦੀ ਮਾਨਸਿਕਤਾ ਕਿਸ ਦਾ ਲੱਛਣ ਹੈ। ਉਨ੍ਹਾਂ ਨੂੰ ਇਸਦੀ ਪਿਛੋਕੜ ਨੂੰ ਸਮਝਣਾ ਹੋਵੇਗਾ। ਉਨ੍ਹਾਂ ਨੂੰ ਆਪਣੇ ਆਪ ਨੂੰ ਇਸ ਤਰੀਕੇ ਨਾਲ ਢਾਲਣ ਦੀ ਪੂਰੀ ਕੋਸ਼ਿਸ਼ ਕਰਨੀ ਪਵੇਗੀ ਕਿ ਉਨ੍ਹਾਂ ਦੀ ਤੁਲਨਾ ਕਾਰਲ ਮਾਰਕਸ ਨਾਲ ਕੀਤੀ ਜਾ ਸਕੇ। ਤਾਂ ਹੀ ਬੁੱਧ ਧਰਮ ਦੀ ਉੱਤਮਤਾ ਸਾਬਤ ਹੋ ਸਕਦੀ ਹੈ।

ਇਸ ਜਾਣ-ਪਛਾਣ ਤੋਂ ਬਾਅਦ, ਮੈਂ ਤੁਹਾਨੂੰ ਬੋਧੀ ਦਰਸ਼ਨ ਅਤੇ ਮਾਰਕਸਵਾਦ ਜਾਂ ਸਾਮਵਾਦ ਦੇ ਮੁੱਖ ਖਾਸ ਮੁੱਦਿਆਂ ਬਾਰੇ ਵਿਸਥਾਰ ਵਿੱਚ ਦੱਸਾਂਗਾ। ਇਸ ਦੇ ਤਹਿਤ, ਮੈਂ ਤੁਹਾਨੂੰ ਬੁੱਧ ਦਰਸ਼ਨ ਅਤੇ ਮਾਰਕਸ ਦਰਸ਼ਨ ਦੇ ਆਦਰਸ਼ਾਂ ਵਿੱਚ ਸਮਾਨਤਾਵਾਂ ਅਤੇ ਅੰਤਰਾਂ ਬਾਰੇ ਦੱਸਾਂਗਾ। ਮੈਂ ਇਹ ਵੀ ਵਿਸਥਾਰ ਵਿੱਚ ਚਰਚਾ ਕਰਾਂਗਾ ਕਿ ਕੀ ਬੋਧੀ ਜੀਵਨ ਢੰਗ ਜੀਵਨ ਦੇ ਉਦੇਸ਼ਾਂ ਨੂੰ ਪੂਰਾ ਕਰਨ ਵਿੱਚ ਕਮਿਊਨਿਸਟ ਜੀਵਨ ਢੰਗ ਨਾਲੋਂ ਵਧੇਰੇ ਸਥਾਈ ਹੋਵੇਗਾ। ਜੀਵਨ ਢੰਗ ਜੋ ਥੋੜ੍ਹੇ ਸਮੇਂ ਲਈ ਹੈ, ਤੁਹਾਨੂੰ ਜੰਗਲ ਵਿੱਚ ਭਟਕਾਉਣ ਵਾਲਾ ਹੋ ਸਕਦਾ ਹੈ ਜਾਂ ਅਰਾਜਕਤਾ ਵੱਲ ਲੈ ਜਾ ਸਕਦਾ ਹੈ। ਅਜਿਹੇ ਜੀਵਨ ਢੰਗ ਦੀ ਪਾਲਣਾ ਕਰਨਾ ਉਚਿਤ ਨਹੀਂ ਹੋਵੇਗਾ।

**ਬਾਕੀ ਦਾ ਭਾਗ ਕਲ**

# 'ਯੁੱਧ ਨਸ਼ਿਆਂ ਵਿਰੁੱਧ' ਦਾ 83ਵਾਂ ਦਿਨ; 161 ਨਸ਼ਾ ਤਸਕਰ 6.2 ਕਿਲੋ ਹੈਰੋਇਨ, 76 ਹਜ਼ਾਰ ਰੁਪਏ ਦੀ ਡਰੱਗ ਸਮੇਤ ਗ੍ਰਿਫ਼ਤਾਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਨਸ਼ਿਆਂ ਵਿਰੋਧੀ ਮੁਹਿੰਮ,''ਯੁੱਧ ਨਸ਼ਿਆਂ ਵਿਰੁੱਧ'' ਦੇ 83ਵੇਂ ਦਿਨ Punjab Police ਨੇ ਸ਼ੁੱਕਰਵਾਰ ਨੂੰ 161 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 6.2 ਕਿਲੋ ਹੈਰੋਇਨ ਅਤੇ 76270 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਨਾਲ, ਮਹਿਜ਼ 83 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ ਹੁਣ 12,958 ਹੋ ਗਈ ਹੈ।

ਇਹ ਕਾਰਵਾਈ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਕੀਤੀ ਗਈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਗਠਨ ਵੀ ਕੀਤਾ ਹੈ।

ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ, ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 90 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1500 ਤੋਂ ਵੱਧ ਦੀ ਨਫ਼ਰੀ ਵਾਲੀਆਂ 200 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 473 ਥਾਵਾਂ 'ਤੇ ਛਾਪੇਮਾਰੀ ਕੀਤੀ ਅਤੇ ਰਾਜ ਭਰ ਵਿੱਚ 118 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 526 ਸ਼ੱਕੀ ਵਿਅਕਤੀਆਂ ਦੀ ਵੀ ਚੈਕਿੰਗ ਕੀਤੀ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ



ਵੱਲੋਂ ਰਾਜ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਤਿੰਨ-ਨੁਕਾਤੀ ਰਣਨੀਤੀ – ਇਨਫੋਰਸਮੈਂਟ, ਡੀ-ਅਡਿਕਸ਼ਨ ਐਂਡ ਪ੍ਰੀਵੈਨਸ਼ਨ (ਈਡੀਪੀ) – ਲਾਗੂ ਕੀਤੀ ਗਈ ਹੈ, ਜਿਸਦੇ ਤਹਿਤ ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ ਅੱਜ 80 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਸ: ਅਵਤਾਰ ਸਿੰਘ ਕਰੀਮਪੁਰੀ ਨੇ ਲੁਧਿਆਣਾ ਵਿਖੇ ਪਹੁੰਚ ਕੇ ਜ਼ਹਿਰੀਲੀ ਸ਼ਰਾਬ ਪੀਣ ਨਾਲ ਹੋਈਆਂ ਮੌਤਾਂ ਦੇ ਪੀੜਤਾਂ ਨਾਲ ਦੁੱਖ ਸਾਂਝਾ ਕੀਤਾ, ਅਜੀਤ ਸਿੰਘ ਭੈਣੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਜਗਤਾਰ ਸਿੰਘ ਰੇੜੇਵਾਲ:- -- ਲੁਧਿਆਣਾ ਵਿਖੇ ਜ਼ਹਿਰੀਲੀ ਸ਼ਰਾਬ ਪੀਣ ਨਾਲ 3 ਵਿਅਕਤੀਆਂ ਦੀ ਮੌਤ ਹੋ ਗਈ। ਪਤਾ ਲੱਗਣ ਤੇ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਹੁਜਨ ਸਮਾਜ ਪਾਰਟੀ ਪੰਜਾਬ ਆਪਣੇ ਸਾਥੀਆਂ ਸਮੇਤ ਲੁਧਿਆਣਾ ਵਿਖੇ ਪਹੁੰਚ ਕੇ ਪੀੜਤ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਸਮੂਹ ਪੰਜਾਬੀਆਂ ਨੂੰ "ਪੰਜਾਬ ਸੰਭਾਲੋ ਮੁਹਿੰਮ" ਨਾਲ ਜੁੜਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਜ਼ਹਿਰੀਲੀ ਸ਼ਰਾਬ ਪੀਣ ਨਾਲ ਮਜੀਠਾ



ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚ 27 ਮੌਤਾਂ ਹੋਈਆਂ।ਪਰ ਅੱਜ ਵੀ ਪੂਰੇ ਪੰਜਾਬ ਵਿਚ ਜ਼ਹਿਰੀਲੀ ਸ਼ਰਾਬ ਬੇਖੌਫ, ਬਿਨਾਂ ਕਿਸੇ ਡਰ ਤੋਂ ਡਰੱਗ ਮਾਫੀਏ ਵੱਲੋਂ ਵੇਚਣਾ ਜਾਰੀ ਹੈ। ਲੁਧਿਆਣਾ ਵਿਖੇ ਜ਼ਹਿਰੀਲੀ ਸ਼ਰਾਬ ਪੀਣ ਨਾਲ 3 ਵਿਅਕਤੀਆਂ ਦੀ ਜਾਨ ਚਲੀ ਗਈ। ਪ੍ਰੰਤੂ ਪ੍ਰਸ਼ਾਸ਼ਨ ਅਜੇ ਵੀ ਮੰਨਣ ਲਈ ਤਿਆਰ ਨਹੀਂ ਕਿ ਮੌਤਾਂ ਜ਼ਹਿਰੀਲੀ ਸ਼ਰਾਬ ਪੀਣ ਨਾਲ ਹੋਈਆਂ ਹਨ। ਪੀੜਤ ਪਰਿਵਾਰਾਂ ਦੇ ਦੱਸਣ ਮੁਤਾਬਕ ਜ਼ਹਿਰੀਲੀ ਸ਼ਰਾਬ ਦੀਆਂ ਖਾਲੀ ਬੋਤਲਾਂ ਵੀ ਪੁਲਿਸ ਵਾਲੇ ਚੱਕ ਕੇ ਲੈ ਗਏ ਤਾਂ ਕਿ ਮੁੱਦੇ ਨੂੰ ਦਵਾਇਆ ਜਾ ਸਕੇ । ਪੀੜਤ ਪਰਿਵਾਰਾਂ ਨਾਲ ਅਸੀਂ ਦੁੱਖ ਸਾਂਝਾ ਕੀਤਾ। ਅਸੀਂ ਡੈਪੂਟੇਸ਼ਨ ਲੈ ਕੇ ਡਿਪਟੀ ਕਮਿਸ਼ਨਰ ਲੁਧਿਆਣਾ ਨੂੰ ਮਿਲ ਕੇ ਪੀੜ੍ਹਤ ਪਰਿਵਾਰਾਂ ਨੂੰ ਇੱਕ ਇੱਕ ਕਰੋੜ ਰੁਪਏ ਦੀ ਆਰਥਿਕ ਮੱਦਦ ਅਤੇ ਪਰਿਵਾਰਾਂ ਦੇ ਇੱਕ ਇੱਕ ਮੈਂਬਰ ਨੂੰ ਨੌਕਰੀ ਦੇਣ ਅਤੇ ਦੋਸ਼ੀਆਂ ਨੂੰ ਗ੍ਰਿਫਤਾਰੀ ਕਰਕੇ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਅਤੇ ਡਰੱਗ ਮਾਫੀਆ ਔਰ ਡਰੱਗ ਮਾਫੀਆ ਦੀ ਪ੍ਰੋਟੈਕਸ਼ਨ ਤੇ ਲੱਗੀਆਂ ਤਾਕਤਾਂ ਨੂੰ ਬੇਨਕਾਬ ਕਰਨ ਲਈ ਕਿਹਾ ਹੈ।

ਇਸ ਮੌਕੇ ਉਨ੍ਹਾਂ ਦੇ ਨਾਲ ਸ੍ਰੀ ਅਜੀਤ ਸਿੰਘ ਭੈਣੀ ਇੰਚਾਰਜ ਪੰਜਾਬ, ਬਲਵਿੰਦਰ ਬਿੱਟਾ ਸੂਬਾ ਜਨਰਲ ਸੈਕਟਰੀ, ਸਟੇਟ ਜਰਨਲ ਸਕੱਤਰ ਪ੍ਰਵੀਨ ਬੰਗਾ ਜੀ ਲੁਧਿਆਣਾ ਸ਼ਹਿਰੀ ਦੇ ਇੰਚਾਰਜ ਬਸਰਾ ਜੀ, ਦਿਹਾਤੀ ਦੇ ਇੰਚਾਰਜ ਪ੍ਰਗਟ ਬਿਲਗਾ, ਸ਼ਹਿਰੀ ਪ੍ਰਧਾਨ ਬਲਵਿੰਦਰ ਜੱਸੀ, ਜਰਨਲ ਸਕੱਤਰ ਸੋਨੂੰ, ਰਜਿੰਦਰ ਨਿੱਕਾ ਅਮਰੀਕ ਸਿੰਘ ਕੁਲਾਲ , ਗੁਰਪ੍ਰੀਤ ਸਿੰਘ ਲਾਲੀ ਅਤੇ ਹੋਰ ਵੱਡੀ ਗਿਣਤੀ ਵਿਚ ਆਗੂ ਮੌਜੂਦ ਸਨ।

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

# ਛੋਟੀ ਉਮਰ ਦਾ ਵੱਡਾ ਕ੍ਰਾਂਤੀਕਾਰੀ ਯੋਧਾ - ਸ਼ਹੀਦ ਕਰਤਾਰ ਸਿੰਘ ਸਰਾਭਾ

ਲਾਲ ਸਿੰਘ ਸੁਲਹਾਣੀ
9872155120



ਨੌਜਵਾਨ ਕ੍ਰਾਂਤੀਕਾਰੀਆਂ ਦੇ ਪ੍ਰੇਰਨਾ ਸਰੋਤ, ਸ਼ਹੀਦ ਭਗਤ ਸਿੰਘ ਦੇ ਆਦਰਸ਼ ਅਤੇ ਗ਼ਦਰੀ ਬਾਬਿਆਂ ਵਿਚੋਂ ਸੱਭ ਤੋਂ ਛੋਟੀ ਉਮਰ ਦੇ ਸ਼ਹੀਦ ਸਰਦਾਰ ਕਰਤਾਰ ਸਿੰਘ ਸਰਾਭਾ ਦਾ ਜਨਮ 24 ਮਈ 1896 ਨੂੰ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਸਰਾਭਾ ਵਿਖੇ ਸਰਦਾਰ ਮੰਗਲ ਸਿੰਘ ਦੇ ਗ੍ਰਹਿ ਵਿਖੇ ਮਾਤਾ ਸਾਹਿਬ ਕੌਰ ਦੀ ਕੁੱਖੋਂ ਹੋਇਆ। ਛੋਟੀ ਉਮਰ ਵਿਚ ਹੀ ਉਹਨਾਂ ਦੇ ਪਿਤਾ ਜੀ ਚੜ੍ਹਾਈ ਕਰ ਗਏ। ਉਹਨਾਂ ਦੇ ਪਾਲਣ ਪੋਸ਼ਣ ਦੀ ਜ਼ਿਮੇਵਾਰੀ ਉਹਨਾਂ ਦੇ ਦਾਦਾ ਜੀ ਸਰਦਾਰ ਬਚਨ ਨੇ ਆਪਣੇ ਮੋਢਿਆਂ ਚੁੱਕ ਲਈ। ਉਹਨਾਂ ਨੇ ਆਪਣੀ ਮੁੱਢਲੀ ਸਿੱਖਿਆ ਪਿੰਡ ਦੇ ਸਰਕਾਰੀ ਸਕੂਲ ਤੋਂ ਹਾਸਲ ਕੀਤੀ। ਉਹ ਅਠਵੀਂ ਜਮਾਤ ਤੱਕ ਮਾਲਵਾ ਹਾਈ ਸਕੂਲ ਲੁਧਿਆਣਾ ਵਿਖੇ ਪੜ੍ਹਨ ਉਪਰੰਤ ਆਪਣੇ ਚਾਚਾ ਵੀਰ ਸਿੰਘ ਕੋਲ ਉੜੀਸਾ ਚਲੇ ਗਏ। ਜੋ ਕਟਕ ਸ਼ਹਿਰ ਵਿਖੇ ਡਾਕਟਰ ਸਨ। ਉਹਨਾਂ ਨੇ ਦਸਵੀਂ ਉੜੀਸਾ ਦੀ ਰੇਵਨਸ਼ਾਹ ਯੂਨੀਵਰਸਿਟੀ ਤੋਂ ਕੀਤੀ। ਉਹਨਾਂ ਨੂੰ ਜਨੂੰਨ ਦੀ ਹੱਦ ਤੱਕ ਸਾਹਿਤ ਪੜ੍ਹਨ ਦਾ ਸ਼ੌਂਕ ਸੀ।

ਕਰਤਾਰ ਸਿੰਘ ਦੇ ਦਾਦਾ ਜੀ ਉਹਨਾਂ ਨੂੰ ਪੜ੍ਹਾ ਲਿਖਾ ਕੇ ਉਚ ਅਫ਼ਸਰ ਬਨਾਉਣਾ ਚਾਹੁੰਦੇ ਸਨ। 15 ਸਾਲ ਦੀ ਉਮਰ ਵਿਚ ਕੰਮ ਦੀ ਤਲਾਸ਼ ਲਈ ਜਨਵਰੀ 1912 ਵਿਚ ਉਹ ਸਾਨਫਰਾਂਸਿਸਕੋ ਅਮਰੀਕਾ ਪੁੱਜ ਗਏ। ਉਥੇ ਉਹਨਾਂ ਨੇ ਅਮਰੀਕਾ ਦੀ ਕੈਲੀਫੋਰਨੀਆਂ ਯੂਨੀਵਰਸਿਟੀ ਬਰਕਲੇ ਵਿਖੇ ਰਸਾਇਣ ਵਿਗਿਆਨ ਦੀ ਡਿਗਰੀ ਹਾਸਲ ਕਰਨ ਲਈ ਦਾਖ਼ਲਾ ਲੈ ਲਿਆ। ਖਰਚਾ ਚਲਾਉਣ ਲਈ ਉਹਨਾਂ ਨੇ ਖੇਤਾਂ ਅਤੇ ਬਾਗ਼ਾਂ ਵਿਚ ਮਜ਼ਦੂਰੀ ਕਰਨੀ ਸ਼ੁਰੂ ਕਰ ਦਿਤੀ। ਅਮਰੀਕਾ ਵਿਚ ਉਹਨੀਂ ਦਿਨੀਂ ਨਸਲੀ ਵਿਤਕਰਾ ਜ਼ੋਰਾਂ ਤੇ ਸੀ। ਭਾਰਤੀਆਂ ਨੂੰ ਗੁਲਾਮ ਤੇ ਬਲੈਕਮੈਨ ਆਖ ਕੇ ਨਫ਼ਰਤ ਕੀਤੀ ਜਾਂਦੀ ਸੀ। ਇਮੀਗ੍ਰੇਸ਼ਨ ਅਧਿਕਾਰੀਆਂ ਵਲੋਂ ਬਹੁਤ ਜ਼ਿਆਦਾ ਸਖ਼ਤੀ ਅਤੇ ਬਦਸਲੂਕੀ ਕੀਤੀ ਜਾਂਦੀ ਸੀ। ਇਹ ਵੇਖ ਕੇ ਕਰਤਾਰ ਸਿੰਘ ਦੇ ਮਨ ਨੂੰ ਭਾਰੀ ਠੇਸ ਪੁੱਜੀ। ਉਹਨਾਂ ਦਾ ਹਿਰਦਾ ਵਲੂੰਧਰਿਆ ਗਿਆ। ਉਹਨਾਂ ਦੇ ਦਿਲ ਵਿਚ ਗੁਲਾਮੀ ਦੇ ਖਿਲਾਫ ਵਿਦਰੋਹ ਦੀ ਭਾਵਨਾ ਪੈਦਾ ਹੋ ਗਈ ਤੇ ਉਹ ਭਾਰਤ ਨੂੰ ਆਜ਼ਾਦ ਕਰਾਉਣ ਦੇ ਸੁਪਨੇ ਲੈਣ ਲੱਗ ਗਿਆ। 21 ਅਪ੍ਰੈਲ 1913 ਨੂੰ ਅਮਰੀਕਾ ਵਿਚ ਵਸਦੇ ਭਾਰਤੀ ਕ੍ਰਾਂਤੀਕਾਰੀਆਂ ਨੇ ਭਾਰਤ ਦੇਸ਼ ਨੂੰ ਗੁਲਾਮੀ ਤੋਂ ਹਥਿਆਰਬੰਦ ਘੋਲ ਰਾਹੀਂ ਆਜ਼ਾਦ ਕਰਵਾਉਣ ਲਈ ਗ਼ਦਰ ਪਾਰਟੀ ਦੀ ਸਥਾਪਨਾ ਕੀਤੀ ਇਸ ਦੇ ਮੋਢੀ ਪ੍ਰਧਾਨ ਦੇਸ਼ ਭਗਤ ਸੋਹਣ ਸਿੰਘ ਭਕਨਾ ਅਤੇ ਸਕੱਤਰ ਲਾਲਾ ਹਰਦਿਆਲ ਬਣਾਏ ਗਏ। ਕਰਤਾਰ ਸਿੰਘ ਸਰਾਭਾ ਗ਼ਦਰ ਪਾਰਟੀ ਦੇ ਮੋਢੀ ਮੈਂਬਰ ਬਣੇ।

ਕ੍ਰਾਂਤੀਕਾਰੀਆਂ ਵਲੋਂ ਆਪਣੀ ਆਵਾਜ਼ ਬੁਲੰਦ ਕਰਨ ਅਤੇ ਆਪਣੇ ਵਿਚਾਰਾਂ ਦੇ ਪ੍ਰਗਟਾਵੇ ਲਈ “ਗ਼ਦਰ ਗੂੰਜ” ਨਾਂ ਦਾ ਅਖ਼ਬਾਰ

ਪੰਜਾਬੀ, ਹਿੰਦੀ, ਉਰਦੂ, ਪਸ਼ਤੋ, ਗੁਜਰਾਤੀ ਤੇ ਬੰਗਾਲੀ ਭਾਸ਼ਾ ਵਿਚ ਪ੍ਰਕਾਸ਼ਿਤ ਕੀਤਾ ਜਾਂਦਾ ਸੀ। ਇਸ ਅਖਬਾਰ ਨੂੰ ਲਿਖਣ ਤੇ ਪ੍ਰਕਾਸ਼ਿਤ ਕਰਨ ਲਈ ਕਮੇਟੀ ਦੇ ਮੁਖੀ ਲਾਲ ਹਰਦਿਆਲ, ਕਰਤਾਰ ਸਿੰਘ ਸਰਾਭਾ ਤੇ ਸ੍ਰੀ ਰਘੁਵੀਰ ਦਿਆਲ ਗੁਪਤਾ ਸਨ। ਸਰਾਭਾ ਇਸ ਅਖਬਾਰ ਦਾ ਵਧੇਰੇ ਕੰਮ ਸੰਭਾਲਦਾ ਸੀ। ਇਸ ਅਖਬਾਰ ਰਾਹੀਂ ਅੰਗਰੇਜ਼ਾਂ ਵਲੋਂ ਭਾਰਤੀਆਂ ਤੇ ਕੀਤੇ ਜਾਂਦੇ ਜ਼ੁਲਮਾਂ ਦਾ ਭਾਂਡਾ ਭੰਨਿਆਂ ਜਾਂਦਾ ਸੀ। ਭਾਰਤ ਤੋਂ ਇਲਾਵਾ ਇਹ ਕਈ ਦੇਸ਼ਾਂ ਵਿਚ ਡਾਕ ਰਾਹੀਂ ਭੇਜਿਆ ਜਾਂਦਾ ਸੀ। ਕ੍ਰਾਂਤੀਕਾਰੀਆਂ ਨੂੰ ਅੰਗਰੇਜ਼ਾਂ ਵਿਰੁੱਧ ਬਗ਼ਾਵਤ ਕਰਨ ਲਈ ਹਥਿਆਰ ਚਲਾਉਣ ਅਤੇ ਬੰਬ ਬਨਾਉਣ ਦੀ ਸਿਖਲਾਈ ਦਿੱਤੀ ਜਾਂਦੀ ਸੀ। ਬਹੁਤ ਜਲਦੀ ਗ਼ਦਰ ਪਾਰਟੀ ਭਾਰਤੀਆਂ ਵਿਚ ਮਕਬੂਲ ਹੋ ਗਈ ਤੇ ਸੈਂਕੜੇ ਨੌਜਵਾਨਾਂ ਵਲੋਂ ਇਸ ਦਾ ਪ੍ਰਭਾਵ ਕਬੂਲਿਆ ਗਿਆ।




ਸਰਾਭਾ ਦੀਆਂ ਦੇਸ਼ ਪ੍ਰੇਮ ਦੀਆਂ ਉਚੇਚੀਆਂ ਭਾਵਨਾਵਾਂ ਨੂੰ ਦੇਖਦਿਆਂ ਗ਼ਦਰ ਪਾਰਟੀ ਨੇ ਕੈਲੀਫ਼ੋਰਨੀਆਂ ਵਿਚ ਮੀਟਿੰਗ ਕਰਕੇ ਉਸਨੂੰ ਪ੍ਰਬੰਧਕ ਕਮੇਟੀ ਦਾ ਮੈਂਬਰ ਚੁਣਿਆਂ ਗਿਆ। ਛੋਟੀ ਉਮਰ ਦੇ ਬਾਵਜੂਦ ਉਹ ਆਪਣੀ ਤੀਖਣ ਬੁੱਧੀ, ਸਮਰਪਿਤ ਭਾਵਨਾ ਅਤੇ ਮਿਹਨਤ ਸਦਕਾ ਬਹੁਤ ਛੇਤੀ ਪ੍ਰਸਿੱਧ ਹੋ ਗਿਆ। ਭਾਰਤ ਸਰਕਾਰ ਦੇ ਖੁਫ਼ੀਆ ਮਹਿਕਮੇ ਦੇ ਡਾਇਰੈਕਟਰ ਨੇ ਭਾਰਤ ਦੀ ਵਰਤਮਾਨ ਰਾਜਸੀ ਹਾਲਤ ਬਾਰੇ 14 ਮਈ 1914 ਨੂੰ ਭੇਜੀ ਰਿਪੋਰਟ ਵਿਚ ਉਸਦਾ ਵਿਸ਼ੇਸ਼ ਜ਼ਿਕਰ ਕੀਤਾ ਹੈ। ਉਹ ਵਧੀਆ ਲਿਖਾਰੀ ਸੀ ਉਸਨੇ ਗ਼ਦਰ ਪਾਰਟੀ ਦੇ ਪ੍ਰਚਾਰ ਲਈ ਸੈਂਕੜੇ ਲੇਖ ਲਿਖੇ।

1914 ਵਿਚ ਪਹਿਲਾ ਸੰਸਾਰ ਯੁੱਧ ਸ਼ੁਰੂ ਹੋ ਗਿਆ ਸੀ। ਅੰਗਰੇਜ਼ ਇਸ ਯੁੱਧ ਵਿਚ ਬੁਰੀ ਤਰ੍ਹਾਂ ਉਲਝ ਗਏ। ਇਹ ਸਮਾਂ ਭਾਰਤ ਦੀ ਆਜ਼ਾਦੀ ਲਈ ਉਚਿਤ ਜਾਣ ਕੇ ਕ੍ਰਾਂਤੀਕਾਰੀਆਂ ਵਲੋਂ ਆਪਣੀਆਂ ਵਿਦ੍ਰੋਹੀ ਸਰਗਰਮੀਆਂ ਤੇਜ਼ ਕਰ ਦਿਤੀਆਂ ਗਈਆਂ। ਗ਼ਦਰ ਪਾਰਟੀ ਵਲੋਂ 5 ਅਗਸਤ 1914 ਨੂੰ ਅੰਗਰੇਜ਼ ਸਰਕਾਰ ਵਿਰੁੱਧ ਬਗ਼ਾਵਤ ਦਾ ਬਿਗੁਲ ਵਜਾਉਣ ਦਾ ਐਲਾਨ ਕਰ ਦਿੱਤਾ ਗਿਆ। ਗ਼ਦਰ ਗੂੰਜ ਅਖਬਾਰ ਦੀਆਂ ਹਜ਼ਾਰਾਂ ਕਾਪੀਆਂ ਪਿੰਡਾਂ, ਸ਼ਹਿਰਾਂ ਤੇ ਫੌਜੀ ਛਾਉਣੀਆਂ ਵਿਚ ਵੰਡੀਆਂ ਗਈਆਂ।

ਪਾਰਟੀ ਵਲੋਂ ਕੀਤੇ ਫੈਸਲੇ ਅਨੁਸਾਰ ਸਰਾਭਾ, ਸਤਿਆ ਸੇਨ ਤੇ ਵਿਸ਼ਨੂੰ ਗਣੇਸ਼ ਪਿੰਗਲੇ ਸਮੁੰਦਰੀ ਰਸਤੇ ਰਾਹੀਂ ਕਲਕੱਤਾ ਪੁੱਜ ਗਏ। ਉਹ ਜਤਿਨ ਮੁਖਰਜੀ ਦੀ ਚਿੱਠੀ ਲੈ ਕੇ ਯੁਗਾਂਤਰ ਪਾਰਟੀ ਦੇ ਆਗੂ ਰਾਜ ਬਿਹਾਰੀ ਬੋਸ ਨੂੰ ਬਨਾਰਸ ਜਾ ਕੇ ਮਿਲੇ। ਉਹਨਾਂ ਨੂੰ ਵੀਹ ਹਜ਼ਾਰ ਗ਼ਦਰੀ ਭਾਰਤੀਆਂ ਦੇ ਜਲਦੀ ਭਾਰਤ ਪੁੱਜਣ ਦੀ ਸੂਚਨਾ ਦਿਤੀ ਗਈ।ਵੱਖ ਵੱਖ ਰਸਤਿਆਂ ਰਾਹੀਂ ਸੈਂਕੜੇ ਹੋਰ ਕ੍ਰਾਂਤੀਕਾਰੀ ਭਾਰਤ ਪੁੱਜ ਗਏ। ਪਰ ਅਮਰੀਕਨ ਗੁਪਤਚਰ ਵਿਭਾਗ ਦੀ ਸੂਚਨਾ ਦੇ ਆਧਾਰ ਤੇ ਉਹਨਾਂ ਨੂੰ ਬੰਦਰਗਾਹਾਂ ਤੇ ਹੀ ਗਿਰਫ਼ਤਾਰ ਕਰ ਲਿਆ ਗਿਆ। ਸਰਾਭੇ ਵਲੋਂ ਪਾਰਟੀ ਲਈ ਸਖ਼ਤ ਮਿਹਨਤ ਕੀਤੀ ਜਾਂਦੀ ਰਹੀ। ਉਹ ਫੌਜੀ ਛਾਉਣੀਆਂ ਵਿਚ ਜਾ ਜਾ ਕੇ ਫੌਜੀਆਂ ਨੂੰ ਬਗਾਵਤ ਲਈ ਤਿਆਰ ਕਰਦਾ ਰਿਹਾ। ਇਸ ਦੌਰਾਨ ਅੰਗਰੇਜ਼ ਸਰਕਾਰ ਆਪਣੇ ਇਕ ਪਿਠੂ ਕਿਰਪਾਲ ਸਿੰਘ ਨੂੰ ਗ਼ਦਰ ਪਾਰਟੀ ਵਿਚ ਸ਼ਾਮਿਲ ਕਰਵਾਉਣ ਵਿਚ ਕਾਮਯਾਬ ਹੋ ਗਈ।

25 ਫਰਵਰੀ 1915 ਨੂੰ ਰਾਸ ਬਿਹਾਰੀ ਬੋਸ ਅੰਮ੍ਰਿਤਸਰ ਪੁੱਜੇ ਸਰਾਭਾ ਆਪਣੇ ਸਾਥੀਆਂ ਸਮੇਤ ਉਹਨਾਂ ਨੂੰ ਮਿਲੇ। 12 ਫਰਵਰੀ ਨੂੰ ਹੋਈ ਮੀਟਿੰਗ ਵਿਚ 21 ਫਰਵਰੀ ਨੂੰ ਬਗਾਵਤ ਕਰਨ ਦਾ ਫੈਸਲਾ ਕੀਤਾ ਗਿਆ। ਜਿਸ ਅਨੁਸਾਰ ਫਿਰੋਜ਼ਪੁਰ ਛਾਉਣੀ ਤੇ ਮੀਆਂ ਪੁਰ ਫ਼ੌਜੀ ਛਾਉਣੀਆਂ ਤੇ ਕਬਜ਼ਾ ਕਰਨ ਉਪਰੰਤ ਦਿੱਲੀ ਅਤੇ ਅੰਬਾਲਾ ਛਾਉਣੀ ਵਿਚ ਬਗ਼ਾਵਤ ਕਰਵਾਈ ਜਾਵੇਗੀ। ਸਰਾਭੇ ਨੂੰ ਕਿਰਪਾਲ ਸਿੰਘ ਦੀਆਂ ਗਤੀਵਿਧੀਆਂ ਤੇ ਸ਼ੱਕ ਹੋਣ ਕਰਕੇ ਬਗ਼ਾਵਤ ਦਾ ਦਿਨ 19 ਫਰਵਰੀ ਕਰ ਦਿਤਾ ਗਿਆ। ਪਰ ਕਿਰਪਾਲ ਸਿੰਘ ਦੀ ਗ਼ਦਾਰੀ ਸਦਕਾ ਐਕਸ਼ਨ ਅਸਫਲ ਹੋ ਗਿਆ। ਸਰਾਭਾ ਮਿੱਥੀ ਯੋਜਨਾ ਅਨੁਸਾਰ ਆਪਣੇ 50-60 ਸਾਥੀਆਂ ਨਾਲ ਫਿਰੋਜ਼ਪੁਰ ਛਾਉਣੀ ਪਹੁੰਚ ਗਿਆ। ਬਹੁਤ ਸਾਰੇ ਗ਼ਦਰੀ ਗ੍ਰਿਫਤਾਰ ਕਰ ਲਏ ਗਏ। ਦੇਸੀ ਪਲਟਨਾਂ ਨੂੰ ਹਥਿਆਰ ਰਹਿਤ ਕਰ ਦਿਤਾ ਗਿਆ ਬਹੁਤੇ ਫੌਜੀਆਂ ਨੇ ਬਗ਼ਾਵਤ ਕਰਨ ਤੋਂ ਇਨਕਾਰ ਕਰ ਦਿਤਾ।

ਬਚੇ ਗ਼ਦਰੀਆਂ ਨੂੰ ਪਾਰਟੀ ਵਲੋਂ ਦੇਸ਼ ਛੱਡ ਜਾਣ ਦਾ ਹੁਕਮ ਦਿੱਤਾ ਗਿਆ। ਕਰਤਾਰ ਸਿੰਘ ਸਰਾਭਾ, ਜਗਤ ਸਿੰਘ ਤੇ ਹਰਨਾਮ ਸਿੰਘ ਟੁੰਡੀ ਲਾਟ ਕਾਬਲ ਪੁੱਜ ਗਏ। ਪਰ ਉਹ ਆਪਣੀ ਪਾਰਟੀ ਦੀਆਂ ਗਤੀਵਿਧੀਆਂ ਜਾਰੀ ਰੱਖਣ ਲਈ ਵਾਪਸ ਪਰਤ ਆਏ। 2 ਮਾਰਚ 1915 ਨੂੰ ਰਸਾਲਦਾਰ ਗੰਡਾ ਸਿੰਘ ਦੀ ਮੁਖਬਰੀ ਸਦਕਾ ਸ਼ਾਹਪੁਰ ਜ਼ਿਲ੍ਹੇ ਵਿਚ ਵਿਲਸਨਪੁਰ ਵਿਖੇ 22ਵੀਂ ਘੋੜ ਸਵਾਰ ਫੌਜ ਦੇ ਜੁਆਨਾਂ ਨੂੰ ਵਰਗਲਾਉਣ ਦੇ ਦੋਸ਼ ਹੇਠ ਗ੍ਰਿਫਤਾਰ ਕਰ ਲਏ ਗਏ।

13 ਸਤੰਬਰ 1915 ਨੂੰ ਸੈਂਟਰਲ ਜੇਲ੍ਹ ਲਾਹੌਰ ਵਿਚ ਲੱਗੀ ਸਪੈਸ਼ਲ ਅਦਾਲਤ ਵਿਚ 63 ਗ਼ਦਰੀਆਂ ਦਾ ਲਾਹੌਰ ਸਾਜ਼ਿਸ਼ ਕੇਸ ਵਿਚ ਫ਼ੈਸਲਾ ਹੋਇਆ 24 ਗ਼ਦਰੀਆਂ ਨੂੰ ਫਾਂਸੀ ਦੀ ਸਜ਼ਾ ਹੋਈ। ਗ਼ਦਰੀਆਂ ਵਲੋਂ ਕੇਸ ਦੀ ਪੈਰਵਾਈ ਕਰ ਰਹੇ ਵਕੀਲ ਰਘੂਵਰ ਸਹਾਏ ਨੇ 24 ਗ਼ਦਰੀਆਂ ਦੀ ਫਾਂਸੀ ਦਾ ਮੁੱਦਾ ਵਾਇਸਰਾਏ ਕੌਂਸਲ ਕੋਲ ਉਠਾਇਆ। ਕੌਂਸਲ ਦੇ ਮੈਂਬਰ ਸਰ ਇਮਾਮ ਅਲੀ ਨੇ ਕਾਨੂੰਨੀ ਪੈਂਤੜਿਆਂ ਦੀ ਨਜ਼ਰਸਾਨੀ ਤੋਂ ਬਾਅਦ 17 ਗਦਰੀਆਂ ਦੀ ਫਾਂਸੀ ਦੀ ਸਜ਼ਾ ਤੁੜਵਾ ਕੇ ਸਜ਼ਾ ਏ ਕਾਲੇਪਾਣੀ ਕਰ ਦਿਤੀ। ਸਰ ਅਲੀ ਇਮਾਮ ਨੇ ਸਰਾਭੇ ਦੀ ਫਾਂਸੀ ਦੀ ਸਜ਼ਾ ਉਮਰ ਕੈਦ ਵਿਚ ਤਬਦੀਲ ਕਰਨ ਲਈ ਪੂਰਾ ਜ਼ੋਰ ਲਗਾਇਆ ਪਰ ਉਸਦਾ ਕੇਸ ਵਾਇਸਰਾਏ ਵੱਲੋਂ ਖਾਰਜ ਕਰ ਦਿਤਾ ਗਿਆ। ਸਰਾਭਾ ਸਭ ਤੋਂ ਛੋਟੀ ਉਮਰ ਦਾ ਸੀ। ਮੁਕਦਮੇ ਦੌਰਾਨ ਜੱਜ ਉਸਦੀ ਵਿਦਵਤਾ ਤੋਂ ਬਹੁਤ ਪ੍ਰਭਾਵਿਤ ਹੋਇਆ। ਅਮਰੀਕਾ ਤੋਂ ਲੈਕੇ ਦੇਸ਼ ਅੰਦਰ ਕੀਤੀਆਂ ਗਈਆਂ ਸਭ ਕ੍ਰਾਂਤੀਕਾਰੀ ਸਰਗਰਮੀਆਂ ਬਾਰੇ ਉਸਨੇ ਇਕਬਾਲੀਆ ਬਿਆਨ ਦੇਕੇ ਸਾਰੀ ਜ਼ਿਮੇਵਾਰੀ ਕਬੂਲ ਕਰ ਲਈ। ਜੱਜ ਵਲੋਂ ਆਪਣੇ ਬਿਆਨ ਵਿਚ ਸੋਧ ਕਰਨ ਲਈ ਮੌਕਾ ਦਿਤਾ ਗਿਆ ਪਰ ਉਹ ਟੱਸ ਤੋਂ ਮੱਸ ਨਾ ਹੋਇਆ।

ਜੱਜ ਨੇ ਆਪਣੇ ਸੱਤ ਸਫਿਆਂ ਦੇ ਫੈਸਲੇ ਵਿਚ ਲਿਖਿਆ ਸੀ “ਸਾਰੇ ਗ਼ਦਰੀਆਂ ਵਿਚ ਸਰਾਭਾ ਸੱਭ ਤੋਂ ਖਤਰਨਾਕ ਹੈ ਉਸਨੂੰ ਆਪਣੇ ਕੀਤੇ ਕੰਮ ਤੇ ਸੱਭ ਤੋਂ ਵਧ ਮਾਣ ਹੈ, ਇਸ ਉਤੇ ਕਿਸੇ ਤਰ੍ਹਾਂ ਰਹਿਮ ਨਾ ਕੀਤਾ ਜਾਵੇ। ਅਮਰੀਕਾ ਤੋਂ ਲੈਕੇ ਭਾਰਤ ਤੱਕ ਸਾਜ਼ਿਸ਼ ਦਾ ਕੋਈ ਭਾਗ ਐਸਾ ਨਹੀਂ ਜਿਸ ਵਿਚ ਉਸਨੇ ਹਿੱਸਾ ਨਾ ਲਿਆ ਹੋਵੇ।”

16 ਫਰਵਰੀ 1915 ਨੂੰ 19 ਵਰ੍ਹਿਆਂ ਦੀ ਛੋਟੀ ਉਮਰ ਵਿਚ ਉਸਨੂੰ ਛੇ ਹੋਰ ਸਾਥੀਆਂ ਬਖਸ਼ੀਸ਼ ਸਿੰਘ ਜ਼ਿਲ੍ਹਾ ਅੰਮ੍ਰਿਤਸਰ, ਹਰਨਾਮ ਸਿੰਘ ਜ਼ਿਲ੍ਹਾ ਸਿਆਲਕੋਟ, ਜਗਤ ਸਿੰਘ ਜ਼ਿਲ੍ਹਾ ਲਾਹੌਰ ਸੁਰੈਣ ਸਿੰਘ -1 , ਸੁਰੈਣ ਸਿੰਘ -2 ਦੋਵੇਂ ਜ਼ਿਲ੍ਹਾ ਅੰਮ੍ਰਿਤਸਰ ਵਿਸ਼ਨੂੰ ਗਣੇਸ਼ ਪਿੰਗਲੇ ਜ਼ਿਲ੍ਹਾ ਪੂਨੇ ਮਹਾਂਰਾਸ਼ਟਰ ਸਮੇਤ ਸੈਂਟਰਲ ਜ਼ੇਲ੍ਹ ਲਾਹੌਰ ਵਿਖੇ ਫਾਂਸੀ ਤੇ ਲਟਕਾ ਦਿੱਤਾ ਗਿਆ। ਉਸਦਾ ਆਪਣਾ ਲਿਖਿਆ ਇਹ ਕ੍ਰਾਂਤੀਕਾਰੀ ਗੀਤ ਗਾਉਂਦਿਆਂ ਹੱਸਕੇ ਫਾਂਸੀ ਤੇ ਝੂਟ ਗਿਆ -

**ਸੇਵਾ ਦੇਸ਼ ਦੀ ਜਿੰਦੜੀਏ ਬੜੀ ਔਖੀ,**
**ਗੱਲਾਂ ਕਰਨੀਆਂ ਢੇਰ ਸੁਖੱਲੀਆਂ ਨੇ।**
**ਜਿਨ੍ਹਾਂ ਦੇਸ਼ ਸੇਵਾ ਵਿੱਚ ਪੈਰ ਪਾਇਆ,**
**ਉਹਨਾਂ ਲੱਖ ਮੁਸੀਬਤਾਂ ਝੱਲੀਆਂ ਨੇ।**

ਇਹ ਗੀਤ ਕ੍ਰਾਂਤੀਕਾਰੀਆਂ ਲਈ ਅੱਜ ਵੀ ਪ੍ਰੇਰਨਾ ਸਰੋਤ ਹੈ। ਉਘੇ ਨਾਵਲਕਾਰ ਨਾਨਕ ਸਿੰਘ ਨੇ ਇਕ ਮਿਆਨ ਦੋ ਤਲਵਾਰਾਂ ਨਾਵਲ ਰਾਹੀਂ ਉਸ ਕ੍ਰਾਂਤੀਕਾਰੀ ਯੋਧੇ ਨੂੰ ਆਪਣੀ ਅਕੀਦਤ ਪੇਸ਼ ਕੀਤੀ ਹੈ।

# ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਹਜ਼ਾਰਾਂ ਵਰਦੀਧਾਰੀ ਵਲੰਟੀਅਰਾਂ ਵੱਲੋਂ ਫਾਜ਼ਿਲਕਾ ਵਿੱਚ ਪੈਦਲ ਮਾਰਚ

## ਬਨੇਗਾ ਤੋਂ ਬਿਨਾਂ ਖੁਸ਼ਹਾਲ ਸਮਾਜ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ :- ਜਗਰੂਪ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਜਲਾਲਾਬਾਦ 23 ਮਈ (ਮਨੋਜ ਕੁਮਾਰ, ਸੁਭਾਸ਼ ਸਿੰਘ) ਅੱਜ ਇਥੇ ਸਥਾਨਕ ਅਨਾਜ ਮੰਡੀ ਵਿੱਚ ਵਿਸ਼ਾਲ ਵਲੰਟੀਅਰ ਸੰਮੇਲਨ ਅਤੇ ਫਾਜ਼ਿਲਕਾ ਦੇ ਬਾਜ਼ਾਰਾਂ ਵਿੱਚ ਵਲੰਟੀਅਰ ਪੈਦਲ ਮਾਰਚ ਕੀਤਾ ਗਿਆ। ਇਸ ਪ੍ਰੋਗਰਾਮ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਜਿਲ੍ਹਾ ਪ੍ਰਧਾਨ ਸ਼ੁਬੇਗ ਝੰਗੜ੍ਹ ਭੈਣੀ, ਜਿਲ੍ਹਾ ਸਕੱਤਰ ਹਰਭਜਨ ਛੱਪੜ੍ਹੀਵਾਲਾ, ਗੁਰਦਿਆਲ ਢਾਬਾਂ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜਿਲ੍ਹਾ ਮੀਤ ਪ੍ਰਧਾਨ ਨੀਰਜ ਰਾਣੀ ਫਾਜ਼ਿਲਕਾ ਨੇ ਕੀਤੀ। ਇਸ ਵਲੰਟੀਅਰ ਮਾਰਚ ਅਤੇ ਸੰਮੇਲਣ ਵਿੱਚ ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਸਾਥੀ ਜਗਰੂਪ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਅਤੇ ਉਹਨਾਂ ਨਾਲ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ,ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਕੁਮਾਰ ਧਰਮੂਵਾਲਾ ਅਤੇ ਕੰਸਟ੍ਰਕਸ਼ਨ ਵਰਕਰ ਲੇਬਰ ਯੂਨੀਅਨ ਦੇ ਸੂਬਾ ਮੀਤ ਸਕੱਤਰ ਪਰਮਜੀਤ ਸਿੰਘ ਢਾਬਾਂ ਵੀ ਵਿਸ਼ੇਸ਼ ਤੌਰ ਹਾਜ਼ਰ ਸਨ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸਾਥੀ ਜਗਰੂਪ ਸਿੰਘ ਨੇ ਕਿਹਾ ਕਿ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਅੱਜ ਸਮੇਂ ਦੀ ਮੁੱਖ ਲੋੜ ਹੈ ਅਤੇ ਇਹਦੇ ਤੋਂ ਬਿਨਾਂ ਖੁਸ਼ਹਾਲ ਸਮਾਜ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ ਕਿਉਂਕਿ ਅਰਰੀਫੀਸ਼ੀਅਲ ਇੰਟੈਲੀਜੈਂਸੀ ਤੇ ਕਾਬਜ ਧਿਰਾਂ ਨੇ ਭਵਿੱਖ ਵਿੱਚ ਕਿਰਤ ਤੋਂ ਬਿਨਾਂ ਪੈਦਾਵਾਰ ਦਾ ਐਲਾਨ ਕਰ ਦਿੱਤਾ ਹੈ ਜਿਸ ਨਾਲ ਰੁਜ਼ਗਾਰ ਲਗਪਗ ਖ਼ਤਮ ਹੋ ਜਾਵੇਗਾ। ਉਹਨਾਂ ਅੱਗੇ ਕਿਹਾ ਕਿ ਸਰਮਾਏਦਾਰੀ ਪ੍ਰਬੰਧ ਸਾਡੇ ਤੋਂ ਰੁਜ਼ਗਾਰ ਖੋਹ ਕੇ ਮਨੁੱਖਤਾ ਨੂੰ ਕੀੜੇ ਮਕੌੜੀਆਂ ਦੀ ਤਰ੍ਹਾਂ ਰੀਂਗ ਰੀਂਗ ਕੇ ਮਰਨ ਲਈ ਛੱਡਣ ਦੀਆਂ ਨੀਤੀਆਂ ਲਾਗੂ ਕਰ ਰਿਹਾ ਹੈ। ਇਸ ਲਈ ਇੱਕੋ ਇੱਕ ਬਨੇਗਾ ਹੀ ਹੈ ਜੋ ਹਰ ਇੱਕ ਲਈ ਜਿਉਣ ਦੇ ਹੱਕ ਰੁਜ਼ਗਾਰ ਦੀ ਗਰੰਟੀ ਕਰਦਾ ਹੈ। ਇਸ ਮੌਕੇ ਬਨੇਗਾ ਵਲੰਟੀਅਰ ਸਾਥੀਆਂ ਨੂੰ ਸੰਬੋਧਨ ਕਰਦਿਆਂ ਸਾਥੀ ਚਰਨਜੀਤ ਛਾਂਗਾ ਰਾਏ ਅਤੇ ਰਮਨ ਧਰਮੂਵਾਲਾ ਨੇ ਕਿਹਾ ਕਿ ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਬਨੇਗਾ ਕਾਨੂੰਨ ਦੀ ਪ੍ਰਾਪਤੀ ਲਈ




ਲਗਾਤਾਰ ਸੰਘਰਸ਼ ਕੀਤਾ ਅਤੇ ਦੇਸ਼ ਦੀ ਜਵਾਨੀ ਨੂੰ ਲਾਮਬੰਧ ਕਰਕੇ ਸਵੈ ਇੱਛਾ ਨਾਲ ਵਲੰਟੀਅਰ ਬਣਾਇਆ ਜਾ ਰਿਹਾ ਹੈ ਜਿਸ ਵਿੱਚ ਵੱਡੀ ਗਿਣਤੀ ਵਿੱਚ ਚਾਹਵਾਨ ਨੌਜਵਾਨ ਸ਼ਾਮਲ ਹੋ ਰਹੇ ਹਨ। ਉਹਨਾਂ ਕਿਹਾ ਕਿ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਜੋ ਹਰ ਇੱਕ ਲਈ ਜੋ ਚਾਹੁੰਦਾ ਹੈ ਨੂੰ ਓਹਦੀ ਯੋਗਤਾ ਅਨੁਸਾਰ ਕੰਮ ਜਿਸ ਅਣਸਿਖਿਅਤ ਨੂੰ 35,000/-, ਅਰਧ ਸਿੱਖਿਅਤ ਨੂੰ 40,000/-, ਸਿੱਖਿਅਤ ਨੂੰ 45,000/- ਅਤੇ ਉੱਚ ਸਿੱਖਿਅਤ ਨੂੰ 60,000/- ਅਤੇ ਜ਼ੇਕਰ ਸਰਕਾਰ ਕੰਮ ਦੇਣ ਵਿੱਚ ਅਸਫਲ ਹੈ ਤਾਂ ਉਕਤ ਤਨਖਾਹ ਦਾ ਅੱਧ ਕੰਮ ਇੰਤਜ਼ਾਰ ਭੱਤਾ ਦੇਣ ਦੀ ਵਿਵਸਥਾ ਹੋਵੇ; ਜਵਾਨੀ ਦੀਆਂ ਸਾਰੀਆਂ ਮੁਸ਼ਕਲਾਂ ਦਾ ਮੁਕੰਮਲ ਹੱਲ ਕਰਦਾ ਹੈ। ਨੌਜਵਾਨ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਭਵਿੱਖ ਵਿੱਚ ਫਾਜ਼ਿਲਕਾ ਦੀ ਤਰਜ਼ ਤੇ ਪੂਰੇ ਦੇਸ਼ ਵਿੱਚ ਅਜਿਹਾ ਬਨੇਗਾ ਵਲੰਟੀਅਰ ਮਾਰਚ ਕਰਕੇ ਜਵਾਨੀ ਨੂੰ ਲਾਮਬੰਧ ਕੀਤਾ ਜਾਵੇਗਾ। ਇਸ ਵਿਸ਼ਾਲ ਵਲੰਟੀਅਰ ਮਾਰਚ ਨੂੰ ਅੱਗੇ ਸੰਬੋਧਨ ਕਰਦਿਆਂ ਪਰਮਜੀਤ ਢਾਬਾਂ, ਸੀ ਪੀ ਆਈ ਦੇ ਜਿਲ੍ਹਾ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਸਕੱਤਰ ਕਾਮਰੇਡ ਸੁਰਿੰਦਰ ਢੰਡੀਆਂ ਨੇ ਕਿਹਾ ਕਿ ਜਵਾਨੀ ਹੀ ਅਜਿਹਾ ਜਜ਼ਬਾ ਹੈ ਜੋ ਹਰ ਮੁਸ਼ਕਲ ਤੇ ਜਿੱਤ ਪ੍ਰਾਪਤ ਕਰ ਸਕਦਾ ਹੈ ਅਤੇ ਫਾਜ਼ਿਲਕਾ ਦੀ ਜਵਾਨੀ ਨੇ ਇਹ ਪ੍ਰਾਪਤੀ ਦੇ ਰਾਹ ਦੀ ਠੀਕ ਚੋਣ ਕੀਤੀ ਹੈ। ਉਹਨਾਂ ਨੌਜਵਾਨਾਂ ਦੇ ਇਸ ਬਾਕਮਾਲ ਉਪਰਾਲੇ ਦੀ ਸ਼ਾਲਾਘਾ ਕਰਦਿਆਂ ਕਿਹਾ ਕਿ ਉਹਨਾਂ ਦੀ ਪੂਰੀ ਟੀਮ ਨੌਜਵਾਨਾਂ ਦੀ ਹਰ ਤਰ੍ਹਾਂ ਦੀ ਮਦਦ ਲਈਂ ਵਚਨਬੱਧ ਹੈ ਅਤੇ ਬਨੇਗਾ ਵਲੰਟੀਅਰਾਂ ਨਾਲ ਮੋਢੇ ਨਾਲ ਮੋਢਾ ਲਾ ਕੇ ਤੁਰੇਗੀ ਅਤੇ ਇਸ ਸੰਘਰਸ਼ ਨੂੰ ਦੇਸ਼ ਪੱਧਰ ਤੱਕ ਲੈ ਕੇ ਜਾਇਆ ਜਾਵੇਗਾ। ਇਸ ਮੌਕੇ ਹੋਰਾਂ ਤੋਂ ਇਲਾਵਾ ਨਰਿੰਦਰ ਢਾਬਾਂ, ਕ੍ਰਿਸ਼ਨ ਧਰਮੂਵਾਲਾ, ਜੰਮੂ ਰਾਮ ਬੰਨਵਾਲਾ, ਕੁਲਦੀਪ ਬੱਖੂਸ਼ਾਹ,ਸੀਤਾ ਸਿੰਘ ਤੇਜਾ ਰੁਹੇਲਾ, ਰਾਜਵਿੰਦਰ ਨਿਓਲਾ, ਪ੍ਰੇਮ ਭੱਠਾ ਮਜ਼ਦੂਰ ਯੂਨੀਅਨ ਦੇ ਆਗੂ,ਰਮਨ ਹਸਤਾ ਕਲਾ,ਸੁਮਨ ਸੈਦੋਕਾ ਹਿਠਾੜ,ਸੰਦੀਪ ਕਰਨੀਂ ਖੇੜਾ,ਬੂਟਾ ਸਿੰਘ ਨਵਾਂ ਮੌਸਮ,ਅਸ਼ੋਕ ਜੱਟ ਵਾਲਾ,ਜੱਗਾ ਟਾਹਲੀਵਾਲਾ, ਹਰਦੀਪ ਮੰਡੀ ਹਜ਼ੂਰ ਸਿੰਘ ਵੀ ਹਾਜ਼ਰ ਸਨ ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

# ਰੋਜ਼ਗਾਰ ਸਿੱਖਿਆ ਬਨਾਮ ਸਿਵਲ ਡਿਫੈਂਸ

ਕੇਵਲ ਸਿੰਘ ਕਾਲਝਰਾਣੀ



'ਫੈਲੇ ਵਿੱਦਿਆ ਚਾਨਣ ਹੋਏ ' ਭਾਵ ਕਿ ਵਿੱਦਿਆ ਦਾ ਗਿਆਨ ਅਜਿਹੇ ਦੀਪਕ ਦੀ ਤਰ੍ਹਾਂ ਸਾਡੇ ਜੀਵਨ ਵਿੱਚ ਪ੍ਰਵੇਸ਼ ਕਰਦਾ ਹੈ ਜਿਸ ਨਾਲ ਸਾਡੀ ਅਗਿਆਨਤਾ ਦੇ ਹਨੇਰੇ ਸਦਾ ਲਈ ਦੂਰ ਹੋ ਜਾਂਦੇ ਨੇ ।ਅਗਿਆਨਤਾ ਦੇ ਪਰਦੇ ਨੂੰ ਚੀਰਨ ਵਾਲੀ ਇੱਕ ਅਜਿਹੀ ਤਾਕਤ ਜੋ ਸਾਨੂੰ ਕਿਸੇ ਹੋਰ ਦੁਨੀਆਂ ਦੇ ਦਰਸ਼ਨ ਕਰਵਾਉਂਦੀ ਹੈ।ਸਿੱਖਿਆ ਕਿਸੇ ਵੀ ਸਮਾਜ ਦੀ ਤਰੱਕੀ ਅਤੇ ਵਿਕਾਸ ਲਈ ਬਹੁਤ ਹੀ ਮਹੱਤਵਪੂਰਨ ਹੈ।ਕਿਸੇ ਵੀ ਦੇਸ਼,ਰਾਜ ਜਾਂ ਫਿਰ ਵਿਸ਼ੇਸ਼ ਖਿੱਤੇ ਦੀ ਉੱਨਤੀ ਪਿੱਛੇ ਵੀ ਸਿੱਖਿਆ,ਗਿਆਨ ਅਤੇ ਸਖ਼ਤ ਉੱਦਮ ਦਾ ਵਧੇਰੇ ਯੋਗਦਾਨ ਹੁੰਦਾ ਹੈ।ਸਾਡੇ ਸਮਾਜ ਵਿੱਚ ਗਿਆਨਹੀਣ ਵਿਅਕਤੀ ਲਈ ਅਖਾਣ ਵਰਤੀ ਜਾਂਦੀ ਹੈ ਕਿ 'ਕਾਲਾ ਅੱਖਰ ਭੈਸ ਬਰਾਬਰ ' ਭਾਵ ਕਿ ਜਿਸ ਨੂੰ ਕਾਲੇ ਰੰਗ ਦੀ ਸਿਆਹੀ ਨਾਲ ਲਿਖੇ ਹੋਏ ਇਹਨਾਂ ਅੱਖਰਾਂ ਦਾ ਗਿਆਨ ਨਹੀਂ ਉਸ ਲਈ ਇਹ ਅੱਖਰ ਕਾਲੀ ਮੱਝ ਦੀ ਤਰ੍ਹਾਂ ਨੇ ਜਿਸ ਨੂੰ ਕੁੱਝ ਵੀ ਅਕਲ ਦੀ ਗੱਲ ਸਮਝ ਨਹੀਂ ਪੈਂਦੀ।ਇਸ ਲਈ ਅਕਲ ਦੇ ਬੂਹੇ ਖੋਲ੍ਹਣ ਲਈ ਸਿੱਖਿਆ ਸਾਡੇ ਲਈ ਬਹੁਤ ਹੀ ਮਹੱਤਵਪੂਰਨ ਹੈ।

ਆਧੁਨਿਕ ਯੁੱਗ ਵਿੱਚ ਮੁਢਲੀ ਸਿੱਖਿਆ ਪ੍ਰਾਪਤ ਕਰਨ ਦੇ ਨਾਲ ਨਾਲ ਅਸੀਂ ਆਰਥਿਕ ਸਿੱਖਿਆ ਨੂੰ ਵੀ ਬਹੁਤ ਮਹੱਤਵ ਦੇ ਰਹੇ ਹਾਂ ।ਜਿਸ ਵਿੱਚ ਅਸੀਂ ਆਪਣੇ ਮਨਭਾਉਂਦੇ ਕਿੱਤੇ ਦੀ ਵਿਸ਼ੇਸ਼ ਤੌਰ 'ਤੇ ਸਿੱਖਿਆ ਅਤੇ ਤਿਆਰੀ ਆਪਣੇ ਭਵਿੱਖ ਲਈ ਕਰ ਸਕਦੇ ਹਾਂ।ਅਸੀਂ ਸੈਕੰਡਰੀ ਸਿੱਖਿਆ ਪੂਰੀ ਕਰਨ ਤੋਂ ਬਾਅਦ ਆਪਣੇ ਕਿੱਤਾ ਮੁਖੀ ਕੋਰਸ ਕਰਨ ਦੀ ਤਿਆਰੀ ਸ਼ੁਰੂ ਕਰ ਸਕਦੇ ਹਾਂ।ਆਰਥਿਕ ਸਿੱਖਿਆ ਸਾਨੂੰ ਸਿਖਾਉਂਦੀ ਹੈ ਕਿ ਅਸੀਂ ਸਾਡੇ ਨਾਲ ਮੁਕ਼ਾਬਲਾ ਕਰਨ ਵਾਲੀ ਪਾਰਟੀ, ਫ਼ਰਮ ਜਾਂ ਫਿਰ ਕੋਈ ਪਰਸਨ ਆਦਿ ਨੂੰ ਪਛਾੜ ਕੇ ਕਿਵੇਂ ਅੱਗੇ ਜਾ ਸਕਦੇ ਹਾਂ।ਅਸੀਂ ਆਪਣੀ ਗੁਣਵੱਤਾ ਨੂੰ ਉਸ ਤੋਂ ਕਿਵੇਂ ਬਿਹਤਰ ਕਰ ਸਕਦੇ ਹਾਂ। ਸਾਨੂੰ ਦੂਸਰਿਆਂ ਦੀ ਕਮੀਂ ਲੱਭਣ ਅਤੇ ਆਪਣੀ ਚੜ੍ਹਤ ਨੂੰ ਲੋਕਾਂ ਸਾਹਮਣੇ ਪ੍ਰਦਸ਼ਿਤ ਕਰਨ ਦੇ ਗੁਰ ਵੀ ਬੜੀ ਚੰਗੀ ਤਰ੍ਹਾਂ ਸਿਖਾਏ ਜਾਂਦੇ ਹਨ।

ਆਰਥਿਕ ਸਿੱਖਿਆ ਵਿਅਕਤੀ ਨੂੰ ਵਪਾਰ, ਨੌਕਰੀ, ਅਤੇ ਨਿਵੇਸ਼ ਵਿੱਚ ਨਿਪੁੰਨ ਬਣਾਉਣ ਵਿੱਚ ਮਦਦ ਕਰਦੀ ਹੈ। ਪਰ, ਇਸਦੇ ਨਾਲ ਹੀ, ਨੈਤਿਕ ਸਿੱਖਿਆ ਵੀ ਓਨੀ ਹੀ ਜਰੂਰੀ ਹੈ, ਕਿਉਂਕਿ ਇਹ ਵਿਅਕਤੀ ਦੇ ਚਰਿੱਤਰ, ਆਚਰਣ ਅਤੇ ਸਮਾਜਿਕ ਜ਼ਿੰਮੇਵਾਰੀਆਂ ਦੀ ਪਛਾਣ ਕਰਵਾਉਂਦੀ ਹੈ। ਜੇਕਰ ਵਿਅਕਤੀ ਕੋਲ ਆਰਥਿਕ ਗਿਆਨ ਤਾਂ ਹੋਵੇ ਪਰ, ਨੈਤਿਕ ਮੁੱਲਾਂ ਦੀ ਘਾਟ ਹੋਵੇ, ਤਾਂ ਉਹ ਆਤਮ-ਕੇਂਦਰਿਤ ਅਤੇ ਅਣ ਮਨੁੱਖੀ







ਭਰੀ ਜ਼ਿੰਦਗੀ ਵੱਲ ਵਧ ਸਕਦਾ ਹੈ।ਨੈਤਿਕ ਸਿੱਖਿਆ ਵਿਅਕਤੀ ਨੂੰ ਸੱਚਾਈ, ਇਮਾਨਦਾਰੀ, ਅਤੇ ਨਿਆਂ ਦੇ ਗੁਣ ਸਿਖਾਉਂਦੀ ਹੈ। ਇਹ ਗੁਣ ਕਿਸੇ ਵੀ ਵਿਅਕਤੀ ਦੇ ਵਿਅਕਤੀਗਤ ਅਤੇ ਸਮਾਜਿਕ ਜੀਵਨ ਲਈ ਬਹੁਤ ਮਹੱਤਵਪੂਰਨ ਹਨ। ਆਰਥਿਕ ਤੌਰ 'ਤੇ ਸਫਲ ਹੋਣਾ ਤਦ ਹੀ ਲਾਭਕਾਰੀ ਹੋ ਸਕਦਾ ਹੈ ਜਦੋਂ ਵਿਅਕਤੀ ਸਮਾਜਿਕ ਮੁੱਲਾਂ ਨੂੰ ਪੂਰੀ ਤਰ੍ਹਾਂ ਸਮਝੇ। ਨੈਤਿਕ ਸਿੱਖਿਆ ਵਿਅਕਤੀ ਨੂੰ ਸਮਾਜ ਦੀ ਭਲਾਈ ਲਈ ਕੰਮ ਕਰਨ ਲਈ ਪ੍ਰੇਰਿਤ ਕਰਦੀ ਹੈ।ਨੈਤਿਕ ਸਿੱਖਿਆ ਇਹ ਕਦੇ ਵੀ ਨਹੀਂ ਸਿਖਾਉਂਦੀ ਕਿ ਕਿਸੇ ਨਿਰਧਨ ਜਾਂ ਫਿਰ ਕਮਜ਼ੋਰ ਨੂੰ ਪਛਾੜ ਕੇ ਅੱਗੇ ਲੰਘ ਜਾਓ।ਇਹ ਸਾਨੂੰ ਸਿਖਾਉਂਦੀ ਹੈ ਕਿ ਸਭ ਦਾ ਸਤਿਕਾਰ ਕਰੋ ਪਿੱਛੇ ਚਲ ਰਹੇ ਦਾ ਹੱਥ ਫੜੋ ਉਸ ਦੀ ਮੱਦਦ ਕਰੋ ਅਤੇ ਆਪਣੇ ਪੈਰਾਂ ਦੀ ਚਾਲ ਨਾਲ ਉਸ ਦੀ ਚਾਲ ਨੂੰ ਵੀ ਲੈ ਤੁਰੋ। ਨੈਤਿਕ ਮੁੱਲ ਵਿਅਕਤੀ ਨੂੰ ਆਪਣੀ ਜ਼ਿੰਦਗੀ ਵਿੱਚ ਇੱਕ ਸੰਤੁਲਨ ਬਣਾਉਣ ਅਤੇ ਆਪਣੇ ਵਿਕਾਸ ਦੀ ਦਿਸ਼ਾ ਤੈਅ ਕਰਨ ਵਿੱਚ ਮਦਦ ਕਰਦੇ ਹਨ। ਆਰਥਿਕ ਸਿੱਖਿਆ ਤੋਂ ਕਿਤੇ ਵੱਧ, ਇਹ ਵਿਅਕਤੀ ਨੂੰ ਅੰਦਰੂਨੀ ਸ਼ਾਂਤੀ ਅਤੇ ਸੰਤੋਸ਼ ਪ੍ਰਦਾਨ ਕਰਦੀ ਹੈ। ਵਿਦਿਆਰਥੀਆਂ ਲਈ ਨੈਤਿਕ ਸਿੱ ਖਿ ਆ ਵਿਅਕਤੀਗਤ ਅਤੇ ਵਿਦਿਆਕ ਜ਼ਿੰਦਗੀ ਵਿੱਚ ਸ਼ਿਸ਼ਟਾਚਾਰ ਅਤੇ ਇਮਾਨਦਾਰੀ ਦਾ ਵਿਕਾਸ ਕਰਦੀ ਹੈ।ਨੈਤਿਕ ਸਿੱਖਿਆ ਵਪਾਰ ਵਿੱਚ ਇਮਾਨਦਾਰੀ, ਗਾਹਕਾਂ ਨਾਲ ਵਧੀਆ ਸੰਬੰਧ ਅਤੇ ਸਮਾਜਿਕ ਭਲਾਈ ਨੂੰ ਯਕੀਨੀ ਬਣਾਉਂਦੀ ਹੈ। ਇਕ ਚੰਗਾ ਵਪਾਰੀ ਜੋ ਨੈਤਿਕ ਮੁੱਲਾਂ ਨੂੰ ਆਪਣੀ ਕੰਪਨੀ ਦਾ ਹਿੱਸਾ ਬਣਾਉਂਦਾ ਹੈ, ਉਹ ਲੰਬੇ ਸਮੇਂ ਤੱਕ ਸਫਲ ਰਹਿੰਦਾ ਹੈ। ਆਰਥਿਕ ਸਿੱਖਿਆ ਵਿਅਕਤੀ ਨੂੰ ਲਾਭ ਪ੍ਰਾਪਤ ਕਰਨ ਦੇ ਤਰੀਕੇ ਸਿਖਾਉਂਦੀ ਹੈ, ਪਰ ਨੈਤਿਕ ਸਿੱਖਿਆ ਇਹ ਸਿਖਾਉਂਦੀ ਹੈ ਕਿ ਇਹ ਲਾਭ ਕਿਵੇਂ ਇਮਾਨਦਾਰੀ ਨਾਲ ਪ੍ਰਾਪਤ ਕੀਤਾ ਜਾਵੇ। ਜੇਕਰ ਕਿਸੇ ਵਿਅਕਤੀ ਨੂੰ ਆਰਥਿਕ ਗਿਆਨ ਹੋਵੇ ਪਰ ਨੈਤਿਕ ਮੁੱਲ ਨਾ ਹੋਣ, ਤਾਂ ਉਹ ਲਾਲਚੀ ਬਿਰਤੀ ,ਧੋਖਾਧੜੀ ਅਤੇ ਭ੍ਰਿਸ਼ਟਾਚਾਰ ਵੱਲ ਵਧ ਸਕਦਾ ਹੈ। ਆਰਥਿਕ ਤੌਰ 'ਤੇ ਤਾਕਤਵਰ ਹੋਣਾ ਹੀ ਖੁਸ਼ਹਾਲੀ ਨਹੀਂ ਹੈ। ਇਕ ਵਿਅਕਤੀ, ਜੋ ਆਪਣੇ ਨੈਤਿਕ ਮੁੱਲਾਂ ਤੇ ਦ੍ਰਿੜ ਰਹਿੰਦਾ ਹੈ, ਉਹ ਅਸਲੀ ਖੁਸ਼ਹਾਲੀ ਦਾ ਅਨੁਭਵ ਕਰਦਾ ਹੈ।

ਆਧੁਨਿਕ ਯੁੱਗ ਵਿੱਚ ਜਿੰਨਾ ਮਹੱਤਵ ਅਸੀਂ ਆਰਥਿਕ ਗਿਆਨ ਨੂੰ ਦੇ ਰਹੇ ਹਾਂ ਉਨਾ ਹੀ ਨੈਤਿਕ ਸਿੱਖਿਆ ਅਤੇ ਇਸ ਤੋਂ ਇਲਾਵਾ ਸਿਵਲ ਡਿਫੈਂਸ ,ਫਸਟ ਏਡ ਅਤੇ ਜੰਗਬੰਦੀ ਨੀਤੀਆਂ ਦੇ ਗਿਆਨ ਨੂੰ ਵੀ ਸਿੱਖਿਆ ਦੇ ਪਹਿਲੂਆਂ ਵਿੱਚ ਪਹਿਲ ਦੇ ਆਧਾਰ ਤੇ ਸ਼ਾਮਿਲ ਕਰਨਾ ਚਾਹੀਦਾ ਹੈ। ਜਿਸ ਵਿੱਚ ਮੁਸੀਬਤ ਸਮੇਂ ਅਸੀਂ ਆਪਣਾ ਬਚਾ ਕਰ ਸਕੀਏ ਜਿਵੇਂ ਕਿ ਹੜ੍ਹ , ਸੋਕੇ , ਕਿਸੇ ਮੁਲਕ ਦਾ ਹਮਲਾ, ਫੌਜੀ ਜੰਗ ਜਿਸ ਵਿੱਚ ਕਿ ਜਾਨੀ ਅਤੇ ਮਾਲੀ ਨੁਕਸਾਨ ਦਾ ਖਦਸਾ ਹੋਵੇ ।ਉਸ ਸਮੇਂ ਉਹਨਾਂ ਹਾਲਾਤਾਂ ਨਾਲ ਅਸੀਂ ਕਿਸ ਤਰ੍ਹਾਂ ਨਜਿੱਠ ਸਕਦੇ ਹਾਂ ।ਅਸੀਂ ਆਪਣੀ ਸੰਪੱਤੀ ਦੀ ਰੱਖਿਆ ਕਿਸ ਤਰ੍ਹਾਂ ਕਰ ਸਕਦੇ ਹਾਂ। ਅਸੀਂ ਆਪਣੇ ਆਪ ਨੂੰ ਕਿਵੇਂ ਬਚਾ ਸਕਦੇ ਹਾਂ। ਹਾਲਾਤਾਂ ਦੇ ਮੁਤਾਬਿਕ ਸਾਨੂੰ ਕੀ ਰਣਨੀਤੀ ਅਪਣਾਉਣੀ ਚਾਹੀਦੀ ਹੈ ।ਕਦੋਂ ਆਪਣੇ ਡੇਰੇ ਨੂੰ ਛੱਡਣਾ ਹੈ ਤੇ ਕਦੋਂ ਉਸ ਨੂੰ ਮੱਲ ਕੇ ਆਪਣੇ ਆਪ ਨੂੰ ਸੁਰੱਖਿਅਤ ਕਰਨਾ ਹੈ ।ਕਦੋਂ ਆਤਮ ਸਮਰਪਣ ਕਰਨਾ ਤੇ ਕਦੋਂ ਪੂਰੀ ਤਾਕਤ ਨਾਲ ਮੁਕਾਬਲਾ ਕਰਨਾ ਹੈ।ਜਖਮੀ ਹੋਏ ਮਨੁੱਖਾਂ ਨੂੰ ਕਿਸ ਤਰ੍ਹਾਂ ਸੰਭਾਲਿਆ ਜਾ ਸਕਦਾ।ਉਹਨਾਂ ਨੂੰ ਹੱਲਾਸ਼ੇਰੀ ਦੇਣੀ ਅਤੇ ਫੱਟ ਦੇ ਦਰਦ ਨੂੰ ਘੱਟ ਕਰਨ ਦੇ ਗੁਰ ਸਾਨੂੰ ਆਉਣੇ ਚਾਹੀਦੇ ਨੇ।ਉਹਨਾਂ ਦਾ ਇਲਾਜ ਜਾਂ ਫਿਰ ਮੁਢਲੀ ਸਹਾਇਤਾ ਅਸੀਂ ਕਿਸ ਤਰ੍ਹਾਂ ਦੇ ਸਕਦੇ ਹਾਂ।

ਜਿਸ ਤਰ੍ਹਾ ਮਹਾਭਾਰਤ ਦੇ ਯੁੱਧ ਵਿਚ ਲੜਾਕੂ ਯੋਧਾ ਅਭਿਮੰਨੂ ਯੁੱਧ ਨੀਤੀ ਦੇ ਚੱਕਰਵਿਊ ਦੇ ਵਿੱਚ ਦਾਖਲ ਹੋਣ ਦਾ ਤਾਂ ਮਹਾਂਰਥੀ ਹੋ ਗਿਆ ਸੀ ਪਰ, ਉਸ ਨੇ ਚੱਕਰਵਿਊ ਚੋਂ ਬਾਹਰ ਨਿੱਕਲਣ ਦਾ ਗੁਰ ਹਾਸਿਲ ਨਹੀਂ ਕੀਤਾ ਸੀ ।ਇਸ ਲਈ ਉਸ ਦਾ ਪਹਿਲਾਂ ਵਾਲਾ ਹਾਸਿਲ ਕੀਤਾ ਗਿਆਨ ਉਸ ਲਈ ਲਾਭਕਾਰੀ ਸਿੱਧ ਨਾ ਹੋ ਸਕਿਆ।ਠੀਕ ਇਸੇ ਤਰ੍ਹਾਂ ਹੀ ਸਾਨੂੰ ਆਪਣੀ ਮੂਲ ਸਿੱਖਿਆ ਵਿੱਚ ਇਸ ਗਿਆਨ ਨੂੰ ਵੀ ਸਾਮਿਲ ਕਰਨਾ ਚਾਹੀਦਾ ਹੈ ਤਾਂ ਜੋ ਲੋੜ ਪੈਣ ਤੇ ਅਸੀਂ ਆਤਮ ਨਿਰਭਰ ਹੋ ਕੇ ਮੁਕਾਬਲਾ ਕਰ ਸਕੀਏ।ਇਹ ਗਿਆਨ ਵੀ ਸਾਡੇ ਲਈ ਉਨਾ ਹੀ ਜਰੂਰੀ ਹੈ ਜਿੰਨਾ ਕਿ ਬਾਕੀ ਗਿਆਨ ।

# CIA ਸਟਾਫ ਫਗਵਾੜਾ ਦੇ ਮੁਲਾਜ਼ਮ 2.5 ਲੱਖ ਦੀ ਰਿਸ਼ਵਤ ਲੈਂਦੇ ਰੰਗੇ ਹੱਥੀ ਫੜੇ ਗਏ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਜਗਤਾਰ ਸਿੰਘ ਰੋੜੇਵਾਲ :--ਭਾਵੇਂ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਰਿਸ਼ਵਤ ਖੋਰੀ ਖ਼ਿਲਾਫ਼ ਮੁਹਿੰਮ ਛੇੜੀ ਹੋਈ ਹੈ। ਪ੍ਰੰਤੂ ਪੰਜਾਬ ਵਿਚੋਂ ਰਿਸ਼ਵਤ ਖੋਰੀ ਖਤਮ ਨਹੀਂ ਹੋ ਰਹੀ।ਸੀ. ਆਈ.ਏ. ਸਟਾਫ ਫਗਵਾੜਾ ਦੀ ਪੂਰੀ ਟੀਮ ਨੂੰ ਫਗਵਾੜਾ 'ਚ ਅੱਜ ਉਸ ਸਮੇਂ ਪੁਲਿਸ ਨੇ ਆਪਣੇ ਹੀ ਵਿਭਾਗ ਦੇ ਅਧਿਕਾਰੀਆਂ ਤੇ ਕਾਰਵਾਈ ਕਰਦਿਆਂ ਭ੍ਰਿਸ਼ਟਾਚਾਰ



ਰੋਕੂ ਐਕਟ ਤਹਿਤ ਗ੍ਰਿਫਤਾਰ ਕਰ ਲਿਆ ਹੈ ਜਦੋਂ ਉਹ ਰਿਸ਼ਵਤ ਲੈ ਰਹੇ ਸਨ।।

ਇਸ ਦੀ ਪੁਸ਼ਟੀ ਕਰਦਿਆਂ ਡੀ.ਆਈ.ਜੀ. ਜਲੰਧਰ ਨਵੀਨ ਸਿੰਗਲਾ ਜੀ ਨੇ ਕਿਹਾ ਕਿ ਪੁਲਸ ਵਲੋਂ ਸੀ.ਆਈ.ਏ. ਇੰਚਾਰਜ ਬਿਸਮਨ ਸਿੰਘ ਮਾਹੀ, ASI ਨਿਰਮਲ ਕੁਮਾਰ,ASI ਜਸਵਿੰਦਰ ਸਿੰਘ ਤੇ ਕਾਂਸਟੇਬਲ ਜਗਰੂਪ ਸਿੰਘ ਖਿਲਾਫ ਕੇਸ ਦਰਜ ਕਰਕੇ ਗਿਰਫਤਾਰ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਨੇ ਇਕ ਤਸਕਰ ਹਨੀ ਨੂੰ ਆਪਣੀ ਹਿਰਾਸਤ ਚੋਂ ਛੁਡਾਉਣ ਲਈ ਲਗਭੱਗ 2.5 ਲੱਖ ਰੁਪਏ ਦੀ ਰਿਸ਼ਵਤ ਲਈ ਹੈ। ਉਨਾਂ ਦੱਸਿਆ ਕਿ ਮੁਲਜ਼ਮਾਂ ਦਾ ਡਾਕਟਰੀ ਮੁਆਇਨਾ ਕਰਵਾਇਆ ਜਾਵੇਗਾ ਤੇ ਉਨਾਂ ਨੂੰ ਜੁਡੀਸ਼ਲ ਮੈਜਿਸਟ੍ਰੇਟ ਫਗਵਾੜਾ ਦੇ ਸਾਹਮਣੇ ਪੇਸ਼ ਕੀਤਾ ਜਾਵੇਗਾ। ਪਤਾ ਲੱਗਾ ਹੈ ਕਿ ਅੱਜ ਸਵੇਰੇ ਇਹਨਾਂ ਅਧਿਕਾਰੀਆਂ ਨੂੰ 2.5 ਲੱਖ ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀ ਫੜੇ ਜਾਣ ਤੋਂ ਬਾਅਦ ਗ੍ਰਿਫਤਾਰ ਕੀਤਾ ਗਿਆ ਹੈ।

# ਪਾਣੀ ਵਿਵਾਦ: ਹਰਿਆਣਾ ਦੇ ਦਾਅਵੇ ਪੰਜਾਬ ਵਲੋਂ ਖ਼ਾਰਜ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਪੰਜਾਬ ਸਰਕਾਰ ਨੇ ਅੱਜ ਹਰਿਆਣਾ ਰਾਜ ਦੇ ਪਾਣੀਆਂ ਸਬੰਧੀ ਦਾਅਵੇ ਖ਼ਾਰਜ ਕਰ ਦਿੱਤੇ ਹਨ । ਹਰਿਆਣਾ ਪ੍ਰਚਾਰ ਕਰ ਰਿਹਾ ਹੈ ਕਿ ਉਸ ਨੂੰ ਭਾਖੜਾ ਨਹਿਰ ਤੋਂ ਆਪਣੇ ਪੂਰੇ ਹਿੱਸੇ ਦਾ ਪਾਣੀ 10,300 ਕਿਊਸਿਕ ਮਿਲ ਰਿਹਾ ਹੈ।

ਪੰਜਾਬ ਨੇ ਤਾਜ਼ਾ ਅੰਕੜਾ ਜਾਰੀ ਕੀਤਾ ਹੈ ਜਿਸ ਅਨੁਸਾਰ ਅੱਜ ਭਾਖੜਾ ਨਹਿਰ 'ਚ 8940 ਕਿਊਸਿਕ ਪਾਣੀ ਚੱਲ ਰਿਹਾ ਹੈ, ਜਿਸ ਵਿਚੋਂ ਹਰਿਆਣਾ ਨੂੰ 5635 ਕਿਊਸਿਕ ਪਾਣੀ ਮਿਲ ਰਿਹਾ ਹੈ, ਜਦੋਂ ਕਿ ਪੰਜਾਬ ਨੂੰ ਆਪਣੇ ਹਿੱਸੇ ਦੇ 3000 ਕਿਊਸਿਕ 'ਚੋਂ 1708 ਕਿਊਸਿਕ ਮਿਲ ਰਿਹਾ ਹੈ। ਇਸੇ ਤਰ੍ਹਾਂ ਰਾਜਸਥਾਨ ਨੂੰ 650 ਕਿਊਸਿਕ ਅਤੇ ਦਿੱਲੀ ਨੂੰ 496 ਕਿਊਸਿਕ ਪਾਣੀ ਮਿਲ ਰਿਹਾ ਹੈ।

ਅਸਲ ਸਥਿਤੀ ਇਹ ਹੈ ਕਿ ਬੀਐਮਐਲ ਦੀ ਕੁੱਲ ਸਮਰੱਥਾ 11700 ਕਿਊਸਿਕ ਅਨੁਸਾਰ ਪਾਣੀ ਅਜੇ ਪੰਜਾਬ ਤੱਕ ਵੀ ਨਹੀਂ ਪਹੁੰਚਿਆ ਹੈ। ਭਾਖੜਾ ਨਹਿਰ 'ਚ ਪਾਣੀ ਹੌਲੀ-ਹੌਲੀ ਵਧਾਇਆ ਜਾ ਰਿਹਾ ਹੈ।

ਪੰਜਾਬ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਆਪਣੇ ਪੂਰੇ ਹਿੱਸੇ ਦੇ 3000 ਕਿਊਸਿਕ ਪਾਣੀ ਦੀ ਵਰਤੋਂ ਕਰੇਗਾ ਅਤੇ ਹਰਿਆਣਾ ਨੂੰ ਬੀਐਮਐਲ ਨਹਿਰ ਦੀ ਸਮਰੱਥਾ ਅਨੁਸਾਰ ਬਾਕੀ ਪਾਣੀ ਮਿਲੇਗਾ।

ਪਤਾ ਲੱਗਿਆ ਹੈ ਕਿ ਹਰਿਆਣਾ ਸਰਕਾਰ ਪ੍ਰਚਾਰ ਕਰ ਕੇ ਇਸ ਵੇਲੇ ਪੂਰਾ ਪਾਣੀ ਮਿਲਣ ਦਾ ਦਾਅਵਾ ਕਰ ਰਹੀ ਹੈ, ਜਦੋਂ ਕਿ ਅਸਲੀਅਤ ਕੁਝ ਹੋਰ ਹੈ।

# ਪਿੰਡ ਰਾਵਲਪਿੰਡੀ ਬੀੜ ਢੰਡੋਲੀ, ਸੀਕਰੀ 'ਚ ਹੋਈਆਂ ਨਸ਼ੇ ਵਿਰੁੱਧ ਜਾਗਰੂਕਤਾ ਰੈਲੀਆਂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਫਗਵਾੜਾ 23 ਮਈ (ਸ਼ਿਵ ਕੌੜਾ) ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਅਤੇ ਡੀ.ਜੀ.ਪੀ. ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਸ.ਐਸ.ਪੀ. ਕਪੂਰਥਲਾ ਗੌਰਵ ਤੂਰਾ ਅਤੇ ਐਸ.ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਦੀ ਅਗਵਾਈ ਹੇਠ ਫਗਵਾੜਾ ਪੁਲਿਸ ਵਲੋਂ ਆਰੰਭੀ 'ਯੁੱਧ ਨਸ਼ਿਆਂ ਵਿਰੁਧ' ਮੁਹਿਮ ਤਹਿਤ ਅੱਜ ਫਗਵਾੜਾ ਵਿਧਾਨਸਭਾ ਹਲਕੇ ਦੇ ਪਿੰਡ ਰਾਵਲਪਿੰਡੀ, ਬੀੜ ਢੰਡੋਲੀ ਅਤੇ ਸੀਕਰੀ ਵਿਖੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਅਤੇ ਸੂਬਾ ਸਪੋਕਸਪਰਸਨ ਹਰਨੂਰ ਸਿੰਘ ਮਾਨ ਨੇ ਜਾਗਰੁਕਤਾ ਰੈਲੀਆਂ 'ਚ ਸ਼ਿਰਕਤ ਕੀਤੀ। ਜੋਗਿੰਦਰ ਸਿੰਘ ਮਾਨ ਨੇ ਹਾਜਰੀਨ ਨੂੰ




ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦਾ ਟੀਚਾ ਪੰਜਾਬ ਨੂੰ ਪੂਰੀ ਤਰ੍ਹਾਂ ਦੇ ਨਾਲ ਨਸ਼ਾ ਮੁਕਤ ਸਟੇਟ ਬਨਾਉਣਾ ਹੈ। ਜਿਸ ਨੂੰ ਲੈ ਕੇ ਪੂਰੀ ਗੰਭੀਰਤਾ ਦੇ ਨਾਲ ਕੰਮ ਕੀਤਾ ਜਾ ਰਿਹਾ ਹੈ ਅਤੇ ਖਰਾਬ ਲੋਕ ਬੇਸ਼ਕ ਪੁਲਿਸ ਵਿਚ ਹੀ ਕਿਉਂ ਨਾ ਹੋਣ, ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾ ਰਿਹਾ। ਇਹ ਸਭ ਇਸ ਲਈ ਕੀਤਾ ਜਾ ਰਿਹਾ ਹੈ ਤਾਂ ਜੋ ਪੰਜਾਬ ਦੀ ਜਵਾਨੀ ਤਰੱਕੀ ਦੇ ਰਾਹ ਤੇ ਅੱਗੇ ਵੱਧ ਸਕੇ। ਉਹਨਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਰਾਹੀਂ ਪਿੰਡਾਂ ਦੇ ਵਸਨੀਕਾਂ ਨੂੰ ਅਪੀਲ ਹੈ ਕਿ ਉਹ ਆਪੋ ਆਪਣੇ ਪਿੰਡਾਂ ਵਿੱਚ ਕਿਸੇ ਨਸ਼ੇ ਦੇ ਆਦੀ ਵਿਅਕਤੀ ਬਾਰੇ ਜਾਣਦੇ ਹਨ ਤਾਂ ਉਸ ਨੂੰ ਸਰਕਾਰੀ ਨਸ਼ਾ ਛਡਾਉ ਕੇਂਦਰ 'ਚ ਦਾਖਲ ਕਰਵਾਉਣ ਲਈ ਪਰਿਵਾਰ ਦੀ ਕਾਉਂਸਲਿੰਗ ਕਰਨ। ਕਿਉਂਕਿ ਸਰਕਾਰੀ ਕੇਂਦਰਾਂ ਵਿਚ ਬਿਲਕੁਲ ਫਰੀ ਇਲਾਜ ਕੀਤਾ ਜਾਂਦਾ ਹੈ। ਨਸ਼ਿਆਂ ਨੂੰ ਪੂਰੀ ਤਰ੍ਹਾਂ ਠੱਲ੍ਹ ਪਾਉਣ 'ਚ ਪਬਲਿਕ ਦਾ ਸਾਥ ਬਹੁਤ ਜਰੂਰੀ ਹੈ। ਇਸ ਦੇ ਨਾਲ ਹੀ ਉਹਨਾਂ ਨੇ ਨਸ਼ਾ ਤਸਕਰਾਂ ਜਾਂ ਕਿਸੇ ਹੋਰ ਸਮਾਜ ਵਿਰੋਧੀ ਅਨਸਰਾਂ ਦੀ ਜਾਣਕਾਰੀ ਬਿਨਾਂ ਕਿਸੇ ਝਿਝਕ ਤੋਂ ਪੁਲਿਸ ਨੂੰ ਦੇਣ ਦੀ ਅਪੀਲ ਕੀਤੀ। ਮਾਨ ਨੇ ਕਿਹਾ ਕਿ ਪੰਜਾਬ ਨੂੰ ਬਚਾਉਣ ਵਿੱਚ ਪੰਚਾਇਤਾਂ ਅਤੇ ਪਿੰਡਾਂ ਦੇ ਮੋਹਤਬਰ ਵਿਅਕਤੀ ਵਢਮੁੱਲਾ ਯੋਗਦਾਨ ਪਾ ਸਕਦੇ ਹਨ। ਹਰਨੂਰ ਸਿੰਘ ਮਾਨ ਨੇ ਵੀ ਸਮੂਹ ਪੰਜਾਬੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਨਸ਼ੇ ਖਿਲਾਫ਼ ਲੜੇ ਜਾ ਰਹੇ ਮਹਾਯੁੱਧ ਵਿੱਚ ਆਪਣਾ ਬਣਦਾ ਸਹਿਯੋਗ ਸਰਕਾਰ ਨੂੰ ਦਿੱਤਾ ਜਾਵੇ। ਆਪ ਆਗੂਆਂ ਨੇ ਲੋਕਾਂ ਨੂੰ ਕਦੇ ਨਸ਼ਾ ਨਾ ਕਰਨ ਅਤੇ ਨਸ਼ਾ ਤਸਕਰਾਂ ਤੇ ਉਹਨਾਂ ਦੇ ਡਰੱਗ ਹੈਂਡਲਰਾਂ ਦਾ ਸੁਰਾਗ ਪੁਲਿਸ ਨੂੰ ਦੇਣ ਦੀ ਸੌਂਹ ਵੀ ਚੁਕਵਾਈ। ਲੋਕਾਂ ਨੂੰ ਜਾਗਰੁਕ ਕਰਨ ਦੇ ਮਕਸਦ ਨਾਲ ਪਰਚੇ ਵੀ ਵੰਡੇ ਗਏ। ਇਸ ਮੌਕੇ ਓਮ ਪ੍ਰਕਾਸ਼ ਬਿੱਟੂ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ ਮੁਹਿਮ, ਗੁਰਦੀਪ ਸਿੰਘ ਦੀਪਾ ਸਿੱਖਿਆ ਕੋਆਰਡੀਨੇਟਰ ਫਗਵਾੜਾ, ਤਹਸੀਲਦਾਰ ਜਸਵਿੰਦਰ ਸਿੰਘ, ਬੀਡੀਪੀਓ ਰਾਮਪਾਲ ਰਾਣਾ, ਮੇਜਰ ਸਿੰਘ ਐਸ.ਐਚ.ਓ ਰਾਵਲਪਿੰਡੀ ਤੋਂ ਇਲਾਵਾ ਵੱਡੀ ਗਿਣਤੀ 'ਚ ਪਿੰਡਾਂ ਦੇ ਵਸਨੀਕ ਹਾਜਰ ਸਨ।

# ਪੰਜਾਬ ਤੋਂ ਕੇਰਲਾ ਤੱਕ ਜਾਤੀਵਾਦ: 1930 ਦੇ ਦਹਾਕੇ ਦੀਆਂ ਚਾਰ ਘਟਨਾਵਾਂ ਜੋ ਪ੍ਰਗਟ ਕਰਦੀਆਂ ਹਨ - ਹਿੰਦੂਆਂ ਲਈ, ਅਣਮਨੁੱਖੀਤਾ ਸਵੀਕਾਰਯੋਗ ਸੀ, ਪਰ ਇੱਕ ਅਛੂਤ ਦਾ ਛੋਹਣਾ ਸਵੀਕਾਰਯੋਗ ਨਹੀਂ ਸੀ

## ਜਾਤ ਪ੍ਰਣਾਲੀ, ਜੋ ਕਿ ਸ਼ੁੱਧਤਾ ਅਤੇ ਪ੍ਰਦੂਸ਼ਣ ਦੀਆਂ ਧਾਰਨਾਵਾਂ ਵਿੱਚ ਜੜ੍ਹੀ ਹੋਈ ਸੀ, ਨੇ ਇੱਕ ਸਮਾਜਿਕ ਵਿਵਸਥਾ ਬਣਾਈ ਜਿੱਥੇ ਅਛੂਤਾਂ ਨੂੰ ਘਟੀਆ ਮੰਨਿਆ ਜਾਂਦਾ ਸੀ, ਉਨ੍ਹਾਂ ਦੇ ਛੋਹ ਨੂੰ ਮੌਤ ਨਾਲੋਂ ਵੀ ਵੱਧ ਖ਼ਤਰਨਾਕ ਮੰਨਿਆ ਜਾਂਦਾ ਸੀ।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਗੀਤਾ ਸੁਨੀਲ ਪਿੱਲਈ

ਨਵੀਂ ਦਿੱਲੀ- 1930 ਦਾ ਦਹਾਕਾ ਭਾਰਤ ਵਿੱਚ ਇੱਕ ਉਥਲ-ਪੁਥਲ ਵਾਲਾ ਦੌਰ ਸੀ, ਜਿਸ ਵਿੱਚ ਬ੍ਰਿਟਿਸ਼ ਸ਼ਾਸਨ ਵਿਰੁੱਧ ਸੰਘਰਸ਼, ਆਜ਼ਾਦੀ ਅੰਦੋਲਨ ਦਾ ਉਭਾਰ, ਅਤੇ ਸਮਾਜਿਕ ਨਿਯਮਾਂ ਨੂੰ ਆਕਾਰ ਦੇਣ ਵਾਲੀ ਡੂੰਘੀਆਂ ਜੜ੍ਹਾਂ ਵਾਲੀ ਜਾਤ ਪ੍ਰਣਾਲੀ ਸ਼ਾਮਲ ਸੀ। “ਸ਼ੁੱਧਤਾ” ਅਤੇ “ਅਸ਼ੁੱਧਤਾ” ਦੀਆਂ ਸਦੀਆਂ ਪੁਰਾਣੀਆਂ ਧਾਰਨਾਵਾਂ ‘ਤੇ ਅਧਾਰਤ ਛੂਤ-ਛਾਤ ਦੀ ਪ੍ਰਥਾ ਨੇ ਲੱਖਾਂ ਲੋਕਾਂ ਨੂੰ ਇੱਕ ਘਟੀਆ ਹੋਂਦ ਵਿੱਚ ਧੱਕ ਦਿੱਤਾ।

ਇਸ ਯੁੱਗ ਦੀਆਂ ਚਾਰ ਭਿਆਨਕ ਘਟਨਾਵਾਂ, ਜੋ ਕਿ ਯੰਗ ਇੰਡੀਆ, ਪ੍ਰਕਾਸ਼ ਅਤੇ ਬੰਬੇ ਸਮਾਚਾਰ ਵਰਗੇ ਪ੍ਰਕਾਸ਼ਨਾਂ ਵਿੱਚ ਦਰਜ ਹਨ, ਇੱਕ ਅਜਿਹੇ ਸਮਾਜ ਦੀ ਬੇਰਹਿਮ ਹਕੀਕਤ ਨੂੰ ਉਜਾਗਰ ਕਰਦੀਆਂ ਹਨ ਜਿੱਥੇ ਜਾਤੀ ਸ਼ੁੱਧਤਾ ਨੂੰ ਦਇਆ, ਨੈਤਿਕਤਾ ਅਤੇ ਮਨੁੱਖਤਾ ਤੋਂ ਉੱਪਰ ਮੁੱਲ ਦਿੱਤਾ ਜਾਂਦਾ ਸੀ। ਅਛੂਤਾਂ, ਜਿਨ੍ਹਾਂ ਨੂੰ ਅਕਸਰ ਹਰੀਜਨ ਜਾਂ ਦਲਿਤ ਕਿਹਾ ਜਾਂਦਾ ਹੈ, ਨੂੰ ਮੰਦਰਾਂ, ਖੂਹਾਂ, ਸਕੂਲਾਂ ਅਤੇ ਜਨਤਕ ਥਾਵਾਂ ਤੋਂ ਬਾਹਰ ਕੱਢਣ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਨੂੰ ਵੱਖ-ਵੱਖ ਕਲੋਨੀਆਂ ਵਿੱਚ ਰਹਿਣ ਲਈ ਮਜਬੂਰ ਕੀਤਾ ਗਿਆ, ਜਾਤੀ ਹਿੰਦੂਆਂ ਦੁਆਰਾ ਵਰਤੀਆਂ ਜਾਂਦੀਆਂ ਚੀਜ਼ਾਂ ਨੂੰ ਛੂਹਣ ਤੋਂ ਵਰਜਿਆ ਗਿਆ, ਅਤੇ ਜਾਤੀ ਨਿਯਮਾਂ ਦੇ ਮਾਮੂਲੀ ਉਲੰਘਣ ਲਈ ਹਿੰਸਾ ਦਾ ਸ਼ਿਕਾਰ ਹੋਣਾ ਪਿਆ। ਮਹਾਤਮਾ ਗਾਂਧੀ ਵਰਗੇ ਸੁਧਾਰਕਾਂ ਨੇ ਹਰੀਜਨਾਂ ਦੇ ਉੱਨਤੀ ਲਈ ਵਕਾਲਤ ਕੀਤੀ, ਪਰ ਉਨ੍ਹਾਂ ਦੇ ਯਤਨਾਂ ਨੂੰ ਅਕਸਰ ਰਵਾਇਤੀ ਦਰਜਾਬੰਦੀਆਂ ਨਾਲ ਜੁੜੇ ਰਹਿਣ ਵਾਲੇ ਕੱਟੜਪੰਥੀ ਹਿੰਦੂਆਂ ਦੇ ਵਿਰੋਧ ਦਾ ਸਾਹਮਣਾ ਕਰਨਾ ਪਿਆ।

ਡਾ. ਅੰਬੇਡਕਰ, ਜੋ ਕਿ ਖੁਦ ਅਛੂਤ ਸਨ, ਇਸ ਪ੍ਰਣਾਲੀ ਦੇ ਸਖ਼ਤ ਆਲੋਚਕ ਸਨ, ਉਨ੍ਹਾਂ ਦਾ ਤਰਕ ਸੀ ਕਿ ਛੂਤ-ਛਾਤ ਸਿਰਫ਼ ਇੱਕ ਸਮਾਜਿਕ ਬੁਰਾਈ ਨਹੀਂ ਹੈ, ਸਗੋਂ ਇੱਕ ਨੈਤਿਕ ਅਤੇ ਰਾਜਨੀਤਿਕ ਅਸਫਲਤਾ ਹੈ। ਡਾ. ਅੰਬੇਡਕਰ ਫਾਊਂਡੇਸ਼ਨ, ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਦੁਆਰਾ ਪ੍ਰਕਾਸ਼ਿਤ ‘ਡਾ. ਬਾਬਾ ਸਾਹਿਬ ਅੰਬੇਡਕਰ: ਲਿਖਤਾਂ ਅਤੇ ਭਾਸ਼ਣ ਭਾਗ ਨੰਬਰ 5’ ਦੇ ਅਧਿਆਇ 5 ਵਿੱਚ ਬਾਬਾ ਸਾਹਿਬ ਦੁਆਰਾ ਬਿਆਨ ਕੀਤੀਆਂ ਗਈਆਂ ਕੁਝ ਦਿਲ ਖਿੱਚਵੀਆਂ ਘਟਨਾਵਾਂ ਸ਼ਾਮਲ ਹਨ, ਜੋ ਦਰਸਾਉਂਦੀਆਂ ਹਨ ਕਿ ਹਿੰਦੂ ਕਿਸੇ ਅਛੂਤ ਨੂੰ ਛੂਹਣ ਦੀ ਬਜਾਏ ਅਣਮਨੁੱਖੀ ਹੋਣਾ ਪਸੰਦ ਕਰੇਗਾ। ਇੱਕ ਅਛੂਤ ਇੱਕ ਹਿੰਦੂ ਲਈ ਕਿੰਨਾ ਅਸ਼ੁੱਧ ਅਤੇ ਸੰਗਤ ਦੇ ਯੋਗ ਨਹੀਂ ਹੈ, ਇਹ ਇਨ੍ਹਾਂ ਘਟਨਾਵਾਂ ਤੋਂ ਸਪੱਸ਼ਟ ਹੁੰਦਾ ਹੈ।

### ਜਾਤੀ ਪੱਖਪਾਤ ਕਾਰਨ ਗੁਆਚੀ ਮਾਂ ਅਤੇ ਬੱਚਾ (ਕਾਠੀਆਵਾੜ, ਗੁਜਰਾਤ 1929)



12 ਦਸੰਬਰ, 1929 ਨੂੰ ਯੰਗ ਇੰਡੀਆ (ਮਹਾਤਮਾ ਗਾਂਧੀ ਦੁਆਰਾ ਪ੍ਰਕਾਸ਼ਿਤ) ਵਿੱਚ ਪ੍ਰਕਾਸ਼ਿਤ ਇੱਕ ਦਿਲ ਦਹਿਲਾ ਦੇਣ ਵਾਲੇ ਬਿਰਤਾਂਤ ਵਿੱਚ, ਕਾਠੀਆਵਾੜ ਦੇ ਇੱਕ ਪਿੰਡ ਦੇ ਇੱਕ ਅਛੂਤ ਸਕੂਲ ਅਧਿਆਪਕ ਨੇ ਆਪਣੀ ਦੁਖਦਾਈ ਕਹਾਣੀ ਸਾਂਝੀ ਕੀਤੀ। 5 ਦਸੰਬਰ ਨੂੰ, ਉਸਦੀ ਪਤਨੀ ਨੇ ਇੱਕ ਬੱਚੇ ਨੂੰ ਜਨਮ ਦਿੱਤਾ, ਪਰ 7 ਦਸੰਬਰ ਤੱਕ, ਉਹ ਦਸਤ, ਛਾਤੀ ਦੀ ਸੋਜ ਅਤੇ ਸਾਹ ਲੈਣ ਵਿੱਚ ਮੁਸ਼ਕਲਾਂ ਤੋਂ ਪੀੜਤ, ਗੰਭੀਰ ਰੂਪ ਵਿੱਚ ਬਿਮਾਰ ਹੋ ਗਈ। ਉਸਨੂੰ ਬਚਾਉਣ ਲਈ ਬੇਤਾਬ, ਅਧਿਆਪਕ ਨੇ ਇੱਕ ਸਥਾਨਕ ਹਿੰਦੂ ਡਾਕਟਰ ਕੋਲ ਪਹੁੰਚ ਕੀਤੀ, ਜਿਸਨੇ ਜਾਤੀ ਅਪਵਿੱਤਰਤਾ ਦਾ ਹਵਾਲਾ ਦਿੰਦੇ ਹੋਏ ਹਰੀਜਨ ਕਲੋਨੀ ਜਾਣ ਜਾਂ ਬੱਚੇ ਦੀ ਜਾਂਚ ਕਰਨ ਤੋਂ ਇਨਕਾਰ ਕਰ ਦਿੱਤਾ।

ਨਗਰਸੇਠ ਅਤੇ ਗਰਾਸੀਆ ਦਰਬਾਰ ਵਰਗੇ ਸਥਾਨਕ ਪਤਵੰਤਿਆਂ ਦੇ ਲਗਾਤਾਰ ਬੇਨਤੀਆਂ ਅਤੇ ਦਖਲਅੰਦਾਜ਼ੀ ਤੋਂ ਬਾਅਦ, ਜਿਨ੍ਹਾਂ ਨੇ ਡਾਕਟਰ ਨੂੰ ਦੋ ਰੁਪਏ ਦੀ ਫੀਸ ਦਾ ਭਰੋਸਾ ਦਿੱਤਾ, ਉਹ ਮਰੀਜ਼ ਦੀ ਜਾਂਚ ਕਰਨ ਲਈ ਸਹਿਮਤ ਹੋ ਗਿਆ - ਪਰ ਸਿਰਫ਼ ਹਰੀਜਨ ਕਲੋਨੀ ਦੇ ਬਾਹਰ। ਅਧਿਆਪਕ ਆਪਣੀ ਬਿਮਾਰ ਪਤਨੀ ਅਤੇ ਨਵਜੰਮੇ ਬੱਚੇ ਨੂੰ ਜਾਂਚ ਲਈ ਆਪਣੇ ਘਰ ਤੋਂ ਬਾਹਰ ਲੈ ਗਿਆ। ਡਾਕਟਰ ਨੇ, ਆਪਣੀ ਦੂਰੀ ਬਣਾਈ ਰੱਖਦੇ ਹੋਏ, ਸਿੱਧੇ ਸੰਪਰਕ ਤੋਂ ਬਚਣ ਲਈ ਇੱਕ ਮੁਸਲਿਮ ਵਿਚੋਲੇ ਰਾਹੀਂ ਥਰਮਾਮੀਟਰ ਪਾਸ ਕੀਤਾ। ਰਾਤ 8 ਵਜੇ, ਇੱਕ ਦੀਵੇ ਦੀ ਰੌਸ਼ਨੀ ਵਿੱਚ, ਡਾਕਟਰ ਨੇ ਨਮੂਨੀਆ ਦਾ ਪਤਾ ਲਗਾਇਆ ਅਤੇ ਦਵਾਈ ਭੇਜੀ। ਆਪਣੀ ਫੀਸ ਲੈਣ ਦੇ ਬਾਵਜੂਦ, ਉਸਨੇ ਹੋਰ ਮੁਲਾਕਾਤਾਂ ਤੋਂ ਇਨਕਾਰ ਕਰ ਦਿੱਤਾ। ਅਧਿਆਪਕ, ਬਿਨਾਂ ਕਿਸੇ ਵਿਕਲਪ ਦੇ, ਆਪਣੀ ਪਤਨੀ ਨੂੰ ਬਾਜ਼ਾਰ ਤੋਂ ਅਲਸੀ ਲਗਾ ਦਿੱਤੀ, ਪਰ ਉਸ ਦਿਨ ਦੁਪਹਿਰ 2 ਵਜੇ ਉਸਦੀ ਮੌਤ ਹੋ ਗਈ। ਉਸਨੇ ਲਿਖਿਆ, “ਮੇਰੀ ਜ਼ਿੰਦਗੀ ਦਾ ਦੀਵਾ ਬੁਝ ਗਿਆ ਹੈ।”

ਇਹ ਘਟਨਾ ਦਰਸਾਉਂਦੀ ਹੈ ਕਿ ਕਿਵੇਂ ਇੱਕ ਪੜ੍ਹੇ-ਲਿਖੇ ਡਾਕਟਰ, ਪੇਸ਼ੇਵਰ ਨੈਤਿਕਤਾ ਨਾਲ ਬੱਝੇ ਹੋਏ, ਜਾਨਾਂ ਬਚਾਉਣ ਨਾਲੋਂ ਜਾਤੀ ਪੱਖਪਾਤ ਨੂੰ ਤਰਜੀਹ ਦਿੰਦੇ ਸਨ, ਜਿਸ ਨਾਲ ਇੱਕ ਮਾਂ ਅਤੇ ਉਸਦੇ ਬੱਚੇ ਦੀਆਂ ਰੋਕਥਾਮਯੋਗ ਮੌਤਾਂ ਹੁੰਦੀਆਂ ਸਨ।

### ਇੱਕ ਵੱਛੇ ਨੂੰ ਬਚਾਉਣ ਲਈ ਸਜ਼ਾ (ਜਗਵਾਲ, ਪੰਜਾਬ 1932)

23 ਅਗਸਤ, 1932 ਨੂੰ ਪ੍ਰਕਾਸ਼ ਵਿੱਚ ਦਰਜ ਇੱਕ ਘਟਨਾ, ਜੋ ਕਿ ਜਾਫਰਵਾਲ ਤਹਿਸੀਲ ਦੇ ਜਗਵਾਲ ਪਿੰਡ ਤੋਂ ਹੈ, ਇੱਕ ਜਾਤੀ-ਪ੍ਰੇਸ਼ਾਨ ਸਮਾਜ ਦੀਆਂ ਵਿਗੜੀਆਂ ਤਰਜੀਹਾਂ ਨੂੰ ਉਜਾਗਰ ਕਰਦੀ ਹੈ। 6 ਅਗਸਤ ਨੂੰ, ਇੱਕ ਵੱਛੇ ਇੱਕ ਖੂਹ ਵਿੱਚ ਡਿੱਗ ਪਿਆ। ਰਾਮਮਹਾਸ਼ਯ, ਇੱਕ ਡੋਮ (ਯੂਪੀ ਅਤੇ ਬਿਹਾਰ ਵਿੱਚ ਇੱਕ ਅਛੂਤ ਜਾਤੀ), ਜੋ ਨੇੜੇ ਸੀ, ਨੇ ਬਿਨਾਂ ਕਿਸੇ ਝਿਜਕ ਦੇ ਖੂਹ ਵਿੱਚ ਛਾਲ ਮਾਰ ਦਿੱਤੀ ਅਤੇ ਵੱਛੇ ਨੂੰ ਉਦੋਂ ਤੱਕ ਫੜੀ ਰੱਖਿਆ ਜਦੋਂ ਤੱਕ ਦੂਸਰੇ ਉਸਨੂੰ ਬਚਾਉਣ ਵਿੱਚ ਮਦਦ ਕਰਨ ਲਈ ਨਹੀਂ ਪਹੁੰਚੇ। ਸ਼ੁਕਰਗੁਜ਼ਾਰੀ ਦੀ ਬਜਾਏ, ਪਿੰਡ ਦੇ ਹਿੰਦੂਆਂ ਨੇ ਉਸ ‘ਤੇ ਆਪਣੇ ਖੂਹ ਨੂੰ ਪਲੀਤ ਕਰਨ ਦਾ ਦੋਸ਼ ਲਗਾਇਆ ਅਤੇ ਉਸ ‘ਤੇ ਹਮਲਾ ਕਰ ਦਿੱਤਾ।

ਖੂਹ ਦੇ ਕਥਿਤ ਪ੍ਰਦੂਸ਼ਣ ‘ਤੇ ਪਿੰਡ ਵਾਸੀਆਂ ਦੇ ਗੁੱਸੇ ਨੇ ਰਾਮਮਹਾਸ਼ਯ ਨੂੰ ਲਗਭਗ ਉਸਦੀ ਜਾਨ ਦੇ ਦਿੱਤੀ। ਖੁਸ਼ਕਿਸਮਤੀ ਨਾਲ, ਇੱਕ ਵਕੀਲ ਮੌਕੇ ‘ਤੇ ਪਹੁੰਚਿਆ, ਭੀੜ ਨੂੰ ਝਿੜਕਿਆ, ਅਤੇ ਉਸਨੂੰ ਹੋਰ ਨੁਕਸਾਨ ਤੋਂ ਬਚਾਇਆ। ਇਹ ਘਟਨਾ ਇੱਕ ਭਿਆਨਕ ਸਵਾਲ ਖੜ੍ਹਾ ਕਰਦੀ ਹੈ: ਕੀ ਵੱਛੇ ਨੂੰ ਬਚਾਉਣਾ ਖੂਹ ਦੀ “ਸ਼ੁੱਧਤਾ” ਨੂੰ ਸੁਰੱਖਿਅਤ ਰੱਖਣ ਨਾਲੋਂ ਜ਼ਿਆਦਾ ਮਹੱਤਵਪੂਰਨ ਸੀ? ਜਗਵਾਲ ਦੇ ਹਿੰਦੂਆਂ ਲਈ, ਇੱਕ ਅਛੂਤ ਦਾ ਛੂਹਣਾ, ਭਾਵੇਂ ਬਹਾਦਰੀ ਦੇ ਕੰਮ ਵਿੱਚ ਹੀ ਕਿਉਂ ਨਾ ਹੋਵੇ, ਵੱਛੇ ਦੀ ਸੰਭਾਵੀ ਮੌਤ ਨਾਲੋਂ ਵੱਡਾ ਅਪਰਾਧ ਸੀ।

### ਇੱਕ ਬੱਚੇ ਨੂੰ ਬਚਾਉਣ ਵਾਲੇ ‘ਤੇ ਹਮਲਾ (ਕਲਾਦੀ, ਕੇਰਲਾ 1936)

19 ਦਸੰਬਰ, 1936 ਨੂੰ ਬੰਬੇ ਸਮਾਚਾਰ ਵਿੱਚ ਰਿਪੋਰਟ ਕੀਤੇ ਅਨੁਸਾਰ, ਕਾਲੀਕਟ ਦੇ ਇੱਕ ਪਿੰਡ ਕਲਾਦੀ ਵਿੱਚ ਵੀ ਅਕ੍ਰਿਤਘਣਤਾ ਅਤੇ ਹਿੰਸਾ ਦੀ ਇੱਕ ਅਜਿਹੀ ਹੀ ਕਹਾਣੀ ਸਾਹਮਣੇ ਆਈ। ਜਦੋਂ ਇੱਕ ਨੌਜਵਾਨ ਔਰਤ ਦਾ ਬੱਚਾ ਖੂਹ ਵਿੱਚ ਡਿੱਗ ਪਿਆ, ਤਾਂ ਪਿੰਡ ਵਾਸੀਆਂ ਵਿੱਚੋਂ ਕਿਸੇ ਨੇ ਵੀ ਦਖਲ ਦੇਣ ਦੀ ਹਿੰਮਤ ਨਹੀਂ ਕੀਤੀ। ਇੱਕ ਲੰਘਦੇ ਅਜਨਬੀ ਨੇ ਹਿੰਮਤ ਨਾਲ ਖੂਹ ਵਿੱਚ ਛਾਲ ਮਾਰ ਦਿੱਤੀ ਅਤੇ ਬੱਚੇ ਨੂੰ ਬਚਾਇਆ। ਜਦੋਂ ਉਸਨੇ ਖੁਲਾਸਾ ਕੀਤਾ ਕਿ ਉਹ ਅਛੂਤ ਹੈ, ਤਾਂ ਪਿੰਡ ਵਾਸੀਆਂ ਦੀ ਰਾਹਤ ਗੁੱਸੇ ਵਿੱਚ ਬਦਲ ਗਈ। ਉਸਦਾ ਧੰਨਵਾਦ ਕਰਨ ਦੀ ਬਜਾਏ, ਉਨ੍ਹਾਂ ਨੇ ਖੂਹ ਨੂੰ “ਦੂਸ਼ਿਤ” ਕਰਨ ਲਈ ਉਸਨੂੰ ਗਾਲ੍ਹਾਂ ਕੱਢੀਆਂ ਅਤੇ ਹਮਲਾ ਕੀਤਾ।

ਇਹ ਘਟਨਾ, ਜਗਵਾਲ ਵਿੱਚ ਵਾਪਰੀ ਘਟਨਾ ਵਰਗੀ, ਅਛੂਤਾਂ ਵਿਰੁੱਧ ਡੂੰਘੇ ਪੱਖਪਾਤ ਨੂੰ ਉਜਾਗਰ ਕਰਦੀ ਹੈ। ਇੱਕ ਬੱਚੇ ਦੀ ਜਾਨ ਬਚਾਉਣ ਵਾਲੇ ਨਾਇਕ ਨੂੰ ਸਿਰਫ਼ ਇਸ ਲਈ ਸਜ਼ਾ ਦਿੱਤੀ ਗਈ ਕਿਉਂਕਿ ਜਾਤੀ ਹਿੰਦੂਆਂ ਦੁਆਰਾ ਉਸਦੇ ਛੂਹਣ ਨੂੰ ਅਸਵੀਕਾਰਨਯੋਗ ਸਮਝਿਆ ਜਾਂਦਾ ਸੀ।

### ਚਿਤਾ ਨੂੰ ਚੌਲਾਂ ਨਾਲ ਅਪਵਿੱਤਰ ਕਰਨਾ (ਲਖਨਊ, ਯੂਪੀ 1937)

ਜੁਲਾਈ 1937 ਵਿੱਚ ਲਖਨਊ ਦੇ ਆਦਿ ਹਿੰਦੂ ਵਿੱਚ ਦਰਜ ਇੱਕ ਹੈਰਾਨ ਕਰਨ ਵਾਲੀ ਘਟਨਾ ਜਾਤੀ ਪੱਖਪਾਤ ਦੀ ਬੇਰਹਿਮ ਹੱਦ ਨੂੰ ਦਰਸਾਉਂਦੀ ਹੈ। ਮਦਰਾਸ ਹੋਮਜ਼ ਕੰਪਨੀ ਦੇ ਇੱਕ ਉੱਚ-ਜਾਤੀ ਕਰਮਚਾਰੀ ਦੇ ਸਸਕਾਰ ਦੌਰਾਨ, ਦੋਸਤ ਅਤੇ ਰਿਸ਼ਤੇਦਾਰ ਚਿਤਾ ‘ਤੇ ਚੌਲ ਸੁੱਟਣ ਦੀ ਰਸਮ ਕਰਨ ਲਈ ਇਕੱਠੇ ਹੋਏ ਸਨ। ਉਨ੍ਹਾਂ ਵਿੱਚ ਇੱਕ ਆਦਿ-ਦ੍ਰਾਵਿੜ, ਮਦਰਾਸ ਦਾ ਇੱਕ ਅਛੂਤ, ਵੀ ਸੀ, ਜੋ ਸਤਿਕਾਰ ਵਜੋਂ ਇਸ ਕਾਰਵਾਈ ਵਿੱਚ ਸ਼ਾਮਲ ਹੋਇਆ ਸੀ। ਹਾਲਾਂਕਿ, ਇਸ ਸਧਾਰਨ ਇਸ਼ਾਰੇ ਨੂੰ ਮੌਜੂਦ ਉੱਚ-ਜਾਤੀ ਹਿੰਦੂਆਂ ਦੁਆਰਾ ਚਿਤਾ ਦੀ ਅਪਵਿੱਤਰਤਾ ਮੰਨਿਆ ਗਿਆ। ਸਥਿਤੀ ਇੱਕ ਗਰਮ ਬਹਿਸ ਵਿੱਚ ਬਦਲ ਗਈ, ਜੋ ਹਿੰਸਕ ਹੋ ਗਈ। ਇਸ ਤੋਂ ਬਾਅਦ ਹੋਈ ਹਫੜਾ-ਦਫੜੀ ਵਿੱਚ, ਦੋ ਆਦਮੀਆਂ ਨੂੰ ਚਾਕੂ ਮਾਰ ਦਿੱਤਾ ਗਿਆ - ਇੱਕ ਦੀ ਹਸਪਤਾਲ ਪਹੁੰਚਣ ‘ਤੇ ਮੌਤ ਹੋ ਗਈ, ਅਤੇ ਦੂਜੇ ਨੂੰ ਗੰਭੀਰ ਹਾਲਤ ਵਿੱਚ ਛੱਡ ਦਿੱਤਾ ਗਿਆ। ਇਹ ਘਟਨਾ ਉਜਾਗਰ ਕਰਦੀ ਹੈ ਕਿ ਕਿਵੇਂ ਇੱਕ ਅਛੂਤ ਦੀ ਸੋਗ ਦੀ ਸਾਂਝੀ ਰਸਮ ਵਿੱਚ ਭਾਗੀਦਾਰੀ ਨੂੰ ਇੰਨਾ ਗੰਭੀਰ ਅਪਰਾਧ ਮੰਨਿਆ ਜਾਂਦਾ ਸੀ ਕਿ ਇਸਨੇ ਘਾਤਕ ਹਿੰਸਾ ਨੂੰ ਜਨਮ ਦਿੱਤਾ, ਜਿਸ ਨਾਲ ਉਸ ਸਮੇਂ ਦੀ ਡੂੰਘੀ ਜੜ੍ਹਾਂ ਵਾਲੀ ਜਾਤੀ ਕੱਟੜਤਾ ਦਾ ਪਰਦਾਫਾਸ਼ ਹੋਇਆ।

# ਕੜਕਦੀ ਗਰਮੀ ਵਿੱਚ ਮੁੱਖ ਦਫਤਰ ਅੱਗੇ ਗਰਜੇ ਬਿਜਲੀ ਕਾਮੇ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਪਟਿਆਲਾ 23 ਮਈ : (ਬਾਂਗਾਂ/ਬੇਅੰਤ ਸਿੰਘ ਰੋਹਟੀ ਖਾਸ) ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਬਿਜਲੀ ਕਾਮਿਆਂ ਦੀਆਂ ਭਖਦੀਆਂ ਮੰਗਾਂ ਸਮੱਸਿਆਵਾਂ ਦਾ ਹੱਲ ਕਰਵਾਉਣ ਲਈ ਅਤੇ ਪਾਵਰਕਾਮ ਦੀ ਮੈਨੇਜਮੈਂਟ ਦੀ ਨਿੱਜੀਕਰਨ ਵੱਲ ਵੱਧਦੇ ਕਦਮਾਂ ਨੂੰ ਰੋਕਣ ਲਈ ਹੈਡ ਆਫਿਸ ਪਟਿਆਲਾ ਦੇ ਸਾਹਮਣੇ ਕੜਕਦੀ ਗਰਮੀ ਵਿੱਚ ਬਿਜਲੀ ਕਾਮਿਆਂ ਵੱਲੋਂ



ਵਿਸ਼ਾਲ ਰੋਸ ਪ੍ਰਦਰਸ਼ਨ ਸਾਥੀ ਹਰਪ੍ਰੀਤ ਸਿੰਘ ਸੂਬਾ ਕੋ—ਕਨਵੀਨਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ, ਜਿਸ ਵਿੱਚ ਹਜਾਰਾਂ ਬਿਜਲੀ ਕਾਮਿਆਂ ਨੇ ਸ਼ਮੂਲੀਅਤ ਕੀਤੀ। ਪੰਜਾਬ ਦੇ ਕੋਨੇ—ਕੋਨੇ ਤੋਂ ਆਏ ਬਿਜਲੀ ਕਾਮਿਆਂ ਨੂੰ ਸੰਬੋਧਨ ਕਰਦੇ ਹੋਏ ਸੂਬਾਈ ਆਗੂ ਦਲਬੀਰ ਸਿੰਘ ਜ਼ੇਹਲ, ਹਰਪ੍ਰੀਤ ਸਿੰਘ, ਸੰਜੀਵ ਕੁਮਾਰ, ਸੰਜੀਵ ਸੈਣੀ, ਦੀਪਕ ਕੁਮਾਰ, ਸੁਰਿੰਦਰ ਧਰਾਂਗਵਾਲਾ, ਸਿੰਗਾਰ ਚੰਦ, ਸਿੰਦਰ ਸਿੰਘ, ਲਖਵੀਰ ਸਿੰਘ ਨੇ ਕਿਹਾ ਕਿ 6ਵੇਂ ਤਨਖਾਹ ਕਮਿਸ਼ਨ ਅਨੁਸਾਰ ਸੋਧੀ ਹੋਈ ਤਨਖਾਹ, ਪੈਨਸ਼ਨ, ਫੈਮਿਲੀ ਪੈਨਸ਼ਨ, ਲੀਵ ਇਨਕੈਸ਼ਮੈਂਟ (ਸਮੇਤ ਮਹਿੰਗਾਈ ਭੱਤਾ/ਮਹਿੰਗਾਈ ਸਹਿਤ) ਦਾ ਏਰੀਅਰ ਸਾਲ 2025 ਵਿੱਚ ਯਕਮੁਕਤ ਦੇ ਕਿਸ਼ਤਾਂ ਵਿੱਚ ਦੇਣ, 2004 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ ਤੇ ਵੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਸੀ.ਆਰ.ਏ. 249/4, 267/11 ਅਤੇ 281/13 ਤਹਿਤ ਭਰਤੀ ਹੋਏ ਲਾਈਨਮੈਨ/ਐਸ.ਐਸ.ਏ. ਨੂੰ ਕਨਟਰੈਕਟ ਪੀਰੀਅਡ ਦਾ ਲਾਭ ਪੈਨਸ਼ਨਰੀ ਲਾਭਾਂ, ਸੀਨੀਆਰਤਾ ਅਤੇ ਤਰੱਕੀ ਵਿੱਚ ਦਿੱਤਾ ਜਾਵੇ। ਸੀ.ਆਰ.ਏ. 295/19 ਦੇ ਰਹਿੰਦੇ 25 ਸਾਥੀਆਂ ਨੂੰ ਬਹਾਲ ਕਰਕੇ ਰੈਗੂਲਰ ਕਰਨ, ਜੁਲਾਈ 2020 ਤੋਂ ਨਿਯੁਕਤ ਕਰਮਚਾਰੀਆਂ ਉਪਰ ਕੇਂਦਰ ਸਰਕਾਰ ਦੇ ਤਨਖਾਹ ਸਕੇਲ ਦੀ ਥਾਂ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਜੁਲਾਈ 2021 ਤੋਂ ਪਹਿਲਾਂ ਭਰਤੀ ਹੋਏ ਕਰਮਚਾਰੀਆਂ ਜਿਨ੍ਹਾਂ ਦੀ ਨਿਯੁਕਤੀ / ਤਰੱਕੀ ਸੋਧੇ ਸਕੇਲ ਲਾਗੂ ਹੋਣ ਤੋਂ ਬਾਅਦ ਹੋਈ ਹੈ ਨੂੰ ਵਿੱਤ ਸਰਕੂਲਰ ਨੰਬਰ 24/21 ਅਨੁਸਾਰ ਸੋਧੀ ਤਨਖਾਹ ਸਮੇਤ 15# ਦਾ ਵਾਧਾ ਦੇ ਕੇ ਮੁੱਢਲੀ ਤਨਖਾਹ 35400 ਕਰਨ ਸਮੇਤ ਹੋਰ ਮਹਤਵਪੂਰਨ ਮੁੱਦਿਆਂ ਨੂੰ ਤੁਰੰਤ ਹੱਲ ਕੀਤਾ ਜਾਵੇ ਅਤੇ ਜਥੇਬੰਦੀ ਵੱਲੋਂ ਦਿੱਤੇ ਮੰਗ ਪੱਤਰ ਅਨੁਸਾਰ ਸਮੱਸਿਆ ਦਾ ਨਿਪਟਾਰਾ ਕੀਤਾ ਜਾਵੇ ਪਰ ਪਾਵਰਕਾਮ ਦੀ ਮੈਨੇਜਮੈਂਟ ਨੇ ਮੰਗਾਂ ਮਸਲਿਆਂ ਦਾ ਹੱਲ ਕਰਨ ਦੀ ਬਜਾਏ, ਲਾਲੜੂ, ਖਰੜ ਡਵੀਜਨਾਂ ਸਮੇਤ ਅਜਮਾਇਸ਼ ਦੇ ਤੌਰ ਤੇ 10 ਡਵੀਜਨਾਂ ਵਿੱਚ ਬਿਜਲੀ ਪ੍ਰਬੰਧਕ ਦਾ ਸਾਰਾ ਕੰਮ ਨਿਜੀ ਹੱਥਾਂ ਵਿੱਚ ਦੇਣ ਵਲ ਕਦਮ ਵਧਾਉਣੇ ਸ਼ੁਰੂ ਕਰ ਦਿੱਤੇ ਹਨ, ਜਿਸ ਦਾ ਅੱਜ ਦੇ ਰੋਸ ਪ੍ਰਦਰਸ਼ਨ ਵਿੱਚ ਜ਼ੋਰਦਾਰ ਵਿਰੋਧ ਕਰਦੇ ਹੋਏ ਮੰਗ ਕੀਤੀ ਗਈ ਕਿ ਅਦਾਰੇ ਅੰਦਰ ਨਿਜੀਕਰਨ ਦੀ ਨੀਤੀ ਤੁਰੰਤ ਬੰਦ ਕੀਤੀ ਜਾਵੇ। ਧਰਨੇ ਨੂੰ ਸੰਬੋਧਨ ਕਰਦੇ ਹੋਏ ਸਾਥੀ ਕੁਲਦੀਪ ਸਿੰਘ ਖੰਨਾ ਮੁੱਖ ਸਲਾਹਕਾਰ, ਅਵਤਾਰ ਸਿੰਘ ਕੈਂਥ ਪ੍ਰਧਾਨ ਜੁਆਇੰਟ ਐਕਸ਼ਨ ਕਮੇਟੀ ਹੈਡ ਆਫਿਸ ਪਟਿਆਲਾ, ਜਗਜੀਤ ਸਿੰਘ ਕੰਡਾ ਸਾਬਕਾ ਜੁਆਇੰਟ ਫੋਰਮ ਆਗੂ, ਜਗਤਾਰ ਸਿੰਘ ਉੱਪਲ ਸਾਬਕਾ ਸੂਬਾ ਜਨਰਲ ਸਕੱਤਰ, ਪ੍ਰੀਤਮ ਸਿੰਘ ਪਿੰਡੀ, ਦਰਸ਼ਨ ਸਿੰਘ ਬੇਲੂਮਾਜਰਾ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂ, ਤੇ ਗੁਰਚਰਨ ਸਿੰਘ ਨਾਭਾ ਆਦਿ ਨੇ ਪਾਵਰਕਾਮ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਅਦਾਰੇ ਅੰਦਰ ਖਾਲੀ ਪਈਆਂ ਹਜਾਰਾਂ ਪੋਸਟਾਂ ਨੂੰ ਤੁਰੰਤ ਰੈਗੂਲਰ ਭਰਤੀ ਰਾਹੀਂ ਭਰਿਆ ਜਾਵੇ, ਮ੍ਰਿਤਕਾਂ ਦੇ ਵਾਰਿਸਾਂ ਨੂੰ ਜੋ ਅਪਲਾਈ ਕਰਨ ਤੋਂ ਰਹਿ ਗਏ ਸਨ ਨੂੰ ਇੱਕ ਮੌਕਾ ਪ੍ਰਦਾਨ ਕਰਦੇ ਹੋਏ ਸਲੇਸ਼ੀਅਮ ਦੀ ਮੁੱਢਲੀ ਰਕਮ ਜਮਾਂ ਕਰਵਾ ਕੇ ਨੌਕਰੀ ਦਿੱਤੀ ਜਾਵੇ, ਹਰ ਤਰ੍ਹਾਂ ਦੇ ਕੱਚੇ ਕਾਨਟਰੈਕਟ ਤੇ ਲੱਗੇ ਮੀਟਰ ਰੀਡਰ, ਸਮੇਤ ਸੀ.ਐਚ.ਬੀ. ਨੂੰ ਤੁਰੰਤ ਪੱਕਾ ਕੀਤਾ ਜਾਵੇ। ਅੱਜ ਦੇ ਇਸ ਵਿਸ਼ਾਲ ਰੋਸ ਪ੍ਰਦਰਸ਼ਨ ਵਿੱਚ ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਹਜਾਰਾਂ ਕਾਮਿਆ ਨੇ ਆਕਾਸ਼ ਗੂੰਜਾਊ ਨਾਅਰਿਆਂ ਨਾਲ ਜਿੱਥੇ ਪਾਵਰਕਾਮ ਦੀ ਮੈਨੇਜਮੈਂਟ ਤੇ ਮੁਲਾਜਮਾਂ ਦੀਆਂ ਮਹੱਤਵਪੂਰਨ ਮੰਗਾਂ ਮੰਨਣ ਲਈ ਜ਼ੋਰ ਦਿੱਤਾ। ਉੱਥੇ ਬਹੁਤ ਸਾਰੀਆਂ ਭੁਲੇਖਾ ਪਾਊ ਸ਼ਕਤੀਆਂ ਦੇ ਭੁਲੇਖੇ ਵੀ ਦੂਰ ਕਰ ਦਿੱਤੇ। ਸਟੇਜ਼ ਦੀ ਕਾਰਵਾਈ ਸਾਥੀ ਦਲਬੀਰ ਸਿੰਘ ਜ਼ੇਹਲ ਨੇ ਬਾਖੂਬੀ ਨਿਭਾਈ। ਅਖੀਰ ਵਿੱਚ ਰੋਸ ਪ੍ਰਦਰਸ਼ਨ ਵਿੱਚ ਹਾਜਰ ਹੋਏ ਹਜਾਰਾਂ ਸਾਥੀਆਂ ਦਾ ਸਾਥੀ ਹਰਪ੍ਰੀਤ ਸਿੰਘ ਫਰੀਦਕੋਟ ਸੂਬਾ ਕੋ—ਕਨਵੀਨਰ ਨੇ ਧੰਨਵਾਦ ਕੀਤਾ।

# ਮੱਘਦਾ ਰਹੀ ਵੇ ਸੂਰਜਾ ਕਮੀਆਂ ਦੇ ਵੇਹੜੇ ਸਟੇਜਾਂ ਤੇ ਗੀਤ ਗਾ ਕੇ ਮਜ਼ਦੂਰਾਂ ਦੀਆਂ ਵੋਟਾਂ ਹਾਸਲ ਕਰਕੇ ਅਖੌਤੀ ਇਨਕਲਾਬ ਦਾ ਨਾਅਰਾ ਦੇ ਕੇ ਸੱਤਾ ਦੀ ਕੁਰਸੀ ਤੇ ਪਹੁੰਚੇ ਭਗਵੰਤ ਮਾਨ- ਇਫਟੂ

## ਸਰਕਾਰ ਸੰਵਿਧਾਨ ਨੂੰ ਲਾਗੂ ਕਰਨ ਦੀ ਬਜਾਏ ਹੱਕ ਮੰਗਦੇ ਦਲਿਤਾਂ ਤੇ ਕਰ ਰਹੀ ਹੈ ਜਬਰ ਜੇਲਾਂ ਵਿੱਚ ਬੰਦ ਕੀਤੇ ਮਜ਼ਦੂਰਾਂ, ਔਰਤਾਂ, ਬਜ਼ੁਰਗਾਂ ਤੇ ਬੱਚਿਆਂ ਨੂੰ ਤੁਰੰਤ ਰਿਹਾਅ ਕਰਨ ਦੀ ਕੀਤੀ ਮੰਗ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com



ਸ੍ਰੀ ਚਮਕੌਰ ਸਾਹਿਬ 23ਮਈ (ਹਰਦਿਆਲ ਸਿੰਘ ਸੰਧੂ) ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ ਸਬੰਧਿਤ ਇਫਟੂ ਬਲਾਕ ਚਮਕੌਰ ਸਾਹਿਬ ਦੇ ਪ੍ਰਧਾਨ ਬਲਵਿੰਦਰ ਸਿੰਘ ਭੈਰੋ ਮਾਜਰਾ, ਜਨਰਲ ਸਕੱਤਰ ਮਿਸਤਰੀ ਮਨਮੋਹਣ ਸਿੰਘ ਕਾਲਾ, ਡੀਟੀਐਫ ਦੇ ਜਿਲ੍ਹਾ ਪ੍ਰਧਾਨ ਮਾਸਟਰ ਗਿਆਨ ਚੰਦ, ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਦੇ ਜੋਨ ਪ੍ਰਧਾਨ ਮਲਾਗਰ ਸਿੰਘ ਖਮਾਣੋ, ਬਰਾਂਚ ਰੋਪੜ /ਮੋਹਾਲੀ ਦੇ ਪ੍ਰਧਾਨ ਬ੍ਰਹਮਪਾਲ ਸਹੋਤਾ, ਜਨਰਲ ਸਕੱਤਰ ਅਮਰੀਕ ਸਿੰਘ ਖਿਜਰਾਬਾਦ, ਕਿਰਤੀ ਕਿਸਾਨ ਮੋਰਚੇ ਦੇ ਬਲਾਕ ਚਮਕੌਰ ਸਾਹਿਬ ਦੇ ਕਨਵੀਨਰ ਹਰਜੀਤ ਸਿੰਘ ਫੌਜੀ ਸੈਦਪੁਰਾ, ਪੀਐਸਯੂ ਦੇ ਜ਼ਿਲ੍ਹਾ ਪ੍ਰਧਾਨ ਮਨਪ੍ਰੀਤ ਕੌਰ, ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਬਲਾਕ ਮੋਰਿੰਡਾ ਦੇ ਜਨਰਲ ਸਕੱਤਰ ਰੁਪਿੰਦਰ ਸਿੰਘ ਬਬਨਾੜਾ, ਸਾਬਕਾ ਪ੍ਰਧਾਨ ਪਿਆਰਾ ਸਿੰਘ, ਕਰਮਜੀਤ ਸਿੰਘ ਮੁੰਡੀਆ, ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਦੀ ਆਗੂ ਹਰਜੀਤ ਕੌਰ ਸਮਰਾਲਾ ਪਾਵਰਕਾਮ ਪੈਨਸ਼ਨਰ ਆਗੂ ਹਰਭਜਨ ਸਿੰਘ, ਆਊਟਸੋਰਸਿੰਗ ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਦੇ ਆਗੂ ਵਿਜੇ ਕੁਮਾਰ ਕਜੌਲੀ, ਜਗਤਾਰ ਸਿੰਘ ਰੱਤੋਂ, ਆਦਿ ਆਗੂਆਂ ਨੇ ਕਿਹਾ ਕਿ ਬੇਚਿਰਾਗ ਪਿੰਡ ਬੀੜ ਐਸਵਾਨ ਸੰਗਰੂਰ ਵਿਖੇ 927 ਏਕੜ ਜਮੀਨ ਚੋਂ ਬੇਗਮਪੁਰਾ ਬਸਾਉਣ ਤੋਂ ਰੋਕਣ ਲਈ, ਛੇ ਜ਼ਿਲ੍ਹਿਆਂ ਦੀ ਪੁਲਿਸ ਨੇ ਦਲਿਤ ਮਜ਼ਦੂਰਾਂ, ਔਰਤਾਂ, ਬਜ਼ੁਰਗਾਂ ਤੇ ਜਬਰ ਕਰਨ ਅਤੇ ਵੱਖ-ਵੱਖ ਜੇਲਾਂ ਵਿੱਚ ਬੰਦ ਕਰਕੇ ਦਲਿਤਾਂ ਨਾਲ ਵੱਡਾ ਧਰੋ ਕਮਾਇਆ ਹੈ। ਇੱਕ ਪਾਸੇ ਡਾ ਭੀਮ ਰਾਓ ਅੰਬੇਦਕਰ ਦੀਆਂ ਸੌਂਹਾਂ ਖਾ ਕੇ, ਮੱਘਦਾ ਰਹੀ ਵੇ ਸੂਰਜਾ ਕਮੀਆਂ ਦੇ ਵੇਹੜੇ ਸਟੇਜਾਂ ਤੇ ਗੀਤ ਗਾ ਕੇ ਮਜ਼ਦੂਰਾਂ ਦੀਆਂ ਵੋਟਾਂ ਹਾਸਲ ਕਰਕੇ ਅਖੌਤੀ ਇਨਕਲਾਬ ਦਾ ਨਾਅਰਾ ਦੇ ਕੇ ਸੱਤਾ ਦੀ ਕੁਰਸੀ ਤੇ ਪਹੁੰਚੇ ਭਗਵੰਤ ਮਾਨ ਦੀ ਸਰਕਾਰ ਸੰਵਿਧਾਨ ਨੂੰ ਲਾਗੂ ਕਰਨ ਦੀ ਬਜਾਏ ਹੱਕ ਮੰਗਦੇ ਦਲਿਤਾਂ ਤੇ ਜਬਰ ਕਰ ਰਹੀ ਹੈ। ਇਹਨਾਂ ਜਿੱਥੇ ਬੇਜਮੀਨੇ ਦਲਿਤਾਂ ਦੇ ਸੰਘਰਸ਼ਾਂ ਦੀ ਡਟਵੀਂ ਹਮਾਇਤ ਦਾ ਐਲਾਨ ਕੀਤਾ, ਉਥੇ ਹੀ ਸਮੁੱਚੇ ਗ੍ਰਿਫਤਾਰ ਕੀਤੇ ਮਜ਼ਦੂਰਾਂ ਔਰਤਾਂ ਬਜ਼ੁਰਗਾਂ ਬੱਚਿਆਂ ਨੂੰ ਤੁਰੰਤ ਰਿਹਾ ਕਰਨ ਦੀ ਮੰਗ ਵੀ ਕੀਤੀ।

# ਹੁਣ ਲੁਧਿਆਣਾ ‘ਚ ਜ਼ਹਿਰੀਲੀ ਸ਼ਰਾਬ ਨਾਲ ਹੋਈਆਂ ਤਿੰਨ ਮੌਤਾਂ ਨੇ ਮੁੜ ਖੋਲੀ ਸਰਕਾਰ ਦੀ ਪੋਲ - ਡਾ ਕਰੀਮਪੁਰੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਪੀੜ੍ਹਤ ਪਰਿਵਾਰਾਂ ਨਾਲ ਬਸਪਾ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕੀਤੀ ਮੁਲਾਕਾਤ





ਲੁਧਿਆਣਾ, 23 ਮਈ ( ) ਅੱਜ ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਨੇ ਜ਼ਹਿਰੀਲੀ ਸ਼ਰਾਬ ਪੀਣ ਨਾਲ ਹੋਈਆਂ ਮੌਤਾਂ ਕਾਰਨ ਪੀੜ੍ਹਤ ਪਰਿਵਾਰਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਇਸ ਘਟਨਾ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਮਜੀਠਾ ਤੋਂ ਬਾਅਦ ਲੁਧਿਆਣਾ ਚ ਚੰਦ ਦਿਨਾਂ ਬਾਅਦ ਵਾਪਰੀ ਇਸ ਮੰਦਭਾਗੀ ਘਟਨਾ ਨੇ ਸਰਕਾਰ ਦੀ ਮੁਹਿੰਮ “ਯੁੱਧ ਨਸ਼ਿਆਂ ਵਿਰੁੱਧ” ਦੀ ਪੋਲ ਪੂਰੀ ਤਰ੍ਹਾਂ ਖੋਲ ਦਿੱਤੀ ਹੈ। ਪੀੜ੍ਹਤ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਜਦੋਂ ਮਜੀਠਾ ‘ਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ 28 ਮੌਤਾਂ ਹੋਈਆਂ ਸਨ ਤਾਂ ਉਸੇ ਦਿਨ ਬਹੁਜਨ ਸਮਾਜ ਪਾਰਟੀ ਦੀ ਲੀਡਰਸ਼ਿਪ ਪਹੁੰਚੀ ਸੀ, ਉਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਹ ਮੰਨਿਆ ਸੀ ਕਿ ਪੁਲਿਸ, ਰਾਜਨੀਤਿਕ ਲੀਡਰਾਂ ਅਤੇ ਮਾਫ਼ੀਆ ਦੇ ਗੱਠਜੋੜ ਤੋਂ ਬਿਨ੍ਹਾਂ ਅਜਿਹੀ ਦੁਖਦਾਈ ਘਟਨਾ ਦਾ ਵਾਪਰਨਾ ਸੰਭਵ ਨਹੀਂ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੇ ਮੰਨਣ ਤੋਂ ਬਾਅਦ ਵੀ ਉਸ ਗੱਠਜੋੜ ਦਾ ਪ੍ਰਸ਼ਾਸਨ ਪਤਾ ਨਹੀਂ ਲਗਾ ਸਕਿਆ। ਉਨ੍ਹਾਂ ਕਿਹਾ ਕਿ ਅਸੀਂ ਸਰਕਾਰ ਨੂੰ ਬੇਨਤੀ ਕਰਦੇ ਹਾਂ ਕਿ ਇਸ ਘਟਨਾ ਨੇ ਮਾਂ-ਬਾਪ ਤੋਂ ਉਨ੍ਹਾਂ ਦਾ ਸਹਾਰਾ, ਇੱਕ ਪਤਨੀ ਤੋਂ ਉਸਦਾ ਸੁਹਾਗ ਤੇ ਬੱਚਿਆਂ ਤੋਂ ਉਨ੍ਹਾਂ ਦੀ ਛਾਂ ਖੋਹ ਲਈ ਹੈ, ਇਸ ਲਈ ਇੱਕ-ਇੱਕ ਕਰੋੜ ਦਾ ਮੁਆਵਜ਼ਾ ਤੇ ਘਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਅਜੇ ਤੱਕ ਇਸ ਗੱਠਜੋੜ ਨੂੰ ਚਲਾਉਣ ਵਾਲਿਆਂ ਨੂੰ ਫੜ੍ਹ ਨਹੀਂ ਸਕੀ ਹੈ, ਇਸ ਲਈ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ‘ਬਸਪਾ’ ਦਾ ਵਫ਼ਦ ਲੁਧਿਆਣਾ ਡਿਪਟੀ ਕਮਿਸ਼ਨਰ ਨੂੰ ਮਿਲੇਗਾ ਤੇ ਉਪਰੋਕਤ ਮੰਗਾਂ ਬਾਰੇ ਦੱਸੇਗਾ। ਇਸ ਮੌਕੇ ਸੂਬਾ ਇੰਚਾਰਜ ਅਜੀਤ ਸਿੰਘ ਭੈਣੀ, ਜਨਰਲ ਸਕੱਤਰ ਪ੍ਰਵੀਨ ਬੰਗਾ, ਸਕੱਤਰ ਬਲਵਿੰਦਰ ਬਿੱਟਾ, ਲੁਧਿਆਣਾ ਸ਼ਹਿਰੀ ਇੰਚਾਰਜ ਜੀਤ ਰਾਮ ਬਸਰਾ, ਦਿਹਾਤੀ ਇੰਚਾਰਜ ਪਰਗਟ ਬਿਲਗਾ, ਸ਼ਹਿਰੀ ਪ੍ਰਧਾਨ ਬਲਵਿੰਦਰ ਜੱਸੀ, ਸੋਨੂ ਅੰਬੇਡਕਰ, ਰਜਿੰਦਰ ਨਿੱਕਾ, ਅਮਰੀਕ ਸਿੰਘ ਕੁਲਾਲ, ਗੁਰਪ੍ਰੀਤ ਲਾਲੀ ਅਤੇ ਹੋਰ ਪਾਰਟੀ ਆਗੂ ਹਾਜ਼ਰ ਸਨ।

# ਸਕੂਲੀ ਬੱਚਿਆਂ ਵੱਲੋਂ ਜਾਗਰੂਤਾ ਰੈਲੀ ਰਾਂਹੀ ਹਾਈ ਬੱਲਡ ਪ੍ਰੈਸ਼ਰ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਦਾ ਕੀਤਾ ਜਾ ਰਿਹਾ ਉਪਰਾਲਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com




ਮੋਰਿੰਡਾ 23 ਮਈ (ਹਰਦਿਆਲ ਸਿੰਘ ਸੰਧੂ) ਡਾ.ਸਵਪਨਜੀਤ ਕੌਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਸਰਕਾਰੀ ਮਿਡਲ ਸਕੂਲ ਓਇੰਦ ਵਿਖੇ ਹਾਈਪਰਟੈਨਸ਼ਨ ਜਾਗਰੂਕਤਾ ਲਈ ਸਾਈਕਲ ਰੈਲੀ ਕੱਢੀ ਗਈ। ਇਸ ਮੌਕੇ ਗੁਰਜੀਤ ਕੌਰ ਸੀ.ਐਚ.ਓ ਨੇ ਕਿਹਾ ਕਿ ਇਸ ਜਾਗਰੂਤਾ ਰੈਲੀ ਰਾਂਹੀ ਲੋਕਾਂ ਵਿੱਚ ਹਾਈ ਬੱਲਡ ਪ੍ਰੈਸ਼ਰ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ ਉਹਨਾਂ ਦਸਿਆ ਕਿ ਜਿਆਦਾਤਰ ਹਾਈ ਬਲੱਡ ਪ੍ਰੈਸ਼ਰ ਦੇ ਮਰੀਜਾਂ ਨੂੰ ਆਪਣੀ ਬਿਮਾਰੀ ਬਾਰੇ ਪਤਾ ਹੀ ਨਹੀਂ ਹੁੰਦਾ। ਸਿਹਤਮੰਦ ਜੀਵਨ ਸ਼ੈਲੀ, ਸਹੀ ਖੁਰਾਕ, ਨਿਯਮਤ ਕਸਰਤ ਅਤੇ ਦਵਾਈਆਂ ਦੇ ਨਿਯਮਤ ਸੇਵਨ ਨਾਲ ਇਸ ਨੂੰ ਕੰਟਰੋਲ ਕੀਤਾ ਜਾ ਸਕਦਾ ਹੈ। ਇਸ ਮੌਕੇ ਤੇ ਬੇਅੰਤ ਸਿੰਘ ਹੈਲਥ ਵਰਕਰ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ 30 ਸਾਲ ਤੋਂ ਵੱਧ ਉਮਰ ਦੇ ਵਿਅਕਤੀਆਂ ਦੀ ਸਕਰੀਨਿੰਗ ਕੀਤੀ ਜਾਂਦੀ ਹੈ ਅਤੇ ਬੀ.ਪੀ, ਸ਼ੂਗਰ ਦੇ ਮਰੀਜਾਂ ਦਾ ਇਲਾਜ਼ ਮੁਫ਼ਤ ਦਵਾਈਆਂ ਦੇ ਕੇ ਕੀਤਾ ਜਾਂਦਾ ਹੈ। ਨਿਯਮਤ ਤੌਰ ਤੇ ਬਲੱਡ ਪ੍ਰੈਸ਼ਰ ਚੈੱਕ ਕਰਵਾਉਣਾ ਚਾਹੀਦਾ ਹੈ, ਘਟੀਆ ਤੇਲ ਅਤੇ ਨਮਕ ਦੇ ਵਧੇਰੇ ਸੇਵਨ ਤੋਂ ਬਚਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਤੁਸੀਂ ਹੁਣ ਮੋਬਾਈਲ ਕੇਅਰ ਕੰਪੇਨੀਅਨ ਸੇਵਾ ਨਾਲ ਜੁੜ ਸਕਦੇ ਹੋ।ਇਸ ਸੇਵਾ ਦਾ ਨੰ: 18008899389 ਹੈ ਜਿਸ ਰਾਂਹੀ ਚੰਗੀ ਸਿਹਤ ਦੀ ਜਾਣਕਾਰੀ, ਮਾਂ ਤੇ ਬੱਚੇ ਦੀ ਦੇਖਭਾਲ, ਹਾਈ ਬਲੱਡ ਪ੍ਰੈਸ਼ਰ, ਸ਼ੂਗਰ, ਕੈਂਸਰ ਅਤੇ ਦਿਲ ਦੀ ਬਿਮਾਰੀ ਸਬੰਧੀ ਆਪਣੇ ਸਵਾਲ ਪੁੱਛ ਸਕਦੇ ਹੋ ਅਤੇ ਸੁਝਾਅ ਲੈ ਸਕਦੇ ਹੋ।ਇਸ ਮੌਕੇ ਤੇ ਮਨਦੀਪ ਕੌਰ ਏ.ਐਨ.ਐਮ, ਸੀਮਾ ਰਾਣੀ ਅਧਿਆਪਕ, ਜੋਤੀ ਸਾਹੀ, ਹਰਪ੍ਰੀਤ ਕੌਰ, ਅਜੀਤ ਸਿੰਘ ਅਤੇ ਸੁੱਖਵਿੰਦਰ ਕੌਰ ਆਸ਼ਾ ਵਰਕਰ ਹਾਜਰ ਸਨ।

# ਸ਼ੂਗਰ ਦੇ ਮਰੀਜ਼ ਜਰੂਰ ਖਾਣ ਇਹ 3 ਚੀਜ਼ਾਂ, ਨਹੀਂ ਵਧੇਗਾ ਬਲੱਡ ਸ਼ੂਗਰ ਲੈਵਲ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com




ਸ਼ੂਗਰ ਦੇ ਮਰੀਜ਼ਾਂ ਨੂੰ ਆਪਣੀ ਖੁਰਾਕ ਦਾ ਖਾਸ ਧਿਆਨ ਰੱਖਣ ਦੀ ਲੋੜ ਹੁੰਦੀ ਹੈ। ਜੇਕਰ ਖਾਣ-ਪੀਣ ਦੀਆਂ ਆਦਤਾਂ ਸਹੀ ਨਾ ਹੋਣ ਤਾਂ ਬਲੱਡ ਸ਼ੂਗਰ ਦਾ ਲੈਵਲ ਤੇਜ਼ੀ ਨਾਲ ਵਧਣ ਲਗਦਾ ਹੈ। ਕਈ ਵਾਰ ਬਲੱਡ ਸ਼ੂਗਰ ਦਾ ਪੱਧਰ ਬਹੁਤ ਘੱਟ ਜਾਂਦਾ ਹੈ। ਇਸ ਲਈ ਇਹ ਜਾਣਨਾ ਮਹੱਤਵਪੂਰਨ ਹੈ ਕਿ ਕੀ ਖਾਧਾ ਜਾ ਰਿਹਾ ਹੈ ਅਤੇ ਕੀ ਖਾਣਾ ਚਾਹੀਦਾ ਹੈ।

ਡਾਇਬਟੀਜ਼ ਵਿੱਚ ਸੰਤੁਲਿਤ ਖੁਰਾਕ ਬਹੁਤ ਜ਼ਰੂਰੀ ਹੈ। ਅਜਿਹੀ ਸਥਿਤੀ ਵਿੱਚ ਸ਼ੂਗਰ ਦੇ ਮਰੀਜ਼ਾਂ ਨੂੰ ਆਪਣੀ ਖੁਰਾਕ ‘ਚ 3 ਅਜਿਹੇ ਭੋਜਨਾਂ ਨੂੰ ਜਰੂਰ ਸ਼ਾਮਿਲ ਕਰਨਾ ਚਾਹੀਦਾ ਹੈ ਜੋ ਸ਼ੂਗਰ ਦੇ ਮਰੀਜ਼ਾਂ ਲਈ ਫਾਇਦੇਮੰਦ ਸਾਬਤ ਹੋਣ। ਤੁਸੀਂ ਇਨ੍ਹਾਂ ਚੀਜ਼ਾਂ ਨੂੰ ਆਪਣੀ ਖੁਰਾਕ ਵਿੱਚ ਵੀ ਸ਼ਾਮਲ ਕਰ ਸਕਦੇ ਹੋ। ਆਓ ਜਾਣਦੇ ਹਾਂ ਇਨ੍ਹਾਂ ਬਾਰੇ

### ਕਰੇਲਾ

ਸਿਹਤ ਮਾਹਿਰਾਂ ਅਨੁਸਾਰ ਜੇਕਰ ਸ਼ੂਗਰ ਦੇ ਮਰੀਜ਼ ਨੇ ਕੋਈ ਮਿੱਠਾ ਫਲ ਖਾਧਾ ਹੈ ਤਾਂ ਉਸਨੂੰ ਸੰਤੁਲਿਤ ਕਰਨ ਲਈ ਕੁਝ ਕੌੜਾ ਵੀ ਖਾਓ। ਸ਼ੂਗਰ ਦੇ ਮਰੀਜ਼ਾਂ ਨੂੰ ਹਫ਼ਤੇ ਵਿੱਚ 3 ਵਾਰ ਕਰੇਲੇ ਦਾ ਸੇਵਨ ਕਰਨਾ ਚਾਹੀਦਾ ਹੈ ਤਾਂ ਜੋ ਬਲੱਡ ਸ਼ੂਗਰ ਆਮ ਰਹੇ।

### ਡ੍ਰਮਸਟਿਕਸ ਬੀਜ

ਡਰੱਮਸਟਿਕ ਬੀਜ ਜਾਂ ਸਵੰਜਨਾ ਫੁੱਲ ਦੇ ਬੀਜਾਂ ਨੂੰ ਸਬਜ਼ੀ ਦੇ ਰੂਪ ਵਿੱਚ ਪਕਾ ਕੇ ਖਾਧਾ ਜਾ ਸਕਦਾ ਹੈ। ਇਹ ਬੀਜ ਔਸ਼ਧੀ ਗੁਣਾਂ ਨਾਲ ਭਰਪੂਰ ਹੁੰਦੇ ਹਨ। ਇਹਨਾਂ ਨੂੰ ਸ਼ੂਗਰ ਪ੍ਰਬੰਧਨ ਵਿੱਚ ਬਹੁਤ ਲਾਭਦਾਇਕ ਮੰਨਿਆ ਜਾਂਦਾ ਹੈ।

### ਖੀਰਾ

ਖੀਰਾ ਸ਼ੂਗਰ ਦੇ ਮਰੀਜ਼ਾਂ ਲਈ ਵੀ ਬਹੁਤ ਵਧੀਆ ਹੈ। ਇਸ ਵਿੱਚ ਸਿਰਫ਼ 96 ਪ੍ਰਤੀਸ਼ਤ ਤੱਕ ਪਾਣੀ ਹੁੰਦਾ ਹੈ। ਇਹ ਨਾ ਸਿਰਫ਼ ਬਲੱਡ ਸ਼ੂਗਰ ਨੂੰ ਕੰਟਰੋਲ ਕਰਦਾ ਹੈ, ਸਗੋਂ ਚਮੜੀ ਨੂੰ ਹਾਈਡ੍ਰੇਟ ਵੀ ਰੱਖਦਾ ਹੈ ਅਤੇ ਚਮੜੀ ‘ਤੇ ਚਮਕ ਬਣਾਈ ਰੱਖਦਾ ਹੈ। ਇਸ ਤੋਂ ਇਲਾਵਾ ਸੁੱਕੇ ਮੇਵੇ ਜਿਵੇ ਕਿ ਬਦਾਮ, ਕਾਜੂ ਅਤੇ ਪਿਸਤਾ ਸ਼ੂਗਰ ਦੇ ਮਰੀਜ਼ਾਂ ਲਈ ਬਹੁਤ ਫਾਇਦੇਮੰਦ ਸਾਬਤ ਹੁੰਦੇ ਹਨ। ਇਨ੍ਹਾਂ ਨੂੰ ਖਾਣ ਨਾਲ ਸਰੀਰ ਨੂੰ ਭਰਪੂਰ ਮਾਤਰਾ ਵਿੱਚ ਫਾਈਬਰ ਮਿਲਦਾ ਹੈ।

# ਸਰਵਹਿੱਤਕਾਰੀ ਵਿੱਦਿਆ ਮੰਦਿਰ ਨੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com



ਜ਼ੀਰਾ 23 ਮਈ ( ਅੰਗਰੇਜ਼ ਬਰਾੜ ) - ਸਵਾਮੀ ਸਵਤੇ ਪ੍ਰਕਾਸ਼ ਸਰਵਹਿੱਤਕਾਰੀ ਵਿੱਦਿਆ ਮੰਦਿਰ ਜ਼ੀਰਾ ਵੱਲੋਂ ਅੱਤ ਦੀ ਪੈ ਰਹੀ ਗਰਮੀ ਤੋਂ ਰਾਹਤ ਦਿਵਾਉਣ ਲਈ ਬੱਚਿਆਂ ਅਧਿਆਪਕਾਂ ਅਤੇ ਪ੍ਰਬੰਧਕ ਸਮਿਤੀ ਵੱਲੋਂ ਉਪਰਾਲਾ ਕਰਕੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਖਦੇਵ ਬਿੱਟੂ ਵਿੱਜ, ਸਰਪ੍ਰਸਤ ਸੁਭਾਸ਼ ਗੁਪਤਾ, ਪ੍ਰਿੰਸੀਪਲ ਸ਼੍ਰੀਮਤੀ ਪ੍ਰਵੀਨ ਬਾਲਾ, ਵਾਈਸ ਪ੍ਰਿੰਸੀਪਲ ਸ਼੍ਰੀਮਤੀ ਊਸ਼ਾ ਰਾਣੀ ਅਤੇ ਸਮੂਹ ਸਟਾਫ ਹਾਜ਼ਰ ਸੀ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਛਬੀਲ ਦੀ ਸੇਵਾ ਤਨੋ ਮਨੋ ਨਿਭਾਈ ਗਈ ਅਤੇ ਲੋਕਾਂ ਨੂੰ ਠੰਡੇ ਮਿੱਠੇ ਜਲ ਰਾਹੀਂ ਗਰਮੀ ਤੋਂ ਰਾਹਤ ਦਿਵਾਈ ਗਈ।

# ਨੌਕਰੀ ਲਈ ਜ਼ਮੀਨ ਦਾ ਮਾਮਲਾ: ਅਦਾਲਤ ਨੇ ਫੈਸਲਾ ਰਾਖਵਾਂ ਰੱਖਿਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com



ਦਿੱਲੀ ਦੀ ਇੱਕ ਅਦਾਲਤ ਨੇ ਸਾਬਕਾ ਕੇਂਦਰੀ ਰੇਲ ਮੰਤਰੀ ਲਾਲੂ ਪ੍ਰਸਾਦ ਯਾਦਵ ਖਿਲਾਫ ਕਥਿਤ ਜ਼ਮੀਨ-ਜਾਇਦਾਦ ਸਬੰਧੀ ਮਨੀ ਲਾਂਡਰਿੰਗ ਮਾਮਲੇ ਵਿੱਚ ਦਾਇਰ ਚਾਰਜਸ਼ੀਟ ’ਤੇ ਅੱਜ ਆਪਣਾ ਫੈਸਲਾ ਰਾਖਵਾਂ ਰੱਖ ਲਿਆ ਹੈ। ਵਿਸ਼ੇਸ਼ ਜੱਜ ਵਿਸ਼ਾਲ ਗੋਗਨੇ ਨੇ ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦੀਆਂ ਦਲੀਲਾਂ ਸੁਣਨ ਤੋਂ ਬਾਅਦ 3 ਜੂਨ ਲਈ ਫੈਸਲਾ ਸੁਰੱਖਿਅਤ ਰੱਖ ਲਿਆ ਹੈ। ਜੱਜ ਨੂੰ 14 ਮਈ ਨੂੰ ਸੂਚਿਤ ਕੀਤਾ ਗਿਆ ਸੀ ਕਿ ਜਾਂਚ ਏਜੰਸੀ ਨੇ ਕਥਿਤ ਨੌਕਰੀ ਲਈ ਜ਼ਮੀਨ ਘੁਟਾਲੇ ਦੇ ਮਾਮਲੇ ਵਿੱਚ ਲਾਲੂ ਪ੍ਰਸਾਦ ਵਿਰੁੱਧ ਮੁਕੱਦਮਾ ਚਲਾਉਣ ਲਈ ਲੋੜੀਂਦੀਆਂ ਮਨਜ਼ੂਰੀਆਂ ਹਾਸਲ ਕਰ ਲਈਆਂ ਹਨ। ਰਾਸ਼ਟਰਪਤੀ ਦਰੋਪਦੀ ਮੁਰਮੂ ਨੇ 8 ਮਈ ਨੂੰ ਮਨੀ ਲਾਂਡਰਿੰਗ ਮਾਮਲੇ ’ਚ ਲਾਲੂ ਪ੍ਰਸਾਦ ਖ਼ਿਲਾਫ਼ ਕੇਸ ਚਲਾਉਣ ਦੀ ਮਨਜ਼ੂਰੀ ਦੇ ਦਿੱਤੀ ਸੀ। ਰਾਸ਼ਟਰਪਤੀ ਨੇ ਸੀਆਰਪੀਸੀ ਦੀ ਧਾਰਾ 197(1) (ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 218) ਅਧੀਨ ਆਗਿਆ ਦਿੱਤੀ ਹੈ। ਈਡੀ ਵੱਲੋਂ ਵਕੀਲ ਮਨੀਸ਼ ਜੈਨ ਪੇਸ਼ ਹੋਏ।

# ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਆਪਣੇ ਟੀਚਿਆਂ ਨੂੰ ਸਰ ਕਰਨ ਵਿੱਚ ਕਾਮਯਾਬ ਹੋਈ: ਰਾਜਵੰਤ ਸਿੰਘ ਘੁੱਲੀ

## ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਧੂਰੀ ਵਿਖੇ 09 ਲੱਖ 25 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਪੂਰੇ ਹੋਏ ਪ੍ਰੋਜੈਕਟ ਲੋਕ ਅਰਪਿਤ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ

ਧੂਰੀ, 23 ਮਈ, 2025: ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਧੂਰੀ ਵਿਖੇ ਕਰੀਬ 09 ਲੱਖ 25 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਸਕੂਲ ਦੇ ਸੱਤ ਕਮਰਿਆਂ ਨੂੰ ਸਮਾਰਟ ਕਲਾਸਰੂਮ ਤਹਿਤ ਨਵੀਂ ਦਿੱਖ ਪ੍ਰਦਾਨ ਕਰਨ, ਚਾਰ ਕਮਰਿਆਂ ਦੇ ਫਰਸ਼ ਅਤੇ ਹਾਲ ਦੇ ਫਰਸ਼ ਦੀਆਂ ਟਾਇਲਾਂ ਲਗਵਾਉਣ ਉਪਰੰਤ ਇਹ ਪ੍ਰੋਜੈਕਟ ਮਾਰਕਿਟ ਧੂਰੀ ਦੇ ਚੇਅਰਮੈਨ ਸ. ਰਾਜਵੰਤ ਸਿੰਘ ਜੀ ਘੁੱਲੀ ਵੱਲੋਂ ਲੋਕ ਅਰਪਿਤ ਕੀਤੇ ਗਏ।



ਇਸ ਮੌਕੇ ਸ. ਘੁੱਲੀ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰੀ ਸਕੂਲਾਂ ਨੂੰ ਦਰਪੇਸ਼ ਹਰ ਇੱਕ ਸਮੱਸਿਆ ਦੇ ਸਥਾਈ ਹੱਲ ਲਈ ਚਲਾਈ ਗਈ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ, ਆਪਣੇ ਟੀਚਿਆਂ ਨੂੰ ਸਾਕਾਰ ਕਰਨ ਵਿੱਚ ਕਾਮਯਾਬ ਹੋਈ ਹੈ।

ਸਿੱਖਿਆ ਕ੍ਰਾਂਤੀ, ਇੱਕ ਸ਼ਾਨਦਾਰ ਉਪਰਾਲਾ ਸਾਬਿਤ ਹੋ ਰਿਹਾ ਹੈ, ਜਿਸ ਵਿੱਚ ਸਰਕਾਰ ਦੇ ਨੁਮਾਇੰਦੇ ਸਿੱਧੇ ਤੌਰ ‘ਤੇ ਜਾ ਕੇ ਵਿਦਿਆਰਥੀਆਂ ਅਤੇ ਅਧਿਆਪਕਾਂ ਤੋਂ ਉਹਨਾਂ ਦੀਆਂ ਸਕੂਲਾਂ ਨਾਲ ਸੰਬੰਧਿਤ ਜ਼ਰੂਰਤਾਂ ਬਾਰੇ ਜ਼ਮੀਨੀ ਪੱਧਰ ‘ਤੇ ਜਾਣਕਾਰੀ ਹਾਸਲ ਕਰ ਰਹੇ ਹਨ।

ਉਨ੍ਹਾਂ ਇਹ ਵੀ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਦੇਖੀ ਕਾਰਨ ਸਰਕਾਰੀ ਸਕੂਲਾਂ ਵਿੱਚ ਜਿੱਥੇ ਬੁਨਿਆਦੀ ਢਾਂਚੇ ਦੀ ਵੱਡੀ ਕਮੀ ਪੇਸ਼ ਆਉਂਦੀ ਰਹੀ, ਉਥੇ ਹੀ ਬੱਚਿਆਂ ਤੇ ਅਧਿਆਪਕਾਂ ਦੀ ਜ਼ਰੂਰਤਾਂ ਨੂੰ ਪੂਰਾ ਕਰਨ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ, ਜਿਸ ਕਾਰਨ ਵਿਦਿਅਕ ਪ੍ਰਾਪਤੀਆਂ ਉੱਤੇ ਮਾੜਾ ਅਸਰ ਪਿਆ।

ਮਾਰਕੀਟ ਕਮੇਟੀ ਦੇ ਚੇਅਰਮੈਨ ਨੇ ਕਿਹਾ ਕਿ ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿਛਲੇ ਸਵਾ ਤਿੰਨ ਸਾਲਾਂ ਤੋਂ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਬੇਮਿਸਾਲ ਸੁਧਾਰਾਂ ਨੂੰ ਯਕੀਨੀ ਬਣਾਇਆ ਗਿਆ ਹੈ। ਉਹਨਾਂ ਕਿਹਾ ਕਿ ਅਸੀਂ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਨੂੰ ਯਕੀਨੀ ਬਣਾਉਣ ਲਈ ਕਾਰਜਸ਼ੀਲ ਹਾਂ ਅਤੇ ਸਾਨੂੰ ਪੂਰਨ ਉਮੀਦ ਹੈ ਕਿ ਸਾਡੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਦੁਨੀਆਂ ਦੇ ਹਰ ਖੇਤਰ ਵਿੱਚ ਆਪਣੀ ਮਿਹਨਤ ਤੇ ਦ੍ਰਿੜਤਾ ਨਾਲ ਆਪਣਾ ਨਾਮ ਚਮਕਾਉਣਗੇ।

ਇਸ ਮੌਕੇ ਉਹਨਾਂ ਵੱਲੋਂ ਹੋਣਹਾਰ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਨਮਾਨਿਤ ਵੀ ਕੀਤਾ ਗਿਆ।

ਇਸ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ, ਅਹੁਦੇਦਾਰ, ਸਕੂਲ ਦੇ ਅਧਿਆਪਕ ਅਤੇ ਵੱਡੀ ਗਿਣਤੀ ਵਿਦਿਆਰਥੀ ਹਾਜ਼ਰ ਸਨ।

# ਜੇਲ੍ਹਾਂ ‘ਚ ਡੱਕੇ ਬੇਜ਼ਮੀਨੇ ਲੋਕਾਂ ਦੀ ਰਿਹਾਈ ਲਈ 2 ਜੂਨ ਨੂੰ ਮੁੱਖ ਮੰਤਰੀ ਦੀ ਕੋਠੀ ਵੱਲ ਮਾਰਚ ਕਰਨ ਦਾ ਐਲਾਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ

ਸੰਗਰੂਰ, 23 ਮਈ, 2025: ਅੱਜ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਜ਼ੋਨਲ ਕਮੇਟੀ ਦੀ ਮੀਟਿੰਗ ਪ੍ਰਧਾਨ ਮੁਕੇਸ਼ ਮਲੌਦ ਦੀ ਅਗਵਾਈ ਹੇਠ ਹੋਈ।



ਕੈਪਸ਼ਨ: ਗੱਲਬਾਤ ਕਰਦੇ ਹੋਏ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ, ਬਿੱਕਰ ਸਿੰਘ ਹਥੋਆ, ਧਰਮਵੀਰ ਹਰੀਗੜ੍ਹ, ਜਗਤਾਰ ਤੋਲੇਵਾਲ ਅਤੇ ਗੁਰਵਿੰਦਰ ਬੌੜਾਂ ਅਤੇ ਹੋਰ ਆਗੂ।

ਮੀਟਿੰਗ ਉਪਰੰਤ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਅਤੇ ਬਿੱਕਰ ਸਿੰਘ ਹਥੋਆ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਬੀਤੀ 20 ਮਈ ਨੂੰ ਜੀਂਦ ਰਿਆਸਤ ਦੇ ਰਾਜੇ ਦੀ 927 ਏਕੜ ਜ਼ਮੀਨ ਵਿੱਚ ਬੇਗਮਪੁਰਾ ਵਸਾਉਣ ਜਾਂਦੇ ਦਲਿਤਾਂ ਉੱਪਰ ਪੁਲਿਸ ਜ਼ਬਰ ਢਾਹੁਣ ਅਤੇ ਸੈਂਕੜੇ ਔਰਤਾਂ ਮਰਦਾਂ ਦੀ ਨਜਾਇਜ਼ ਗ੍ਰਿਫ਼ਤਾਰੀ ਬਹੁਤ ਹੀ ਨਿੰਦਣਯੋਗ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਕਾਨੂੰਨੀ ਦਾਇਰੇ ਵਿੱਚ ਰਹਿ ਕੇ ਸ਼ਾਂਤਮਈ ਪ੍ਰਦਰਸ਼ਨ ਕਰਦੇ ਲੋਕਾਂ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਜਬਰੀ ਬੰਦ ਕਰਨ ਦੇ ਰਾਹ ਪਈ ਭਗਵੰਤ ਮਾਨ ਸਰਕਾਰ ਦਾ ਫਾਸ਼ੀਵਾਦੀ ਚਿਹਰਾ ਲੋਕਾਂ ਸਾਹਮਣੇ ਨੰਗਾ ਹੋਇਆ ਹੈ।

ਕਮੇਟੀ ਦੇ ਜੋਨਲ ਮੀਤ ਪ੍ਰਧਾਨ ਧਰਮਵੀਰ ਹਰੀਗੜ੍ਹ ਅਤੇ ਜਗਤਾਰ ਤੋਲੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਇਸ਼ਾਰੇ ‘ਤੇ ਪੁਲਸੀਏ ਜਬਰ ਖਿਲਾਫ਼ ਅਤੇ ਬੇਕਸੂਰ ਲੋਕਾਂ ਦੀ ਰਿਹਾਈ ਲਈ 2 ਜੂਨ ਨੂੰ ਮੁੱਖ ਮੰਤਰੀ ਦੀ ਸੰਗਰੂਰ ਸਥਿਤ ਕੋਠੀ ਅੱਗੇ ਰੋਸ ਪ੍ਰਦਰਸ਼ਨ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਉਨ੍ਹਾਂ ਪਿੰਡਾਂ ਵਿੱਚ ਲੋਕਾਂ ਦੀ ਵਿਸ਼ਾਲ ਲਾਮਬੰਦੀ ਲਈ ਪਿੰਡਾਂ ਵਿੱਚ ਮੀਟਿੰਗਾਂ, ਰੈਲੀਆਂ ਕਰਨ ਦਾ ਫੈਸਲਾ ਕਰਦਿਆਂ ਲੋਕਾਂ ਨੂੰ ਸੰਗਰੂਰ ਦੀ ਅਨਾਜ ਮੰਡੀ ਵਿੱਚ ਇਕੱਠੇ ਹੋ ਕੇ ਮੁੱਖ ਮੰਤਰੀ ਦੀ ਕੋਠੀ ਵੱਲ ਮਾਰਚ ਕਰਨ ਲਈ ਵਿਉਂਤਬੰਦੀ ਵੀ ਕੀਤੀ ਗਈ। ਇਸ ਮੌਕੇ ਉਪਰੋਕਤ ਤੋਂ ਬਿਨ੍ਹਾਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜੋਨਲ ਆਗੂ ਗੁਰਚਰਨ ਘਰਾਚੋਂ ਅਤੇ ਗੁਰਵਿੰਦਰ ਬੌੜਾਂ ਆਦਿ ਵੀ ਹਾਜ਼ਰ ਸਨ।

# ਮੂੰਡੀਆਂ ਸਕੂਲ ਵਿਖੇ ਜੈਵਿਕ ਵਿਭਿੰਨਤਾ ਦਿਵਸ ਮਨਾਇਆ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com



ਮੋਰਿੰਡਾ 23 ਮਈ ( ਪਤਰ ਪ੍ਰੇਰਕ ) ਸਰਕਾਰੀ ਮਿਡਲ ਸਕੂਲ ਮੂੰਡੀਆਂ ਵਿਖੇ ਅੰਤਰਰਾਸ਼ਟਰੀ ਜੈਵਿਕ ਵਿਭਿੰਨਤਾ ਦਿਵਸ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੀਮਤੀ ਸ਼ਿਵਾਲੀ ਸ਼ਰਮਾ ਨੇ ਦੱਸਿਆ ਕਿ ਇਸ ਮੌਕੇ ਬੱਚਿਆਂ ਦੇ ਪੋਸਟਰ ਮੁਕਾਬਲੇ ਕਰਵਾਏ ਗਏ। ਸਕੂਲ ਦੇ ਸਮਾਜਿਕ ਸਿੱਖਿਆ ਅਧਿਆਪਕ ਜਸਬੀਰ ਸਿੰਘ ਸ਼ਾਂਤਪੁਰੀ ਨੇ ਬੱਚਿਆਂ ਨੂੰ ਦੱਸਿਆ ਕਿ ਸਾਡੇ ਵਾਤਾਵਰਨ ਵਿੱਚ ਵਿਗਾੜ ਆ ਜਾਣ ਕਾਰਨ ਕੁੱਝ ਪ੍ਰਜਾਤੀਆਂ ਦੀ ਹੋਂਦ ਖ਼ਤਰੇ ਵਿੱਚ ਆ ਗਈ ਹੈ। ਕੁਝ ਪ੍ਰਜਾਤੀਆਂ ਤਾਂ ਖ਼ਾਤਮੇ ਦੀ ਕਗਾਰ ਤੇ ਹਨ। ਕਿਉਂਕਿ ਕੀੜੇ ਮਾਰ ਦਿਵਾਈਆਂ ਦੀ ਵੱਧ ਵਰਤੋਂ ਕਾਰਨ, ਦਰਖਤਾਂ ਦੀ ਕਟਾਈ, ਰਹਿਣ ਸਹਿਣ ਦੇ ਢੰਗ ਤਰੀਕੇ ਵਿੱਚ ਬਦਲਾਅ ਅਤੇ ਅੱਗ ਲੱਗਣ ਦੀਆਂ ਘਟਨਾਵਾਂ ਕਾਰਨ ਵਾਤਾਵਰਨ ਸੰਤੁਲਨ ਵਿਗੜ ਗਿਆ ਹੈ। ਇਸ ਮੌਕੇ ਡਾ ਦਲਜੀਤ ਰਾਣੀ, ਜਗਜੀਤ ਸਿੰਘ ਨੇ ਆਪਣੇ ਵਿਚਾਰ ਰੱਖੇ।ਇਸ ਮੌਕੇ ਮਨਦੀਪ ਕੌਰ, ਬੇਅੰਤ ਕੌਰ , ਸਿਮਰਨਜੀਤ ਕੌਰ ਅਤੇ ਰਣਜੀਤ ਕੌਰ ਆਦਿ ਹਾਜ਼ਰ ਸਨ।

# ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ, ਕਾਰਕੁਨਾਂ ਅਤੇ ਔਰਤਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ: ਮਨਜੀਤ ਧਨੇਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ

ਬਰਨਾਲਾ, 23 ਮਈ, 2025: ਭਾਰਤੀ ਕਿਸਾਨ ਯੂਨੀਅਨ ਏਕਤਾ -ਡਕੌਂਦਾ ਦੀ ਸੂਬਾ ਕਮੇਟੀ ਨੇ 21 ਮਈ ਨੂੰ ਬਰਨਾਲਾ ਵਿਖੇ ਹੋਈ ਸੂਬਾਈ ਮੀਟਿੰਗ ਵਿੱਚ ਜ਼ਿਲ੍ਹਾ ਸੰਗਰੂਰ ਦੇ ਪਿੰਡ ਬੀੜ ਐਸ਼ਵਾਨ ਵਿਖੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ, ਕਾਰਕੁਨਾਂ ਅਤੇ ਔਰਤਾਂ ਦੀਆਂ ਗ੍ਰਿਫ਼ਤਾਰੀਆਂ ਅਤੇ ਕੁੱਟ ਮਾਰ ਦਾ ਨੋਟਿਸ ਲੈਂਦਿਆਂ ਇਸ ਦੀ ਸਖ਼ਤ ਨਿਖੇਧੀ ਕੀਤੀ ਸੀ। ਅੱਜ ਫਿਰ ਸੂਬਾ ਕਮੇਟੀ ਵੱਲੋਂ ਬਿਆਨ ਜਾਰੀ ਕਰਦਿਆਂ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਮਸਲੇ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ 20 ਮਈ ਨੂੰ ਜੀਂਦ ਦੇ ਮ੍ਰਿਤਕ ਰਾਜੇ ਸਤਬੀਰ ਸਿੰਘ ਦੀ ਲਾਵਾਰਿਸ ਜ਼ਮੀਨ ਨੂੰ ਬੇਜ਼ਮੀਨੇ ਮਜ਼ਦੂਰਾਂ ਅਤੇ ਕਿਸਾਨਾਂ ਵਿੱਚ ਵੰਡਣ ਦੀ ਮੰਗ ਲੈ ਕੇ ਮਜ਼ਦੂਰਾਂ ਵੱਲੋਂ ਬੀੜ ਐਸ਼ਵਾਨ ਵੱਲ ਵਧਣ ਦਾ ਪ੍ਰੋਗਰਾਮ ਸੀ। ਉਸ ਤੋਂ ਪਹਿਲਾਂ ਹੀ ਸਰਕਾਰ ਨੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਨੂੰ ਘਰਾਂ ਤੋਂ ਗ੍ਰਿਫ਼ਤਾਰ ਕਰਕੇ ਘੋਲ ਨੂੰ ਡੰਡੇ ਦੇ ਜ਼ੋਰ ਤੇ ਕੁਚਲ ਦੇਣ ਦਾ ਭਰਮ ਪਾਲਿਆ। ਜ਼ਮੀਨ ਵੱਲ ਵਧਣ ਵਾਲੇ ਮਜ਼ਦੂਰਾਂ ਅਤੇ ਔਰਤਾਂ ਉੱਤੇ ਜ਼ਬਰ ਅਤੇ ਔਰਤਾਂ ਸਮੇਤ ਲੱਗਭੱਗ 500 ਗ੍ਰਿਫ਼ਤਾਰੀਆਂ ਕਰਨ ਤੋਂ ਸਾਫ਼ ਹੋ ਗਿਆ ਹੈ ਕਿ ਭਗਵੰਤ ਮਾਨ ਦੀ ਸਰਕਾਰ ਆਪਣੇ ਲੋਕਾਂ ਦੀ ਗੱਲ ਸੁਣਨ ਨੂੰ ਤਿਆਰ ਨਹੀਂ ਹੈ ਸਗੋਂ ਜ਼ਬਰ ਕਰਕੇ ਕਾਰਪੋਰੇਟੀ ਏਜੰਡੇ ਨੂੰ ਅੱਗੇ ਵਧਾਉਣ ਲੱਗੀ ਹੋਈ ਹੈ।



ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਦੱਸਿਆ ਕਿ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਨੇ ਕਈ ਪਿੰਡਾਂ ਵਿੱਚ ਪੰਚਾਇਤੀ ਜ਼ਮੀਨ ਵਿੱਚੋਂ ਮਜ਼ਦੂਰਾਂ ਦਾ ਬਣਦਾ ਤੀਜਾ ਹਿੱਸਾ ਲੈ ਕੇ ਸਾਂਝੀ ਖੇਤੀ ਸ਼ੁਰੂ ਕੀਤੀ ਹੈ ਜਿਸ ਨਾਲ ਮਜ਼ਦੂਰਾਂ ਨੂੰ ਖਾਣ ਜੋਗਾ ਅਨਾਜ ਅਤੇ ਸਬਜ਼ੀਆਂ ਵਗੈਰਾ ਮਿਲ ਜਾਂਦੇ ਹਨ ਅਤੇ ਉਹ ਸਵੈਮਾਨ ਦੀ ਜ਼ਿੰਦਗੀ ਜਿਉਣ ਲੱਗੇ ਹਨ। ਹੁਣ ਪਟਿਆਲਾ, ਸੰਗਰੂਰ ਅਤੇ ਬਰਨਾਲਾ ਦੇ 300 ਦੇ ਕਰੀਬ ਗ਼ਰੀਬ ਮਜ਼ਦੂਰ, ਜੀਂਦ ਦੇ ਰਾਜੇ ਦੀ ਲਾਵਾਰਿਸ ਪਈ ਜ਼ਮੀਨ ਲੈ ਕੇ ਸਾਂਝੀ ਖੇਤੀ ਕਰਨਾ ਚਾਹੁੰਦੇ ਹਨ ਪਰ ਪੰਜਾਬ ਸਰਕਾਰ ਬੇਜ਼ਮੀਨੇ ਮਜ਼ਦੂਰਾਂ, ਕਿਸਾਨਾਂ ਨੂੰ ਜ਼ਮੀਨ ਦਾ ਹੱਕ ਦੇਣ ਦੀ ਥਾਂ ਆਪਣੇ ਹੀ ਕਾਨੂੰਨਾਂ ਨੂੰ ਪੈਰਾਂ ਹੇਠ ਦਰੜ ਕੇ ਜਬਰ ਕਰਨ ਤੇ ਉਤਾਰੂ ਹੈ। 21 ਮਈ ਨੂੰ ਮਜ਼ਦੂਰਾਂ ਅਤੇ ਔਰਤਾਂ ਤੇ ਜ਼ਬਰ ਕਰ ਕੇ ਉਨ੍ਹਾਂ ਦਾ ਸੰਘਰਸ਼ ਕਰਨ ਦਾ ਜਮਹੂਰੀ ਹੱਕ ਖੋਹਿਆ ਗਿਆ।

ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਜਥੇਬੰਦੀ ਦੀ ਸੂਬਾ ਕਮੇਟੀ ਵੱਲੋਂ ਮੰਗ ਕੀਤੀ ਕਿ ਮਜ਼ਦੂਰਾਂ ਤੇ ਜ਼ਬਰ ਬੰਦ ਕੀਤਾ ਜਾਵੇ, ਹਜ਼ਾਰਾਂ ਏਕੜ ਜ਼ਮੀਨ ਦੇ ਮਾਲਕ ਵੱਡੇ ਭੋਇੰ ਮਾਲਕਾਂ ਦੀ ਜ਼ਮੀਨ ਬਿਨਾਂ ਮੁਆਵਜ਼ਾ ਅਧਿਗ੍ਰਹਿਣ ਕਰਕੇ ਸਾਂਝੇ ਫਾਰਮ ਬਣਾ ਕੇ ਇਹਨਾਂ ਫਾਰਮਾਂ ਤੇ ਬੇਜ਼ਮੀਨੇ ਮਜ਼ਦੂਰਾਂ ਅਤੇ ਕਿਸਾਨਾਂ ਨੂੰ ਪਹਿਲ ਦੇ ਆਧਾਰ ਤੇ ਰੁਜ਼ਗਾਰ ਦਿੱਤਾ ਜਾਵੇ, ਲੈਂਡ ਸੀਲਿੰਗ ਐਕਟ ਸਹੀ ਢੰਗ ਨਾਲ ਲਾਗੂ ਕੀਤਾ ਜਾਵੇ ਅਤੇ ਗ੍ਰਿਫ਼ਤਾਰ ਕੀਤੇ ਸਾਰੇ ਮਜ਼ਦੂਰਾਂ ਅਤੇ ਔਰਤਾਂ ਨੂੰ ਬਿਨਾਂ ਸ਼ਰਤ ਰਿਹਾਅ ਕਰ ਕੇ ਸ਼ਾਂਤਮਈ ਸੰਘਰਸ਼ ਦਾ ਹੱਕ ਬਹਾਲ ਕੀਤਾ ਜਾਵੇ।

# ਡਾ ਓਬਰਾਏ ਵੱਲੋਂ ਦੁਬਈ ‘ਚ ਆਤਮ ਹੱਤਿਆ ਕਰਨ ਵਾਲੇ ਜਸ਼ਨਦੀਪ ਦੇ ਪਰਿਵਾਰ ਦੀ ਵੱਡੀ ਮਦਦ

## ਮ੍ਰਿਤਕ ਦੀ ਪਤਨੀ ਤੇ ਬਜ਼ੁਰਗ ਮਾਂ ਨੂੰ ਟਰੱਸਟ ਦੇਵੇਗਾ 2000-2000 ਮਹੀਨਾਵਾਰ ਪੈਨਸ਼ਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com



ਜ਼ੀਰਾ 23 ਮਈ ( ਅੰਗਰੇਜ਼ ਬਰਾੜ ) - ਲੋੜਵੰਦਾਂ ਦੇ ਮਸੀਹਾ ਵਜੋਂ ਜਾਣੇ ਜਾਂਦੇ ਦੁਬਈ ਦੇ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਸਰਪ੍ਰਸਤ ਡਾ ਐਸ ਪੀ ਸਿੰਘ ਓਬਰਾਏ ਵੱਲੋਂ ਬਸਤੀ ਮਲਸੀਆਂ (ਜ਼ੀਰਾ) ਨਾਲ ਸਬੰਧਿਤ ਮ੍ਰਿਤਕ ਜਸ਼ਨਦੀਪ ਸਿੰਘ ਜਿਸ ਨੇ ਕੁਝ ਸਮਾਂ ਪਹਿਲਾਂ ਦੁਬਈ ‘ਚ ਆਤਮਹੱਤਿਆ ਕਰ ਲਈ ਸੀ ਦੇ ਪਰਿਵਾਰ ਦੀ ਮੁਸ਼ਕਿਲ ਘੜੀ ‘ਚ ਬਾਂਹ ਫੜ੍ਹਦਿਆਂ ਉਨ੍ਹਾਂ ਦੀ ਵੱਡੀ ਮਦਦ ਕੀਤੀ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਾ ਐਸ ਪੀ ਸਿੰਘ ਓਬਰਾਏ ਨੇ ਦੱਸਿਆ ਕਿ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਵੱਲੋਂ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਗਿਆ ਸੀ ਕਿ ਆਪਣੇ ਪਰਿਵਾਰ ਦੇ ਬਿਹਤਰ ਭਵਿੱਖ ਲਈ ਕਰਜ਼ਾ ਚੁੱਕ ਕੇ ਬੀਤੀ 26 ਅਪ੍ਰੈਲ ਨੂੰ ਦੁਬਈ ਗਏ ਜਸ਼ਨਦੀਪ ਸਿੰਘ ਵੱਲੋਂ ਮਾਤਰ 20 ਦਿਨਾਂ ਬਾਅਦ ਹੀ ਭਾਵ 15 ਮਈ ਨੂੰ ਕਿਸੇ ਕਾਰਨ ਆਤਮ ਹੱਤਿਆ ਕਰ ਲਈ ਸੀ। ਉਨ੍ਹਾਂ ਦੱਸਿਆ ਕਿ ਮ੍ਰਿਤਕ ਆਪਣੇ ਪਿੱਛੇ ਆਪਣੀ ਪਤਨੀ,8 ਮਹੀਨਿਆਂ ਦੇ ਬੇਟੇ ਤੋਂ ਇਲਾਵਾ ਬਜ਼ੁਰਗ ਮਾਪਿਆਂ ਨੂੰ ਰੋਂਦਿਆਂ ਛੱਡ ਗਿਆ ਹੈ। ਉਨ੍ਹਾਂ ਕਿਹਾ ਕਿ ਪਰਿਵਾਰ ਦੀ ਆਰਥਿਕ ਹਾਲਤ ਨੂੰ ਵੇਖਦਿਆਂ ਟਰੱਸਟ ਨੇ ਫੈਸਲਾ ਕੀਤਾ ਹੈ ਕਿ ਉਸਦੀ ਵਿਧਵਾ ਪਤਨੀ ਅਤੇ ਬਜ਼ੁਰਗ ਮਾਂ ਨੂੰ ਘਰ ਦੇ ਗੁਜ਼ਾਰੇ ਲਈ ਦੋ-ਦੋ ਹਜ਼ਾਰ ਰੁਪਏ ਮਹੀਨਾਵਾਰ ਪੈਨਸ਼ਨ ਦਿੱਤੀ ਜਾਵੇਗੀ। ਮ੍ਰਿਤਕ ਜਸ਼ਨਦੀਪ ਸਿੰਘ ਦੇ ਪਰਿਵਾਰਕ ਮੈਂਬਰਾਂ ਨੇ ਡਾ ਐੱਸ ਪੀ ਸਿੰਘ ਓਬਰਾਏ ਦਾ ਇਸ ਵੱਡੇ ਉਪਰਾਲੇ ਲਈ ਤਹਿ ਦਿਲੋਂ ਸ਼ੁਕਰਾਨਾ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਪਰਿਵਾਰ ਇਸ ਔਖੀ ਘੜੀ ਵੇਲੇ ਕੀਤੀ ਗਈ ਵੱਡੀ ਮਦਦ ਨੂੰ ਹਮੇਸ਼ਾ ਯਾਦ ਰੱਖੇਗਾ।ਜਸ਼ਨਦੀਪ ਦੇ ਅੰਤਿਮ ਸੰਸਕਾਰ ਮੌਕੇ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ, ਜ਼ਿਲ੍ਹਾ ਸਲਾਹਕਾਰ ਅਤੇ ਇੰਚਾਰਜ ਜੀਰਾ ਰਣਜੀਤ ਸਿੰਘ ਰਾਏ, ਜ਼ਿਲ੍ਹਾ ਸਲਾਹਕਾਰ ਅਤੇ ਇੰਚਾਰਜ ਇਸਤਰੀ ਵਿੰਗ ਜੀਰਾ ਬਲਵਿੰਦਰ ਕੌਰ ਲਹੁਕੇ, ਜਗਸੀਰ ਸਿੰਘ ਲੈਬ ਇੰਚਾਰਜ ਜੀਰਾ, ਮੈਂਬਰ ਮਹਾਂਵੀਰ ਸਿੰਘ ਹਾਜ਼ਰ ਸਨ।

# ਭਗਵੰਤ ਮਾਨ ਸਰਕਾਰ ਵਲੋਂ ਮਜ਼ਦੂਰਾਂ ਉੱਤੇ ਕੀਤੇ ਜ਼ਬਰ ਖਿਲਾਫ਼ ਸਾਂਝਾ ਮਜ਼ਦੂਰ ਮੋਰਚਾ ਨੇ ਬੁਲਾਈ ਮੀਟਿੰਗ

## ਮੁੱਖ ਮੰਤਰੀ ਹੱਕਾਂ ਲਈ ਉੱਠਣ ਵਾਲੀ ਆਵਾਜ਼ ਮੁਕਤ ਪੰਜਾਬ ਬਣਾਉਣ ਦਾ ਭਰਮ ਪਾਲ ਰਿਹਾ: ਪੀਟਰ, ਘੁੱਗਸ਼ੋਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ

ਚੰਡੀਗੜ੍ਹ, 23 ਮਈ, 2025: ਸੰਗਰੂਰ ਵਿਖੇ ਬੁਖਲਾਹਟ ਵਿੱਚ ਆ ਕੇ ਭਗਵੰਤ ਮਾਨ ਸਰਕਾਰ ਵਲੋਂ 20 ਮਈ ਨੂੰ ਆਪਣਾ ਜ਼ਮੀਨ ਦਾ ਹੱਕ ਮੰਗਦੇ ਬੇਜ਼ਮੀਨੇ ਮਜ਼ਦੂਰਾਂ ਉੱਪਰ ਨੂੰ ਜ਼ਬਰ ਦਾ ਨਿਸ਼ਾਨਾ ਬਣਾਉਣ ਅਤੇ 800 ਤੋਂ ਵੱਧ ਹਿਰਾਸਤ ਵਿੱਚ ਲਏ ਕਿਰਤੀਆਂ ‘ਚੋਂ ਅਨੇਕਾਂ ਮਜ਼ਦੂਰਾਂ ਨੂੰ ਕਿੱਥੇ ਨਜ਼ਰਬੰਦ ਕਰਕੇ ਰੱਖਿਆ ਸੰਬੰਧੀ ਸਰਕਾਰ ਤੇ ਪ੍ਰਸ਼ਾਸਨ ਵਲੋਂ ਜਾਣਕਾਰੀ ਨਾ ਹੋਣ ਦੀ ਵੱਖ ਵੱਖ ਮਜ਼ਦੂਰ ਜਥੇਬੰਦੀਆਂ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।

ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰਧਾਨ ਤਰਸੇਮ ਪੀਟਰ ਅਤੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਭਗਵੰਤ ਮਾਨ ਸਰਕਾਰ ਦੇ ਦਲਿਤ ਮਜ਼ਦੂਰ ਵਿਰੋਧੀ ਵਤੀਰੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਮਜ਼ਦੂਰਾਂ ਦੀ ਬਿਨ੍ਹਾਂ ਸ਼ਰਤ ਰਿਹਾਈ, ਉਹਨਾਂ ਉੱਪਰ ਭਗਵੰਤ ਮਾਨ ਸਰਕਾਰ ਦੇ ਇਸ਼ਾਰੇ ਉੱਤੇ ਕੀਤੇ ਜ਼ਬਰ ਦਾ ਵਿਰੋਧ ਕਰਨ ਆਦਿ ਮੁੱਦੇ ਨੂੰ ਲੈ ਕੇ ਪੇਂਡੂ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਅਧਾਰਿਤ ਸਾਂਝਾ ਮਜ਼ਦੂਰ ਮੋਰਚਾ ਪੰਜਾਬ ਦੀ 24 ਮਈ ਨੂੰ ਮੀਟਿੰਗ ਬੁਲਾਈ ਗਈ ਹੈ। ਜਿਸ ਵਿੱਚ ਵਿਚਾਰ ਚਰਚਾ ਉਪਰੰਤ ਸੰਘਰਸ਼ ਦੀ ਰੂਪ ਰੇਖਾ ਉਲੀਕੀ ਜਾਵੇਗੀ।

ਉਨ੍ਹਾਂ ਕਿਹਾ ਕਿ ਜੀਂਦ ਦੇ ਰਾਜੇ ਦੀ ਮੌਤ ਤੋਂ ਬਾਅਦ ਉਸਦੀ ਹਜ਼ਾਰਾਂ ਏਕੜ ਜ਼ਮੀਨ ਚ ਕਾਬਜ਼ ਪੇਂਡੂ ਧਨਾਢਾਂ, ਅਫ਼ਸਰਸ਼ਾਹੀ ਅਤੇ ਸਿਆਸਤਦਾਨਾਂ ਦੇ ਗੱਠਜੋੜ ਦਾ ਕਬਜ਼ਾ ਖ਼ਤਮ ਕਰਕੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਬੇਗ਼ਮਪੁਰਾ ਵਸਾਉਣ ਲਈ 20 ਮਈ ਨੂੰ ਬੀੜ ਐਸਵਾਨ ਵਿਖੇ 927 ਏਕੜ ਜ਼ਮੀਨ ਵੱਲ ਵਧਦੇ ਬੇਜ਼ਮੀਨੇ ਮਜ਼ਦੂਰਾਂ ਜਿਹਨਾਂ ਚ ਵੱਡੀ ਮਜ਼ਦੂਰ ਔਰਤਾਂ ਵੀ ਸ਼ਾਮਲ ਸਨ, ਉੱਪਰ ਬੁਖਲਾਹਟ ਵਿੱਚ ਆਏ ਭਗਵੰਤ ਮਾਨ ਦੇ ਇਸ਼ਾਰੇ ਉੱਤੇ ਪੁਲਿਸ ਪ੍ਰਸ਼ਾਸਨ ਨੇ ਜ਼ਬਰ ਕੀਤਾ, ਔਰਤਾਂ ਦੀ ਖਿੱਚਧੂਹ ਕੀਤੀ ਅਤੇ ਸੰਘਰਸ਼ਸ਼ੀਲ ਮਜ਼ਦੂਰਾਂ ਦੇ ਮਨਾਂ ਵਿੱਚ ਦਹਿਸ਼ਤ ਪਾ ਕੇ ਉਹਨਾਂ ਨੂੰ ਘਰੀਂ ਬਿਠਾਉਣ ਦੇ ਇਰਾਦੇ ਨਾਲ 800 ਤੋਂ ਵੱਧ ਮਜ਼ਦੂਰ ਮਰਦ ਔਰਤਾਂ ਨੂੰ ਗ੍ਰਿਫ਼ਤਾਰ ਕਰ ਲਿਆ।

ਜਿਹਨਾਂ ਚੋਂ ਹੁਣ ਤੱਕ ਪ੍ਰਾਪਤ ਜਾਣਕਾਰੀ ਅਨੁਸਾਰ 450 ਦੇ ਕਰੀਬ ਮਜ਼ਦੂਰਾਂ ਨੂੰ ਸੰਗਰੂਰ, ਮਲੇਰਕੋਟਲਾ, ਪਟਿਆਲਾ, ਨਾਭਾ, ਬਠਿੰਡਾ, ਮੁਕਤਸਰ ਜੇਲ੍ਹ ਵਿੱਚ ਨਜ਼ਰਬੰਦ ਕੀਤਾ ਹੋਇਆ ਅਤੇ ਬਾਕੀ ਮਜ਼ਦੂਰਾਂ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਜਾ ਰਹੀ ਕਿ ਉਹਨਾਂ ਨੂੰ ਕਿਸ ਜਗ੍ਹਾ ਕੈਦ ਕਰਕੇ ਰੱਖਿਆ ਹੋਇਆ। ਇਸ ਤੋਂ ਇਲਾਵਾ ਜ਼ਬਰ ਦਾ ਸ਼ਿਕਾਰ ਹੋਏ ਮਜ਼ਦੂਰਾਂ ਨੂੰ ਬਣਦੀ ਡਾਕਟਰੀ ਸਹਾਇਤਾ ਵੀ ਨਹੀਂ ਦਿੱਤੀ ਜਾ ਰਹੀ।

ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵਿਰੋਧੀ ਧਿਰ ਮੁਕਤ ਭਾਰਤ ਬਣਾਉਣ ਅਤੇ ਉਸ ਨਕਸ਼ੇ ਕਦਮਾਂ ਉੱਪਰ ਚੱਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਨੂੰ ਹੱਕਾਂ ਲਈ ਉੱਠਣ ਵਾਲੀ ਆਵਾਜ਼ ਤੋਂ ਮੁਕਤ ਪੰਜਾਬ ਬਣਾਉਣ ਦਾ ਭਰਮ ਪਾਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਜਦੋਂ ਤੱਕ ਸਰਕਾਰਾਂ ਦੀਆਂ ਜਗੀਰਦਾਰਾਂ, ਪੇਂਡੂ ਧਨਾਢਾਂ, ਕਾਰਪੋਰੇਟ ਘਰਾਣਿਆਂ ਪੱਖੀ ਅਤੇ ਮਜ਼ਦੂਰ ਵਿਰੋਧੀ ਨੀਤੀਆਂ ਕਾਰਨ ਜ਼ਮੀਨ ਦੀ ਕਾਣੀ ਵੰਡ ਬੇਰੁਜ਼ਗਾਰੀ, ਅਰਧ ਬੇਰੁਜ਼ਗਾਰੀ, ਲੱਕ ਤੋੜ ਮਹਿੰਗਾਈ, ਕਰਜ਼ਦਾਰੀ ਅਤੇ ਸਮਾਜਿਕ ਜ਼ਬਰ ਦੇ ਖ਼ਾਤਮੇ ਆਦਿ ਲਈ ਲੋਕ ਸੰਘਰਸ਼ ਜਾਰੀ ਰਹਿਣਗੇ।

ਉਨ੍ਹਾਂ ਸਮੂਹ ਮਜ਼ਦੂਰ ਜਥੇਬੰਦੀਆਂ ਨੂੰ 24 ਮਈ ਸਵੇਰੇ 11 ਵਜੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਮੀਟਿੰਗ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

# ਵਾਧੂ ਜ਼ਮੀਨ ਬੇਜ਼ਮੀਨੇ ਮਜ਼ਦੂਰਾਂ ਵਿੱਚ ਵੰਡਣ ਲਈ ਸੰਘਰਸ਼ ਕਰਦੇ ਮਜ਼ਦੂਰਾਂ ਤੇ ਜ਼ਬਰ ਕਰਨ ਦੀ ਨਿੰਦਾ

## ਸੰਘਰਸ਼ ਦੌਰਾਨ ਗ੍ਰਿਫਤਾਰ ਕੀਤੇ ਮਜ਼ਦੂਰ ਤੁਰੰਤ ਰਿਹਾਅ ਕਰਨ ਅਤੇ ਗ੍ਰਿਫਤਾਰ ਮਜ਼ਦੂਰਾਂ ਦੀ ਗਿਣਤੀ ਜਨਤਕ ਕਰਨ ਦੀ ਮੰਗ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com



ਮੋਰਿੰਡਾ 23 ਮਈ (ਪਤਰ ਪ੍ਰੇਰਕ) ਜਮਹੂਰੀ ਅਧਿਕਾਰ ਸਭਾ ਪੰਜਾਬ ਵਲੋਂ 927 ਏਕੜ ਜ਼ਮੀਨ ਉਪਰ ਬੇਗਮਪੁਰਾ ਵਸਾਉਣ ਅਤੇ 17 ਏਕੜ ਲੈਂਡ ਸੀਲਿੰਗ ਐਕਟ ਤਹਿਤ ਵਾਧੂ ਜ਼ਮੀਨ ਬੇਜ਼ਮੀਨੇ ਮਜ਼ਦੂਰਾਂ ਵਿੱਚ ਵੰਡਣ ਲਈ ਕੀਤੇ ਜਾ ਰਹੇ ਸੰਘਰਸ਼ ਦੌਰਾਨ ਗਿਰਫ਼ਤਾਰ ਕੀਤੇ ਮਜ਼ਦੂਰਾਂ, ਔਰਤਾਂ ਅਤੇ ਮਰਦਾਂ ਦੀ ਤੁਰੰਤ ਰਿਹਾਈ ਅਤੇ ਗੱਲ ਬਾਤ ਰਾਹੀਂ ਮਸਲੇ ਦਾ ਹੱਲ ਕਰਨ ਦੀ ਮੰਗ ਕੀਤੀ ਹੈ ਸਭਾ ਦੇ ਪ੍ਰਧਾਨ ਪ੍ਰੋਫੈਸਰ ਜਗਮੋਹਣ ਸਿੰਘ ਜਰਨਲ ਸਕੱਤਰ ਪ੍ਰਿਤਪਾਲ ਸਿੰਘ ਪ੍ਰੈਸ ਸਕੱਤਰ ਅਮਰਜੀਤ ਸ਼ਾਸਤਰੀ ਨੇ ਹੱਕ ਮੰਗਦੇ ਮਜ਼ਦੂਰਾਂ ਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਜ਼ਬਰ, ਜ਼ੁਲਮ ਦੀ ਘੋਰ ਨਿੰਦਾ ਕਰਦਿਆਂ ਆਖਿਆ ਕਿ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵਲੋਂ ਬੇਚਿਰਾਗ ਪਿੰਡ ਬੀੜ ਐਸਵਾਨ ਸੰਗਰੂਰ ਵਿਖੇ 927 ਏਕੜ ਜ਼ਮੀਨ ਚ ਬੇਗ਼ਮਪੁਰਾ ਵਸਾਉਣ ਨੂੰ ਰੋਕਣ ਲਈ ਭਗਵੰਤ ਸਿੰਘ ਮਾਨ ਸਰਕਾਰ ਵਲੋਂ ਬੁਖਲਾਹਟ ਵਿੱਚ ਆ ਕੇ ਬੇਜ਼ਮੀਨੇ ਦਲਿਤ ਮਜ਼ਦੂਰਾਂ ਉੱਪਰ ਚਲਾਏ ਦਮਨ ਚੱਕਰ ਵਿੱਚ ਸੈਂਕੜੇ ਮਜ਼ਦੂਰ ਮਰਦ ਔਰਤਾਂ ਨੂੰ ਗ੍ਰਿਫ਼ਤਾਰ ਕਰਕੇ ਦਲਿਤਾਂ ਨਾਲ ਧ੍ਰੋਹ ਕਮਾਇਆ ਗਿਆ ਹੈ। ਸੰਗਰੂਰ ਪ੍ਰਸ਼ਾਸਨ ਨੇ ਬੀੜ ਐਸਵਾਨ ਜ਼ਮੀਨ ਵੱਲ ਵੱਧ ਰਹੇ ਸੈਂਕੜੇ ਮਜ਼ਦੂਰਾਂ ਨੂੰ ਵੱਖ ਵੱਖ ਥਾਵਾਂ ਤੋਂ ਗ੍ਰਿਫ਼ਤਾਰ ਕੀਤਾ। ਕੁੱਝ ਲੋਕਾਂ ਨੂੰ ਦੇਰ ਰਾਤ ਰਿਹਾਅ ਕਰ ਦਿੱਤਾ ਗਿਆ ਲੇਕਿਨ 400 ਤੋਂ ਵੱਧ ਮਜ਼ਦੂਰ ਮਰਦ ਔਰਤਾਂ ਨੂੰ ਸੰਗਰੂਰ ਪ੍ਰਸ਼ਾਸਨ ਨੇ ਗ੍ਰਿਫ਼ਤਾਰ ਕਰਨ ਉਪਰੰਤ ਸੰਗਰੂਰ ਜੇਲ੍ਹ ਚ 70, ਮਲੇਰਕੋਟਲਾ ਚ 35, ਪਟਿਆਲਾ ਚ 66 ਅਤੇ ਨਾਭਾ ਜੇਲ੍ਹ ਚ 85 ਮਜ਼ਦੂਰਾਂ ਨੂੰ ਕੈਦ ਕਰਨ ਦੀ ਜਾਣਕਾਰੀ ਪ੍ਰਾਪਤ ਹੋਈ ਹੈ। ਇਹ ਵੀ ਜਾਣਕਾਰੀ ਪ੍ਰਾਪਤ ਹੋਈ ਹੈ ਕਿ ਬਠਿੰਡਾ ਜੇਲ੍ਹ ਵਿੱਚ 100 ਦੇ ਕ਼ਰੀਬ ਮਜ਼ਦੂਰ ਔਰਤਾਂ ਨੂੰ ਨਜ਼ਰਬੰਦ ਕੀਤਾ ਗਿਆ ਹੈ ਪ੍ਰੰਤੂ ਬਾਕੀ ਮਜ਼ਦੂਰ ਮਰਦ ਔਰਤਾਂ ਨੂੰ ਕਿਸ ਜੇਲ੍ਹ ਜਾਂ ਆਰਜੀ ਜੇਲ੍ਹ ਵਿੱਚ ਪ੍ਰਸ਼ਾਸਨ ਨੇ ਨਜ਼ਰਬੰਦ ਕੀਤਾ ਹੈ ਦਸਿਆ ਜਾਵੇ। ਪ੍ਰਸ਼ਾਸਨ ਉਹ ਦੱਸਣ ਲਈ ਤਿਆਰ ਨਹੀਂ। ਸਭਾ ਨੇ ਮੰਗ ਕੀਤੀ ਹੈ ਕਿ ਨੇ ਸੂਬਾ ਸਰਕਾਰ ਅਤੇ ਸੰਗਰੂਰ ਪ੍ਰਸ਼ਾਸਨ ਬੇਗ਼ਮਪੁਰਾ ਵਸਾਉਣ ਤੋਂ ਰੋਕਣ ਲਈ ਗ੍ਰਿਫ਼ਤਾਰ ਮਜ਼ਦੂਰ ਮਰਦ ,ਔਰਤਾਂ ਦੀ ਗਿਣਤੀ ਜਨਤਕ ਕਰੇ ਕਿ ਉਹਨਾਂ ਨੂੰ ਕਿਸ ਕਿਸ ਜੇਲ੍ਹ ਵਿੱਚ ਨਜ਼ਰਬੰਦ ਕੀਤਾ ਹੋਇਆ ਹੈ ਤਾਂ ਕਿ ਫ਼ਿਕਰਮੰਦ ਪਰਿਵਾਰਾਂ ਨੂੰ ਉਹਨਾਂ ਦੇ ਆਪਣਿਆਂ ਦੀ ਸਹੀ ਸਲਾਮਤ ਹੋਣ ਦੀ ਜਾਣਕਾਰੀ ਮਿਲ ਸਕੇ। ਉਹਨਾਂ ਗਿਰਫ਼ਤਾਰ ਕੀਤੇ ਮਜ਼ਦੂਰਾਂ ਨੂੰ ਇਨਸਾਫ਼ ਦੇਣ ਦੀ ਮੰਗ ਕੀਤੀ ਹੈ

ਜਮਹੂਰੀ ਅਧਿਕਾਰ ਸਭਾ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਗਿਰਫ਼ਤਾਰ ਮਜ਼ਦੂਰਾਂ ਦੀ ਗਿਣਤੀ ਤੁਰੰਤ ਜਨਤਕ ਨਾ ਕੀਤੀ ਅਤੇ ਗ੍ਰਿਫ਼ਤਾਰ ਮਜ਼ਦੂਰ ਰਿਹਾ ਨਾ ਕੀਤੇ ਤਾਂ ਭਰਾਤਰੀ ਜਨਤਕ ਜਥੇਬੰਦੀਆਂ ਦੇ ਸਹਿਯੋਗ ਨਾਲ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

# ਸੀ ਪੀ ਆਈ ਦੀ 25ਵੀਂ ਪਾਰਟੀ ਕਾਂਗਰਸ ਚੰਡੀਗੜ੍ਹ ਲਈ ਮਿਲ ਰਿਹਾ ਹੈ ਭਰਪੂਰ ਹੁੰਗਾਰਾ- ਅਰਸ਼ੀ

## ਮਾਸਟਰ ਬਲਵੀਰ ਸਿੰਘ ਮੰਦਰਾਂ ਦੇ ਪਰਿਵਾਰ ਵੱਲੋਂ ਪੰਜਾਹ ਹਜ਼ਾਰ ਰੁਪਏ ਦਾ ਚੈੱਕ ਕਾ.ਅਰਸ਼ੀ ਦੇ ਕੀਤਾ ਸਪੁਰਦ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com



ਮਾਨਸਾ 23 ਮਈ(ਆਤਮਾ ਸਿੰਘ ਪਮਾਰ ) ਮਾਸਟਰ ਬਲਵੀਰ ਸਿੰਘ ਮੰਦਰਾਂ ਪਿੰਡ ਆਲਮਪੁਰ ਮੰਦਰਾਂ ਚੜ੍ਹਦੀ ਜਵਾਨੀ ਵਿੱਚ ਹੀ ਸੀਪੀਆਈ ਵਿੱਚ ਸਰਗਰਮ ਹੋ ਗਏ ਸਨ, ਲਾਲ ਪਾਰਟੀ ਵਿੱਚ ਵੀ ਵੱਧ ਚੜ੍ਹਕੇ ਕੰਮ ਕੀਤਾ, ਕਈ ਵਾਰ ਜੇਲ੍ਹ ਗਏ ਕਾਫ਼ੀ ਸਮਾਂ ਗੁਪਤ ਵਾਸ ਵੀ ਰਹੇ, ਕਾ. ਜੋਗਾ ਜੀ ਦੇ ਜ਼ੋਰ ਦੇਣ ‘ਤੇ ਅਧਿਆਪਕ ਵਜੋਂ ਸਿਖਲਾਈ ਲੈਣ ਕੇ ਲੰਮਾ ਸਮਾਂ ਬਤੌਰ ਅਧਿਆਪਕ ਵੀ ਸੇਵਾ ਨਿਭਾਈ, ਅਤੇ ਇੱਕ ਵਧੀਆ ਅਧਿਆਪਕ ਦਾ ਨਾਮਣਾ ਖੱਟਿਆ ਤੇ ਗੌਰਮਿੰਟ ਟੀਚਰਜ਼ ਯੂਨੀਅਨ ਦੇ ਸਿਰ ਮੌਰ ਆਗੂ ਵਜੋਂ ਵੀ ਸਥਾਪਿਤ ਹੋਏ ਤੇ ਅਗਸਤ 1992’ਚ ਆਪਣੇ ਪਿੰਡ ਦੇ ਹਾਈ ਸਕੂਲ ਤੋਂ ਬਤੌਰ ਸਕੂਲ ਮੁਖੀ ਸੇਵਾ ਮੁਕਤ ਹੋਏ।

ਇਸ ਦੌਰਾਨ 1992 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਬੁਢਲਾਡਾ ਹਲਕੇ ਤੋਂ ਕਾਮਰੇਡ ਅਰਸ਼ੀ ਵਿਧਾਇਕ ਚੁਣੇ ਗਏ, ਮਾਸਟਰ ਜੀਆਂ ਨੇ ਉਨ੍ਹਾਂ ਦੀ ਸੱਜੀ ਬਾਂਹ ਬਣਕੇ ਹਲਕੇ ਤੇ ਪਾਰਟੀ ਦੀ ਦਿਨ ਰਾਤ ਇੱਕ ਕਰਕੇ ਸੇਵਾ ਕੀਤੀ।

ਮੰਦਰਾਂ ਵੱਲੋਂ ਲੰਮਾ ਸਮਾਂ ਬੁਢਲਾਡਾ ਤਹਿਸੀਲ ਦੇ ਪਾਰਟੀ ਸਕੱਤਰ ਦੀ ਜ਼ਿੰਮੇਵਾਰੀ ਵੀ ਬਾਖੂਬੀ ਨਿਭਾਈ ਤੇ ਪਾਰਟੀ ਦੇ ਸੂਬਾ ਕੰਟਰੋਲ ਕਮਿਸ਼ਨ ਦੇ ਮੈਂਬਰ ਵੀ ਰਹੇ ਤੇ ਪਟਨਾ ਪਾਰਟੀ ਕਾਂਗਰਸ ਵਿੱਚ ਬਤੌਰ ਡੈਲੀਗੇਟ ਸ਼ਾਮਲ ਹੋਏ ।

ਅਪ੍ਰੈਲ 2012 ਵਿੱਚ ਅਚਾਨਕ ਸਦੀਵੀ ਵਿਛੋੜਾ ਦੇ ਗਏ।

ਪਾਰਟੀ ਦੇ ਸੀਨੀਅਰ ਆਗੂ ਕਾ. ਹਰਦੇਵ ਸਿੰਘ ਅਰਸ਼ੀ ਨਾਲ ਮਾਸਟਰ ਜੀ ਦੇ ਨੇੜਲੇ ਪਰਿਵਾਰਕ ਸਬੰਧ ਹਨ, ਜਦੋਂ ਸਾਥੀ ਅਰਸ਼ੀ ਨੇ ਪਾਰਟੀ ਕਾਂਗਰਸ ਦੇ ਪ੍ਰਬੰਧਾਂ ਵਿੱਚ ਮਾਲੀ ਯੋਗਦਾਨ ਪਾਉਣ ਦੀ ਅਪੀਲ ਕੀਤੀ ਉਨ੍ਹਾਂ ਦੀ ਜੀਵਨ ਸਾਥਣ ਮਾਤਾ ਅਜੀਤ ਕੌਰ ਤੇ ਨੂੰਹ ਰਾਣੀ ਬੀਬਾ ਗੁਰਬਿੰਦਰ ਕੌਰ ਨੇ ਪਹਿਲੀ ਕਿਸ਼ਤ ਵਜੋਂ ਪੰਜਾਹ ਹਜ਼ਾਰ ਦਾ ਚੈੱਕ ਉਨ੍ਹਾਂ ਦੇ ਸਪੁਰਦ ਕੀਤਾ।ਇਸ ਮੌਕੇ ਕਾ. ਅਰਸ਼ੀ ਨੇ ਪਰਿਵਾਰ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਪਰਿਵਾਰ ਵੱਲੋਂ ਪਾਰਟੀ ਹਰ ਪੱਖੋਂ ਹਰ ਸਮੇਂ ਸਹਿਯੋਗ ਕੀਤਾ ਜਾਂਦਾ ਹੈ। ਜਿਸ ਕਾਰਨ ਪਾਰਟੀ ਕਾਂਗਰਸ ਚੰਡੀਗੜ੍ਹ ਬਿਹਤਰੀ ਢੰਗ ਨਾਲ ਨੇਪਰੇ ਚੜ੍ਹੇਗੀ।ਇਸ ਮੌਕੇ ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਜਨਰਲ ਸਕੱਤਰ ਸਾਥੀ ਮਲਕੀਤ ਸਿੰਘ ਮੰਦਰਾਂ ਵੀ ਮੌਜੂਦ ਸਨ।

# ਨਸ਼ਾ ਮੁਕਤੀ ਯਾਤਰਾ- ਕੈਬਨਿਟ ਮੰਤਰੀ ਅਮਨ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਲੋਹਾਖੇੜਾ, ਰੱਤੋਕੇ ਅਤੇ ਤੱਕੀਪੁਰ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ

## ਲੋਕਾਂ ਨੂੰ ਨਸ਼ਿਆਂ ਦੇ ਖਾਤਮੇ ਦੀ ਚੁਕਾਈ ਸਹੁੰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com




ਦਲਜੀਤ ਕੌਰ

ਸੁਨਾਮ, 23 ਮਈ, 2025: ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਵਿਧਾਨ ਸਭਾ ਹਲਕਾ ਸੁਨਾਮ ਦੇ ਹਰ ਇੱਕ ਪਿੰਡ ਅਤੇ ਸ਼ਹਿਰੀ ਖੇਤਰ ਨੂੰ ਨਸ਼ਾ ਮੁਕਤ ਕਰਨ ਦੀ ਮੁਹਿੰਮ ਜੋਸ਼ੋ-ਖਰੋਸ਼ ਨਾਲ ਚੱਲ ਰਹੀ ਹੈ ਅਤੇ ਵੱਖ-ਵੱਖ ਪਿੰਡਾਂ ਵਿੱਚ ਨਸ਼ਾ ਮੁਕਤੀ ਯਾਤਰਾ ਦੌਰਾਨ ਲੋਕਾਂ ਦੀ ਭਰਵੀਂ ਇਕੱਤਰਤਾ ਹੋ ਰਹੀ ਹੈ। ਇਸੇ ਲੜੀ ਤਹਿਤ ਪਿੰਡ ਲੋਹਾਖੇੜਾ, ਰੱਤੋਕੇ ਅਤੇ ਤੱਕੀਪੁਰ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕੀਤੀਆਂ ਗਈਆਂ ਅਤੇ ਲੋਕਾਂ ਨੂੰ ਨਸ਼ਿਆਂ ਦੇ ਖਾਤਮੇ ਦੀ ਸਹੁੰ ਚੁਕਾਈ ਗਈ।

ਇਸ ਮੌਕੇ ਐੱਸ. ਡੀ.ਐਮ., ਚਰਨਜੋਤ ਸਿੰਘ ਵਾਲੀਆ ਨੇ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪ੍ਰਣ ਕਰ ਕੇ ਅਤੇ ਹਰ ਹੀਲੇ ਉਸ ਪ੍ਰਣ ਨੂੰ ਨਿਭਾਉਣ ਵਿੱਚ ਕਿਸੇ ਵੀ ਨਾਗਰਿਕ ਨੂੰ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ। ਹਰ ਇੱਕ ਪਿੰਡ ਵਿੱਚ ਪੇਂਡੂ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ ਅਤੇ ਪੂਰੀ ਉਮੀਦ ਹੈ ਕਿ ਇਹ ਡਿਫੈਂਸ ਕਮੇਟੀਆਂ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਸ਼ਿੱਦਤ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਨਸ਼ਾ ਤਸਕਰਾਂ ਦੇ ਕਾਰੋਬਾਰ ਨੂੰ ਮੁਕੰਮਲ ਤੌਰ ‘ਤੇ ਬੰਦ ਕਰਵਾਉਣ ਵਿੱਚ ਯੋਗਦਾਨ ਪਾਉਣਗੀਆਂ।

ਐੱਸ.ਡੀ.ਐਮ. ਨੇ ਕਿਹਾ ਕਿ ਜਾਗਰੂਕਤਾ ਮੀਟਿੰਗਾਂ ਵਿੱਚ ਪਹੁੰਚਣ ਵਾਲੇ ਲੋਕਾਂ ਦਾ ਵੀ ਇਹ ਫਰਜ਼ ਬਣਦਾ ਹੈ ਕਿ ਉਹ ਇਥੋਂ ਮਿਲਣ ਵਾਲੇ ਸੁਨੇਹੇ ਆਪਣੇ ਪਰਿਵਾਰਕ ਮੈਂਬਰਾਂ, ਦੋਸਤਾਂ-ਮਿੱਤਰਾਂ, ਗੁਆਂਢੀਆਂ ਅਤੇ ਹੋਰ ਪਤਵੰਤਿਆਂ ਨਾਲ ਨਿਰੰਤਰ ਸਾਂਝਾ ਕਰਦੇ ਰਹਿਣ ਕਿਉਂਕਿ ਲੋਕ ਲਹਿਰ ਬਣਨ ਨਾਲ ਹੀ ਅਜਿਹੀਆਂ ਸਮਾਜਿਕ ਬੁਰਾਈਆਂ ਦਾ ਖਾਤਮਾ ਸੰਭਵ ਹੁੰਦਾ ਹੈ। ਇਹ ਮੁਹਿੰਮ ਜ਼ਰੂਰ ਹੀ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰੇਗੀ।

ਐੱਸ.ਡੀ.ਐਮ. ਨੇ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਹਰੇਕ ਨਾਗਰਿਕ ਤੱਕ ਸਿੱਧੀ ਪਹੁੰਚ ਨੂੰ ਯਕੀਨੀ ਬਣਾਉਣ ਲਈ ਨਸ਼ਾ ਮੁਕਤੀ ਯਾਤਰਾ ਆਰੰਭ ਕੀਤੀ ਗਈ ਹੈ ਤਾਂ ਜੋ ਲੋਕਾਂ ਤੋਂ ਸਿੱਧੀ ਫੀਡਬੈਕ ਲੈ ਕੇ ਨਸ਼ਿਆਂ ਦੀ ਸਪਲਾਈ ਲਾਈਨ ਤੋੜੀ ਜਾ ਸਕੇ ਅਤੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਦਾ ਮੁਫਤ ਅਤੇ ਢੁਕਵਾਂ ਇਲਾਜ ਕਰਵਾਇਆ ਜਾ ਸਕੇ।

ਇਸ ਮੌਕੇ ਪੀ.ਏ. ਸੰਜੀਵ ਕੁਮਾਰ, ਜਰਨੈਲ ਸਿੰਘ ਸਰਪੰਚ ਲੋਹਾਖੇੜਾ, ਜਸਪਾਲ ਸਿੰਘ ਸਰਪੰਚ ਤੱਕੀਪੁਰ, ਹਰਦੀਪ ਕੌਰ ਸਰਪੰਚ ਰੱਤੋਕੇ, ਬਲਜਿੰਦਰ ਸਿੰਘ, ਸੁਖਪਾਲ ਸਿੰਘ, ਮਨੀ ਰੱਤੋਕੇ, ਗੁਰਦੀਪ ਸਿੰਘ ਤੱਕੀਪੁਰ, ਜੇਗਾ ਸਿੰਘ ਬਾਠ ਤੱਕੀਪੁਰ, ਰਸ਼ਪਾਲ ਸਿੰਘ ਰੱਤੋਕੇ, ਬਲਵਿੰਦਰ ਸਿੰਘ ਸਰਪੰਚ, ਲਾਭ ਸਿੰਘ ਨੀਲੋਵਾਲ, ਮਨਿੰਦਰ ਸਿੰਘ ਸਰਪੰਚ, ਲਵਦੀਪ ਸ਼ਰਮਾ ਜ਼ਿਲ੍ਹਾ ਕੋਆਰਡੀਨੇਟਰ, ਸੰਦੀਪ ਦੁੱਗਾਂ, ਮਨੀ ਸਾਰੋਂ, ਐੱਸ.ਐੱਚ.ਓ. ਲੌਂਗੋਵਾਲ ਬਲਵੰਤ ਸਿੰਘ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਪਿੰਡਾਂ ਦੇ ਪੰਚ ਸਰਪੰਚ ਅਤੇ ਪਿੰਡ ਵਾਸੀ ਹਾਜ਼ਰ ਸਨ।

# ਬੀਜੇਪੀ ਦੀ ਮਹਾਰਾਸ਼ਟਰ ਸਰਕਾਰ ਵਲੋਂ ਚੀਫ਼ ਜਸਟਿਸ ਦੇ ਕੀਤੇ ਅਪਮਾਨ ਦੀ ਲਿਬਰੇਸ਼ਨ ਵਲੋਂ ਸਖਤ ਨਿੰਦਾ

## ਦਲਿਤਾਂ ਤੇ ਬੋਧੀਆਂ ਨੂੰ- ਘੋਰ ਜਾਤੀਵਾਦੀ ਅਤੇ ਬ੍ਰਾਹਮਣਵਾਦੀ ਬੀਜੇਪੀ ਇਨਸਾਨ ਮੰਨਣ ਤੋਂ ਹੀ ਇਨਕਾਰੀ,,

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 9463601616 hardipchumber57@gmail.com

ਮਾਨਸਾ, 23 ਮਈ( ਆਤਮਾ ਸਿੰਘ ਪਮਾਰ)

ਸੁਪਰੀਮ ਕੋਰਟ ਦੇ ਚੀਫ ਜਸਟਿਸ ਬੀਆਰ ਗਵਈ ਵਲੋਂ ਅਪਣਾ ਅਹੁਦਾ ਸੰਭਾਲਣ ਤੋਂ ਬਾਅਦ ਪਹਿਲੀ ਵਾਰ ਅਪਣੇ ਘਰ ਜਾਣ ਦੇ ਮੌਕੇ ਮਹਾਰਾਸ਼ਟਰ ਦੀ ਬੀਜੇਪੀ ਸਰਕਾਰ ਵਲੋਂ ਕੀਤੇ ਗਏ ਉਨ੍ਹਾਂ ਦੇ ਅਪਮਾਨ ਦੀ ਸੀਪੀਆਈ (ਐਮ ਐਲ) ਲਿਬਰੇਸ਼ਨ ਵੱਲੋਂ ਸਖ਼ਤ ਨਿੰਦਾ ਕੀਤੀ ਗਈ।

ਪਾਰਟੀ ਵਲੋਂ ਕਿਹਾ ਗਿਆ ਹੈ ਕਿ ਚੀਫ ਜਸਟਿਸ ਗਵਈ ਸਾਹਿਬ ਦਾ ਜਾਤੀ ਪੱਖੋਂ ਦਲਿਤ ਅਤੇ ਧਰਮ ਪੱਖੋਂ ਬੋਧੀ ਹੋਣਾ, ਘੋਰ ਜਾਤੀਵਾਦੀ ਤੇ ਬ੍ਰਾਹਮਣਵਾਦੀ ਬੀਜੇਪੀ ਨੂੰ ਬੁਰੀ ਤਰ੍ਹਾਂ ਚੁੱਭ ਰਿਹਾ ਹੈ। ਇਸੇ ਲਈ ਉਨ੍ਹਾਂ ਵਲੋਂ ਚੀਫ਼ ਜਸਟਿਸ ਦਾ ਅਹੁਦਾ ਸੰਭਾਲਣ ਤੋਂ ਬਾਅਦ ਪਹਿਲੀ ਵਾਰ ਅਪਣੇ ਘਰ ਜਾਣ ਮੌਕੇ ਮਹਾਰਾਸ਼ਟਰ ਦੀ ਫੜਨਵੀਸ ਸਰਕਾਰ ਨੇ ਪ੍ਰੋਟੋਕਾਲ ਨੂੰ ਪੈਰਾਂ ਹੇਠ ਰੋਲਦਿਆਂ ਉਨ੍ਹਾਂ ਨੂੰ ਕੋਈ ਮਾਣ ਸਤਿਕਾਰ ਨਹੀਂ ਦਿੱਤਾ। ਬੀਜੇਪੀ ਸਰਕਾਰ ਦਾ ਅਜਿਹਾ ਵਰਤਾਓ ਉਸ ਵਲੋਂ ਦਲਿਤਾਂ ਨਾਲ ਚੋਣਾਂ ਮੌਕੇ ਵੋਟਾਂ ਲੈਣ ਲਈ ਵਿਖਾਏ ਜਾਂਦੇ ਨਕਲੀ ਹੇਜ ਦਾ ਭਾਂਡਾ ਭੰਨ ਦਿੰਦਾ ਹੈ।

ਬਿਆਨ ਵਿੱਚ ਕਿਹਾ ਗਿਆ ਹੈ ਕਿ ਦੇਸ਼ ਦੇ ਚੀਫ਼ ਜਸਟਿਸ ਵਰਗੇ ਇੱਕ ਬੇਹੱਦ ਵਕਾਰੀ ਸੰਵਿਧਾਨਕ ਅਹੁਦੇ'ਤੇ ਬਿਰਾਜ਼ਮਾਨ ਇੱਕ ਦਲਿਤ ਅਤੇ ਬੁੱਧ ਮਤ ਦੇ ਧਾਰਨੀ ਇਨਸਾਨ ਵਲੋਂ ਪਹਿਲੀ ਵਾਰ ਅਪਣੇ ਜੱਦੀ ਪ੍ਰਦੇਸ਼ ਵਿੱਚ ਪਹੁੰਚਣ ਮੌਕੇ ਉਸ ਦੇ ਸੁਵਾਗਤ ਲਈ ਹਵਾਈ ਅੱਡੇ ਉਤੇ ਮੁੱਖ ਮੰਤਰੀ ਤਾਂ ਦੂਰ ਕੋਈ ਮੰਤਰੀ ਜਾਂ ਪੁਲਿਸ ਕਮਿਸ਼ਨਰ ਤੱਕ ਵੀ ਹਾਜ਼ਰ ਨਹੀਂ ਸੀ, ਤਾਂ ਅਜਿਹੇ ਯੋਜਨਾਬੱਧ ਕੀਤੇ ਅਪਮਾਨ ਦੀ ਵਿਆਖਿਆ ਸੰਘ-ਬੀਜੇਪੀ ਦੇ ਡੀ ਐਨ ਏ ਵਿੱਚ ਮੌਜੂਦ ਮੰਨੂਵਾਦ ਅਤੇ ਦਲਿਤਾਂ ਅਛੂਤਾਂ ਨੂੰ ਇਨਸਾਨ ਨਾ ਮੰਨਣ ਵਾਲੀ ਸੋਚ ਤੋਂ ਇਲਾਵਾ ਹੋਰ ਕਿਸ ਤਰਕ/ ਦਲੀਲ ਨਾਲ ਕੀਤੀ ਜਾ ਸਕਦੀ ਹੈ?

ਇਸ ਸ਼ਰਮਨਾਕ ਘਟਨਾ ਨਾਲ ਦਲਿਤ ਵਰਗ ਦੇ ਉਨ੍ਹਾਂ ਸਾਰੇ ਹਿੱਸਿਆਂ ਦੀਆਂ ਅੱਖਾਂ ਵੀ ਖੁੱਲ੍ਹ ਜਾਣੀਆਂ ਚਾਹੀਦੀਆਂ ਹਨ, ਜੋ ਸਿਰਫ਼ ਸੱਤਾ ਦੀ ਮਲਾਈ ਦੀਆਂ ਕੁੱਝ ਬੂੰਦਾਂ ਦੀ ਕੁੱਤੇ ਝਾਕ ਵਿੱਚ ਬੀਜੇਪੀ ਅਤੇ ਇਸ ਦੇ ਆਗੂਆਂ ਤਲਬੇ ਚੱਟਦੇ ਅੱਗੇ ਪਿੱਛੇ ਘੁੰਮਦੇ ਫਿਰ ਰਹੇ ਹਨ।

# ਹੁਸ਼ਿਆਰਪੁਰ 'ਚ ਪੜ੍ਹਨ ਗਏ ਬੱਚਿਆਂ ਦੇ ਲਾਪਤਾ ਹੋਣ ਦਾ ਸਿਲਸਿਲਾ ਫਿਰ ਚਲਿਆ

## • ਟਿਊਸ਼ਨ ਪੜ੍ਹਨ ਗਏ ਤਿੰਨ ਬੱਚੇ ਹੋਏ ਲਾਪਤਾ; ਮਾਪਿਆਂ ਦੇ ਬੱਚੇ ਡਾਢੇ ਪਰੇਸ਼ਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 9463601616 hardipchumber57@gmail.com



ਹੁਸ਼ਿਆਰਪੁਰ, 23 ਮਈ ( ਤਰਸੇਮ ਦੀਵਾਨਾ )

ਹੁਸ਼ਿਆਰਪੁਰ ਸ਼ਹਿਰ ਚ ਛੋਟੇ ਬੱਚਿਆਂ ਦੇ ਲਾਪਤਾ ਹੋਣ ਦੀਆਂ ਖ਼ਬਰਾਂ ਦਿਨ ਪ੍ਰਤੀ ਦਿਨ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ। ਜੁਨ ਤਾਜ਼ਾ ਮਾਮਲਾ ਹੁਸ਼ਿਆਰਪੁਰ ਦੇ ਵਾਰਡ ਨੰਬਰ 27 ਅਧੀਨ ਆਉਂਦੇ ਮੁਹੱਲਾ ਕੀਰਤੀ ਨਗਰ ਤੋਂ ਸਾਹਮਣੇ ਆਇਆ ਜਿੱਥੋਂ ਦੇ ਰਹਿਣ ਵਾਲੇ ਤਿੰਨ ਬੱਚੇ ਉਮਰ 12 ਸਾਲ,ਦੂਜਾ ਬੱਚਾ ਉਮਰ 11 ਸਾਲ, ਤੇ ਤੀਜਾ ਬੱਚਾ ਉਮਰ 8 ਸਾਲ ਦੇ ਕਰੀਬ ਦੱਸੀ ਜਾਂਦੀ ਹੈ।ਮਿਲੀ ਜਾਣਕਾਰੀ ਮੁਤਾਬਿਕ ਉਕਤ ਤਿੰਨੋ ਲੜਕੇ ਜਦੋਂ ਬੀਤੇ ਦਿਨ ਘਰੋਂ ਟਿਊਸ਼ਨ ਪੜ੍ਹਨ ਲਈ ਗਏ ਪਰੰਤੂ ਨਾ ਤਾਂ ਟਿਊਸ਼ਨ ਤੇ ਪਹੁੰਚੇ ਤੇ ਨਾ ਹੀ ਉਹ ਘਰ ਵਾਪਸ ਆਏ ਤਾਂ ਜਿਵੇਂ ਹੀ ਬੱਚਿਆਂ ਦੇ ਘਰੋਂ ਜਾਣ ਦੀ ਸੂਚਨਾ ਮਿਲੀ ਮਾਪਿਆਂ ਨੂੰ ਮਿਲੀ ਤਾਂ ਤਿੰਨਾਂ ਹੀ ਪਰਿਵਾਰਾਂ ਵੱਲੋਂ ਬੱਚਿਆਂ ਦੀ ਭਾਲ ਕੀਤੀ ਗਈ, ਪ੍ਰੰਤੂ ਉਹਨਾਂ ਦਾ ਕੁਝ ਪਤਾ ਨਹੀਂ ਲੱਗਾ। ਹਾਲਾਂਕਿ ਸੁਰੱਖਿਆ ਕਾਰਨਾ ਕਰਕੇ ਗਾਇਬ ਹੋਏ ਬੱਚਿਆਂ ਦੇ ਨਾਮ ਪ੍ਰਕਾਸ਼ਿਤ ਨਹੀਂ ਕੀਤੇ ਜਾ ਸਕਦੇ |

ਜਿਸ ਉਪਰੰਤ ਤਿੰਨਾਂ ਹੀ ਬੱਚਿਆਂ ਦੇ ਮਾਪਿਆਂ ਨੇ ਮੁੱਹਲੇ ਦੇ ਮੋਹਤਵਰ ਵਿਅਕਤੀਆਂ ਨੂੰ ਨਾਲ ਲੈ ਕੇ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਅਧੀਨ ਆਉਂਦੀ ਪੁਰਹੀਰਾਂ ਚੌਕੀ ਦੀ ਪੁਲਿਸ ਨਾਲ ਰਾਬਤਾ ਕਾਇਮ ਕਰਕੇ ਗੁਮਸ਼ੁਦਗੀ ਦੀ ਸੂਚਨਾ ਦਰਜ ਕਰਵਾਈ ਪੁਲਿਸ ਦੇ ਕੋਲ ਵੀ ਪੀੜਤ ਪਰਿਵਾਰਾਂ ਨੇ ਗੁਹਾਰ ਲਗਾਈ ਗਈ ਕਿ ਇਹਨਾਂ ਦੇ ਬੱਚਿਆਂ ਨੂੰ ਜਲਦ ਤੋਂ ਜਲਦ ਲੱਭਿਆ ਜਾਵੇ | ਬੱਚਿਆਂ ਦੇ ਮਾਪੇ ਇਸ ਕਰਕੇ ਵੀ ਪਰੇਸ਼ਾਨ ਹਨ ਕਿਉਂਕਿ ਪਹਿਲਾਂ ਵੀ ਟਿਊਸ਼ਨ ਪੜ੍ਹਾਉਣ ਵਾਲੇ ਅਧਿਆਪਕ ਵੱਲੋਂ ਹੀ ਬੱਚਿਆਂ ਨੂੰ ਅਗਵਾ ਕਰਕੇ ਲੈ ਕੇ ਜਾ ਚੁੱਕੇ ਹਨ ਅਤੇ ਹਾਲ ਹੀ ਦੇ ਵਿੱਚ ਵੈਸਟ ਬੰਗਾਲ ਨਜ਼ਦੀਕ ਤੋਂ ਥਾਣਾ ਮਾਡਲ ਟਾਊਨ ਦੀ ਪੁਲਿਸ ਨੇ ਅਧਿਆਪਕ ਸਮੇਤ ਬੱਚਿਆਂ ਨੂੰ ਕਾਬੂ ਕੀਤਾ ਸੀ ਉਹ ਅਧਿਆਪਕ ਹੁਣ ਵੀ ਜੇਲ ਵਿੱਚ ਦੱਸਿਆ ਜਾਂਦਾ ਹੈ। ਪੀੜਤ ਪਰਿਵਾਰਾਂ ਨੇ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਨੂੰ ਅਪੀਲ ਕੀਤੀ ਕਿ ਬੱਚਿਆਂ ਨੂੰ ਗਾਇਬ ਕਰਨ ਵਾਲੇ ਅਜਿਹੇ ਮਾਫੀਆ ਦੀ ਡੂੰਘੀ ਪੁਣ ਛਾਣ ਕੀਤੀ ਜਾਵੇ।

# ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਨੂੰ ਜੇਲ੍ਹੀ ਬੰਦ ਕਰਨ ਅਤੇ ਅੱਤਿਆਚਾਰ ਦੀ ਸਖ਼ਤ ਨਿਖੇਧੀ

## ਆਗੂਆਂ ਅਤੇ ਵਰਕਰਾਂ ਦੀ ਬਿਨ੍ਹਾਂ ਸ਼ਰਤ ਮੰਗੀ ਰਿਹਾਈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 9463601616 hardipchumber57@gmail.com



ਮਾਨਸਾ 23ਮਈ (ਆਤਮਾ ਸਿੰਘ ਪਮਾਰ)

ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਸਰਕਾਰੀ ਆਈ ਟੀ ਆਈ ਮਾਨਸਾ ਵਿਖੇ 20 ਮਈ ਨੂੰ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਬੀੜ ਐਸ਼ਵਾਨ (ਸੰਗਰੂਰ) ਵਿੱਚ ਬੇਗਮਪੁਰਾ ਵਸਾਉਣ ਜਾ ਰਹੇ ਸੈਂਕੜੇ ਮਜ਼ਦੂਰਾਂ ਨੂੰ ਸੰਗਰੂਰ, ਪਟਿਆਲਾ,ਨਾਭਾ , ਬਠਿੰਡਾ ਜੇਲ੍ਹ ਵਿੱਚ ਜਬਰੀ ਬੰਦ ਕੀਤੇ ਗਏ ਹਨ। ਜਿਸ ਤੇ ਪੰਜਾਬ ਸਟੂਡੈਂਟਸ ਯੂਨੀਅਨ ਇਕਾਈ ਸਰਕਾਰੀ ਆਈ ਟੀ ਆਈ ਮਾਨਸਾ ਵੱਲੋਂ ਪੰਜਾਬ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਅਤੇ ਇਹ ਮੰਗ ਕੀਤੀ ਗਈ ਕਿ ਮਜ਼ਦੂਰਾਂ ਦੀ ਹਾਲਤ ਨੂੰ ਸੁਧਾਰਨ ਲਈ 1972ਦਾ ਲੈਂਡ ਸੀਲਿੰਗ ਐਕਟ ਲਾਗੂ ਹੋਣਾ ਚਾਹੀਦਾ ਹੈ। ਜਿਸ ਵਿੱਚ ਕਿ ਸਾਢੇ 17 ਏਕੜ ਤੋਂ ਉਪਰਲੀਆਂ ਜ਼ਮੀਨਾਂ ਨੂੰ ਬੇਜ਼ਮੀਨੇ ਕਿਸਾਨਾਂ, ਮਜ਼ਦੂਰਾਂ ਵਿੱਚ ਵੰਡਿਆ ਜਾਣਾ ਹੈ । ਇਸ ਸਮੇਂ ਪੰਜਾਬ ਸਟੂਡੈਂਟਸ ਯੂਨੀਅਨ ਦੀ ਜ਼ਿਲਾ ਕਨਵੀਨਰ ਅਰਵਿੰਦਰ ਅਜ਼ਾਦ ਨੇ ਕਿਹਾ ਕਿ ਜਦੋਂ ਮਜ਼ਦੂਰ ਸੰਗਰੂਰ ਵਿੱਚ 927 ਏਕੜ ਤੇ ਗੁਰੂ ਰਵਿਦਾਸ ਜੀ ਦੇ ਸੰਕਲਪ ਵਾਲਾ ਬੇਗਮਪੁਰਾ ਵਸਾਉਣ ਜਾ ਰਹੇ ਸਨ ਤਾਂ ਮਜ਼ਦੂਰਾਂ ਨੂੰ ਰਸਤੇ ਵਿੱਚ ਹੀ ਗਿਰਫ਼ਤਾਰ ਕਰ ਲਿਆ ਗਿਆ ਤੇ 20 ਮਈ ਤੋਂ ਪਹਿਲਾਂ ਹੀ ਮਜ਼ਦੂਰ ਆਗੂਆਂ ਦੇ ਘਰਾਂ 'ਤੇ ਛਾਪੇਮਾਰੀ ਕੀਤੀ ਤੇ ਕਈ ਪਿੰਡਾਂ ਦੇ ਮਜ਼ਦੂਰ ਆਗੂਆਂ ਨੂੰ ਗਿਰਫ਼ਤਾਰ ਕਰਕੇ ਪਰਚੇ ਪਾ ਦਿੱਤੇ ਹਨ ।

ਇਨ੍ਹਾਂ ਗ੍ਰਿਫ਼ਤਾਰ ਲੋਕਾਂ ਵਿੱਚ ਬਹੁਤ ਸਾਰੀਆਂ ਪੇਂਡੂ ਔਰਤਾਂ ਤੇ ਵਿਦਿਆਰਥੀ ਵੀ ਸ਼ਾਮਲ ਹਨ । ਵਿਦਿਆਰਥੀਆਂ ਦੇ ਕਾਲਜਾਂ 'ਚ ਪੱਕੇ ਪੇਪਰ ਚੱਲ ਰਹੇ ਹਨ। ਪੁਲਿਸ ਵਿਦਿਆਰਥੀਆ ਨੂੰ ਜੇਲ੍ਹ ਵਿੱਚ ਬੰਦ ਕਰਕੇ ਉਨਾਂ ਦਾ ਭਵਿੱਖ ਖਰਾਬ ਕਰ ਰਹੀ ਹੈ । ਆਮ ਆਦਮੀ ਪਾਰਟੀ ਦੀ ਸਰਕਾਰ ਦਾ ਇਹ ਸ਼ਰਮਨਾਕ ਕਾਰਾ ਹੈ ਜਿਸ ਦਾ ਮੁੱਖ ਮੰਤਰੀ ਵੋਟਾਂ ਵੇਲੇ ਪਿੰਡਾਂ ਦੇ ਮਜ਼ਦੂਰਾਂ ਦੇ ਵਿਹੜੇ ਵਿੱਚ ਜਾ ਕਿ 'ਮੰਘਦਾ ਰਹੀ ਵੇ ਸੂਰਜਾ ਕੰਮੀਆਂ ਦੇ ਵਿਹੜੇ ' ਗੀਤ ਗਾਉਂਦਾ ਸੀ। ਅੱਜ ਜਦੋਂ ਮਜ਼ਦੂਰ ਲੋਕ ਲੈਂਡ ਸੀਲਿੰਗ ਐਕਟ ਤਹਿਤ ਸ਼ਾਂਤਮਈ ਤਰੀਕੇ ਨਾਲ ਇਸ ਕਾਨੂੰਨ ਨੂੰ ਲਾਗੂ ਕਰਵਾਉਣ ਲਈ ਜਮੀਨ ਦੀ ਮੰਗ ਕਰ ਰਹੇ ਹਨ ਤਾਂ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਬੰਦ ਕੀਤਾ ਜਾ ਰਿਹਾ ਹੈ। ਪੁਲਿਸ ਨੇ ਅਜੇ ਤੱਕ ਜੇਲ੍ਹਾਂ ਵਿੱਚ ਬੰਦ ਕੀਤੇ ਗਏ ਮਜ਼ਦੂਰਾਂ ਦੀ ਗਿਣਤੀ ਵੀ ਜਨਤਕ ਨਹੀਂ ਕੀਤੀ। ਸੰਗਰੂਰ ਜੇਲ੍ਹ ਵਿੱਚ ਬੰਦ ਕੀਤੇ ਮਜ਼ਦੂਰਾਂ ਨੂੰ ਬੁਨਿਆਦੀ ਸਹੂਲਤਾਂ ਤੱਕ ਨਹੀਂ ਦਿੱਤੀਆਂ ਗਈਆਂ ਜਿਸ ਕਾਰਨ ਜੇਲ੍ਹ ਵਿੱਚ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਗਈ ਹੈ । ਵਿਦਿਆਰਥੀ ਆਗੂਆ ਜਲਦ ਤੋਂ ਜਲਦ ਗ੍ਰਿਫਤਾਰ ਕੀਤੇ ਗਏ ਮਜ਼ਦੂਰ ਆਗੂਆਂ ਵਰਕਰਾਂ ਤੇ ਵਿਦਿਆਰਥੀਆਂ ਦੀ ਬਿਨ੍ਹਾਂ ਸ਼ਰਤ ਰਿਹਾਈ ਦੀ ਮੰਗ ਕੀਤੀ ਹੈ। ।

# ਸ਼੍ਰੀ ਇਲਮ ਚੰਦ ਸਰਵਹਿੱਤਕਾਰੀ ਵਿੱਦਿਆ ਮੰਦਰ ਹਾਈ ਸਕੂਲ ਛੋਕਰਾਂ ਵਿੱਚ ਡੇਂਗੂ ਮਲੇਰੀਆ ਤੇ ਮੌਸਮੀ ਬਿਮਾਰੀਆਂ ਦੇ ਬਚਾਅ ਲਈ ਕੈਂਪ ਦਾ ਆਯੋਜਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 9463601616 hardipchumber57@gmail.com



ਫਿਲੌਰ/ਅੱਪਰਾ (ਦੀਪਾ)-ਸ੍ਰੀ ਇਲਮ ਚੰਦ ਸਰਵਹਿਤਕਾਰੀ ਵਿੱਦਿਆ ਮੰਦਰ ਹਾਈ ਸਕੂਲ ਛੋਕਰਾਂ ਵਿੱਚ ਸਿਵਿਲ ਸਰਜਨ ਡਾਕਟਰ ਗੁਰਮੀਤ ਲਾਲ ਜਲੰਧਰ ਅਤੇ ਐਸ. ਐਮ. ਓ. ਡਾਕਟਰ ਕਿਰਨ ਕੌਸ਼ਲ ਅੱਪਰਾ ਦੇ ਮਾਰਗਦਰਸ਼ਨ ਵਿੱਚ ਵਿਦਿਆਰਥੀਆਂ ਨੂੰ ਡਾਕਟਰ ਗੁਰਨੇਕ ਲਾਲ ਹੈਲਥ ਇੰਸਪੈਕਟਰ, ਜਸਵਿੰਦਰ ਸਿੰਘ ਹੈਲਥ ਇੰਸਪੈਕਟਰ ਅਤੇ ਉਹਨਾਂ ਦੀ ਟੀਮ ਵੱਲੋਂ ਵਿਦਿਆਰਥੀਆਂ ਨੂੰ ਡੇਂਗੂ, ਮਲੇਰੀਆਂ, ਚਿਕਨ ਗੁਨੀਆ ਅਤੇ ਮੌਸਮੀ ਬਿਮਾਰੀਆਂ ਬਾਰੇ ਜਾਣਕਾਰੀ ਦਿੱਤੀ ਗਈ ਉਹਨਾਂ ਵੱਲੋਂ ਦੱਸਿਆ ਗਿਆ ਕਿ ਅਸੀਂ ਬਿਮਾਰ ਹੋਣ ਤੋਂ ਕਿਵੇਂ ਬਚ ਸਕਦੇ ਹਾਂ ਅਤੇ ਇਹਨਾਂ ਬਿਮਾਰੀਆਂ ਦੀ ਰੋਕਥਾਮ ਬਾਰੇ ਦੱਸਦੇ ਹੋਏ ਸਾਵਧਾਨੀਆਂ ਰੱਖਦੇ ਹੋਏ , ਹੋਰਾਂ ਨੂੰ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ ਗਿਆ । ਅੰਤ ਵਿੱਚ ਸਕੂਲ ਮੁੱਖੀ ਗੁਰਜੀਤ ਸਿੰਘ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ । ਇਸ ਸਮੇਂ ਸਕੂਲ ਦਾ ਸਾਰਾ ਸਟਾਫ਼ ਹਾਜ਼ਰ ਸੀ।

# ਡੀਟੀਐਫ ਵੱਲੋਂ ਨਵੀਂ ਸਿੱਖਿਆ ਨੀਤੀ 'ਤੇ ਸੈਮੀਨਾਰ 25 ਨੂੰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 9463601616 hardipchumber57@gmail.com




ਸੰਗਰੂਰ, 23 ਮਈ (ਜਗਸੀਰ ਸਿੰਘ)- ਡੈਮੋਕ੍ਰੇਟਿਕ ਟੀਚਰਜ਼ ਫਰੰਟ,ਬਲਾਕ ਸੰਗਰੂਰ-1 ਵੱਲੋਂ ਨਵੀਂ ਸਿੱਖਿਆ ਨੀਤੀ 2020 'ਤੇ ਸੈਮੀਨਾਰ 25 ਮਈ ਨੂੰ ਸਵੇਰੇ 10 ਵਜੇ ਤੋਂ 12 ਵਜੇ ਤੱਕ ਆਯੋਜਿਤ ਕੀਤਾ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਬਲਾਕ ਪ੍ਰਧਾਨ ਜਗਦੀਪ ਸਿੰਘ ਅਤੇ ਬਲਾਕ ਸਕੱਤਰ ਸੁਖਜਿੰਦਰ ਸੰਗਰੂਰ ਨੇ ਦੱਸਿਆ ਕਿ ਇਹ ਸੈਮੀਨਾਰ ਅਗਰਵਾਲ ਧਰਮਸ਼ਾਲਾ ,ਨੇੜੇ ਵੱਡਾ ਚੌਂਕ,ਸੰਗਰੂਰ ਵਿਖੇ ਹੋਵੇਗਾ, ਜਿਸਦਾ ਉਦੇਸ਼ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਨਵੀਂ ਸਿੱਖਿਆ ਨੀਤੀ 2020 ਦੀ ਜਾਣਕਾਰੀ ਦੇਣਾ ਅਤੇ ਇਸਦੇ ਲਾਗੂ ਹੋਣ ਤੇ ਸਿੱਖਿਆ ਉੱਤੇ ਪੈਣ ਵਾਲੇ ਪ੍ਰਭਾਵਾ ਬਾਰੇ ਚਰਚਾ ਕਰਨੀ ਹੈ।

ਇਸ ਸੈਮੀਨਾਰ ਵਿੱਚ ਮੁੱਖ ਬੁਲਾਰੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਸ੍ਰੀ ਦਿਗਵਿਜੇ ਪਾਲ ਸ਼ਰਮਾ ਜੀ ਹੋਣਗੇ, ਉਹ ਨਵੀਂ ਸਿੱਖਿਆ ਦੇ ਪ੍ਰਭਾਵਾ ਬਾਰੇ ਵਿਸਤਾਰ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਸ ਤੋਂ ਇਲਾਵਾ ਹੋਰ ਉੱਘੀਆ ਸਖਸ਼ੀਅਤਾਂ ਦੁਆਰਾ ਆਪਣੇ ਵਿਚਾਰ ਰੱਖੇ ਜਾਣਗੇ । ਡੈਮੋਕ੍ਰੇਟਿਕ ਟੀਚਰਜ਼ ਫਰੰਟ , ਸੰਗਰੂਰ ਵੱਲੋਂ ਸਾਰੇ ਅਧਿਆਪਕਾਂ ਅਤੇ ਸਿੱਖਿਆ ਵਿੱਚ ਰੁਚੀ ਰੱਖਣ ਵਾਲਿਆਂ ਨੂੰ ਸੈਮੀਨਾਰ ਵਿੱਚ ਭਾਗ ਲੈਣ ਦੀ ਅਪੀਲ ਕੀਤੀ ਜਾਂਦੀ ਹੈ, ਤਾਂ ਜੋ ਸਿੱਖਿਆ ਖੇਤਰ ਵਿੱਚ ਆ ਰਹੇ ਬਦਲਾਅ ਨੂੰ ਸਮਝਿਆ ਜਾ ਸਕੇ ਅਤੇ ਆਮ ਲੋਕਾਂ ਤੇ ਇਸ ਸਿੱਖਿਆ ਨੀਤੀ ਦੇ ਲਾਗੂ ਹੋਣ ਨਾਲ ਕੀ ਪ੍ਰਭਾਵ ਪਵੇਗਾ, ਜਨਤਕ ਸਿੱਖਿਆ ਪ੍ਰਣਾਲੀ ਨੂੰ ਭਵਿੱਖ ਵਿੱਚ ਕਿਹੜੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਇਸ ਤੇ ਗੰਭੀਰ ਵਿਚਾਰ ਕਰਨਾ ਅੱਜ ਸਾਡੇ ਸਾਰਿਆਂ ਲਈ ਜਰੂਰੀ ਹੈ।

# ਸੰਪਾਦਕ ਦੇ ਨਾਮ ਖਤ

## ਪੰਚਾਇਤ ਦਾ ਨੇਕ ਉਪਰਾਲਾ

ਬਠਿੰਡਾ ਜਿਲੇ ਦੇ ਬਲਾਕ ਸੰਗਤ ਅਧੀਨ ਆਉਂਦੇ ਪਿੰਡ ਕੋਟਗੁਰੂ ਦੀ ਸਮੁੱਚੀ ਪੰਚਾਇਤ ਨੇ ਪਿੰਡ ਦੀ ਮਾਣਮੱਤੀ ਧੀ ਪ੍ਰੋਫ਼ੈਸਰ ਜਸਵੰਤ ਕੌਰ ਮਣੀ ਦੇ ਨਾਮ ਤੇ ਪਾਰਕ ਬਣਾਉਣ ਦਾ ਮਤਾ ਪਾਸ ਕਰਕੇ ਬਹੁਤ ਹੀ ਨੇਕ ਉਪਰਾਲਾ ਕੀਤਾ ਹੈ। ਅਜਿਹਾ ਕਰਨ ਨਾਲ ਪਿੰਡ ਅਤੇ ਇਲਾਕੇ ਦੀਆਂ ਹੋਰ ਧੀਆਂ ਨੂੰ ਜਸਵੰਤ ਕੌਰ ਵਾਂਗ ਮਿਹਨਤ ਕਰਕੇ ਅੱਗੇ ਵਧਣ ਦੀ ਪ੍ਰੇਰਣਾ ਮਿਲੇਗੀ। ਕਿਓਂਕਿ ਪ੍ਰੋਫ਼ੈਸਰ ਜਸਵੰਤ ਕੌਰ ਮਣੀ ਨੇ ਸਧਾਰਨ ਪਰਿਵਾਰ ਚੋਂ ਉੱਠ ਕੇ ਸਖ਼ਤ ਮਿਹਨਤ ਦੇ ਬਲਬੂਤੇ ਬਹੁਤ ਜਿਆਦਾ ਉਚੇਰੀ ਸਿੱਖਿਆ ਪ੍ਰਾਪਤ ਕੀਤੀ ਤੇ ਸੈਂਕੜੇ ਲਿਖ ਅਖਬਾਰਾਂ ਚ ਲਿਖ ਕੇ ਆਪਣਾ ਅਤੇ ਪਿੰਡ ਦਾ ਨਾਮ ਚਮਕਾਇਆ। ਪਰ ਇੱਕ ਚੰਗੀ ਨੌਕਰੀ ਤੇ ਲੱਗਣ/ਜੁਆਇੰਨ ਕਰਨ ਤੋਂ ਕੁੱਝ ਦਿਨ ਪਹਿਲਾਂ ਹੀ ਜਸਵੰਤ ਕੌਰ ਮਣੀ ਦੀ ਬੇਵਕਤੀ ਮੌਤ ਹੋ ਗਈ ਸੀ। ਪੰਚਾਇਤ ਦੇ ਇਸ ਨੇਕ ਉਪਰਾਲੇ ਦੀ ਚਾਰੇ ਪਾਸੇ ਖੂਬ ਸੋਭਾ ਹੋ ਰਹੀ ਹੈ।

ਅੰਗਰੇਜ ਸਿੰਘ ਵਿੱਕੀ,
ਪਿੰਡ ਤੇ ਡਾਕ. ਕੋਟ ਗੁਰੂ (ਬਠਿੰਡਾ)

# ਵਰਲਡ ਪੰਜਾਬੀ ਸੈਂਟਰ ਵਿਖੇ ਸਾਹਿਤਨਮਾ ਦਾ ਕਾਵਿ-ਵਿਸ਼ੇਸ਼ ਅੰਕ ਰਿਲੀਜ਼

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com




ਪਟਿਆਲਾ, 23 ਮਈ (ਅੰਗਰੇਜ ਸਿੰਘ ਕੋਟਗੁਰੂ/ ਬਲਜੀਤ ਸਿੰਘ ਕੋਟਗੁਰੂ)- ਪੰਜਾਬੀ ਯੂਨੀਵਰਸਿਟੀ ਕੈਂਪਸ ਵਿੱਚ ਸਥਿਤ ਵਰਲਡ ਪੰਜਾਬੀ ਸੈਂਟਰ ਵਿਖੇ ਖੋਜਾਰਥੀ ਵਿਚਾਰ ਮੰਚ ਵੱਲੋਂ ਪ੍ਰਕਾਸ਼ਿਤ 'ਸਾਹਿਤਨਮਾ' ਪੜ੍ਹਿਕਾ ਦੇ ਕਾਵਿ-ਵਿਸ਼ੇਸ਼ ਅੰਕ ਦਾਲੋਕ ਅਰਪਣ ਕੀਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸਾਹਿਤ ਅਕਦਮੀ ਪੁਰਸਕਾਰ ਵਿਜੇਤਾ ਅਤੇ ਪ੍ਰਸਿੱਧ ਕਵੀ ਦਰਸ਼ਨ ਬੁੱਟਰ ਨੇ ਸ਼ਿਰਕਤ ਕੀਤੀ। ਡਾਇਰੈਕਟਰ ਵਰਲਡ ਪੰਜਾਬੀ ਸੈਂਟਰ, ਡਾ.ਭੀਮ ਇੰਦਰ ਸਿੰਘ ਵੱਲੋ ਸੁਆਗਤੀ ਸ਼ਬਦ ਆਖੇ ਗਏ। ਇਸ ਮੌਕੇ ਦਰਸ਼ਨ ਬੁੱਟਰ ਨੇ ਨੌਜਵਾਨ ਕਵੀਆਂ ਵੱਲੋਂ ਤਿਆਰ ਕੀਤੇ ਗਏ ਮੈਗਜ਼ੀਨ ਲਈ ਪ੍ਰਬੰਧਕੀ ਬੋਰਡ ਵਿੱਚ ਸ਼ਾਮਿਲ ਖੋਜਾਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਸ ਮੈਗਜ਼ੀਨ ਵਿੱਚ ਸ਼ਾਮਿਲ ਰਚਨਾਵਾਂ ਕਾਫ਼ੀ ਉੱਚ-ਪੱਧਰੀਆਂ ਹਨ। ਇਸ ਪੜ੍ਹਿਕਾ ਵਿੱਚ ਸ਼ਾਮਿਲ ਕਵੀ ਭਵਿੱਖ ਦੇ ਵੱਡੇ ਸਾਹਿਤਕਾਰ ਹੋਣਗੇ। ਉਨ੍ਹਾਂ ਸਾਰੇ ਕਵੀਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਭੇਟ ਕੀਤੀਆਂ।ਇਸ ਮੌਕੇ ਡਾ.ਵੀਰਪਾਲ ਕੌਰ ਨੇ ਖੋਜਾਰਥੀਆਂ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਹੋਰ ਮਿਹਨਤ ਕਰਨ ਅਤੇ ਚੰਗਾ ਸਾਹਿਤ ਪੜ੍ਹਨ ਦੇ ਸੁਝਾਅ ਵੀ ਦਿੱਤੇ। ਪੰਜਾਬੀ ਦੇ ਪ੍ਰਸਿੱਧ ਕਵੀ ਅਵਤਾਰਜੀਤ ਨੇ ਇਸ ਮੈਗਜ਼ੀਨ ਵਿਚਲੀਆਂ ਕਵਿਤਾਵਾਂ ਨੂੰ ਵਿਦਿਆਰਥੀ ਮਨਾਂ ਦੀ ਤਰਜਮਾਨੀ ਕਰਦੀਆਂ ਕਵਿਤਾਵਾਂ ਕਿਹਾ। ਇਸ ਮੌਕੇ ਪੰਜਾਬੀ ਕਵੀ ਜੰਗ ਸਿੰਘ ਫੱਟੜ ਨੇ ਖੋਜਾਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਆਪਣੀਆਂ ਕਵਿਤਾਵਾਂ ਵੀ ਸੁਣਾਈਆਂ। ਇਸ ਪ੍ਰੋਗਰਾਮ ਵਿੱਚ ਉੱਭਰ ਰਹੇ ਕਵੀਆਂ ਜਿਵੇਂ ਕਮਲ ਸਰਾਵਾਂ, ਹੈਪੀ ਸਿੰਘ, ਲੱਛਮੀ, ਸਵਿਤਾ,ਹਰਪ੍ਰੀਤ , ਸੋਹਮ, ਧਰਮਵੀਰ ਸਿੰਘ ਆਦਿ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਆਖ਼ੀਰ ਵਿੱਚ ਸੰਪਾਦਕੀ ਬੋਰਡ ਦੇ ਮੈਂਬਰ ਕਮਲ ਸਰਾਵਾਂ ਵੱਲੋਂ ਰਸਮੀ ਤੌਰ ਤੇ ਆਏ ਨੌਜਵਾਨ ਕਵੀਆਂ ਅਤੇ ਹੋਰ ਮਹਿਮਾਨਾਂ ਦਾ ਧੰਨਵਾਦ ਕੀਤਾ । ਮੰਚ ਸੰਚਾਲਨ ਕਿਰਨਦੀਪ ਕੌਰ ਦੁਆਰਾ ਕੀਤਾ ਗਿਆ

# ਪਰਿਵਾਰ ਛੱਲੀ ਤੇ ਗੁੱਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਸਦੀਆਂ ਤੋਂ ਹੀ ਮਨੁੱਖ ਪਰਿਵਾਰ ਵਿੱਚ ਰਹਿੰਦਾ ਆਇਆ ਹੈ। ਇੱਕ ਇੱਕ ਪਰਿਵਾਰ ਨਾਲ ਹੀ ਸਮਾਜ ਦੀ ਸਿਰਜਣਾ ਹੁੰਦੀ ਹੈ। ਪਹਿਲਾਂ ਪਰਿਵਾਰ ਸਾਂਝੇ ਹੁੰਦੇ ਸੀ। ਸਮੇਂ ਦੇ ਚਲਦੇ ਇਹ ਸਾਂਝੇ ਪਰਿਵਾਰ ਇਕਹਿਰੇ ਪਰਿਵਾਰ ਦਾ ਰੂਪ ਧਾਰਨ ਕਰ ਗਏ। ਮਾਤਾ ਪਿਤਾ ਇਕਹਿਰੇ ਪਰਿਵਾਰ ਦੀਆਂ ਕਠਿਨਾਈਆਂ ਝਲਦੇ ਹੋਏ ਬੱਚਿਆਂ ਨੂੰ ਬੜੀ ਮਿਹਨਤ ਨਾਲ ਪਾਲਦੇ ਹਨ। ਆਪਣੀਆਂ ਇੱਛਾਵਾਂ ਦਾ ਗਲਾ ਘੁੱਟ ਕੇ ਉਹ ਆਪਣੇ ਪਰਿਵਾਰ ਦੀਆਂ ਲੋੜਾਂ ਨੂੰ ਪੂਰਾ ਕਰਦੇ ਹਨ । ਬੱਚਿਆ ਨੂੰ ਚੰਗੀ ਤੋਂ ਚੰਗੀ ਵਿੱਦਿਆ ਦੇ ਕੇ ਪੈਰਾ ਤੇ ਖੜ੍ਹਾ ਕਰਦੇ ਹਨ। ਚੰਗਾ ਪੈਸਾ ਲਾ ਕੇ ਉਹਨਾਂ ਦਾ ਵਿਆਹ ਕਰਦੇ ਹਨ। ਇਹ ਸਭ ਕਰਨ ਸਮੇਂ ਮਾਂ ਬਾਪ ਆਪਣੀ ਜ਼ਿੰਦਗੀ ਵਿੱਚ ਬਹੁਤ ਰੁੱਝੇ ਰਹਿੰਦੇ ਹਨ। ਕਿਉਂ ਕਿ ਉਹਨਾਂ ਦੇ ਆਲੇ ਦੁਆਲੇ ਉਹਨਾਂ ਦੇ ਬੱਚੇ,ਯਾਰ ਦੋਸਤ ,ਘਰਵਾਲੀ ਦੇ ਰਿਸ਼ਤੇਦਾਰ ਤੇ ਆਪਣੀਆਂ ਰੋਜ਼ਾਨਾ ਜ਼ਿੰਦਗੀ ਦੀਆਂ ਗਤਵਿਧੀਆਂ, ਵਿਆਹ ਸ਼ਾਦੀਆਂ,ਪਾਰਟੀਆਂ, ਬੱਚਿਆਂ ਦੇ ਭਵਿੱਖ ਸੰਵਾਰਨ ਵਿੱਚ ਐਨਾ ਲੱਗ ਜਾਂਦੇ ਹਨ ਕਿ ਉਹ ਇਹ ਭੁੱਲ ਜਾਂਦੇ ਹਨ ਕਿ ਉਹ ਬਾਪ ਨੇ ਆਪਣੇ ਇਕਹਿਰੇ ਪਰਿਵਾਰ ਨੂੰ ਪਾਲਣ ਲਈ ਆਪਣੇ ਮਾਂ - ਬਾਪ ਵੱਲ ਕਦੇ ਧਿਆਨ ਹੀ ਨਹੀਂ ਦਿੱਤਾ। ਉਹ ਉਹਨਾਂ ਨੂੰ ਤਾਂ ਭੁੱਲ ਹੀ ਜਾਂਦੇ ਹਨ। ਉਹਨਾਂ ਨੂੰ ਆਪਣਾ ਇਕਹਿਰਾ ਪਰਿਵਾਰ ਇੱਕ ਛੱਲੀ ਵਰਗਾ ਲੱਗਦਾ,ਜਿਸ ਦੇ ਦਾਣੇ ( ਬੱਚੇ ਤੇ ਰਿਸ਼ਤੇਦਾਰ) ਲਾਇਨ ' ਚ ਇੱਕ ਦੂਜੇ ਨਾਲ ਜੁੜੇ ਹੁੰਦੇ ਹਨ। ਇਸ ਸਭ ਨੂੰ ਹੀ ਉਹ ਆਪਣੀ ਦੁਨੀਆ ਮੰਨਦਾ ਤੇ ਉਸ ਨੂੰ ਲੱਗਦਾ ਕਿ ਸਭ ਉਸ ਨਾਲ ਵਧੀਆ ਨਿਭਾ ਰਹੇ ਹਨ। ਪਰ ਉਹ ਇਹ ਭੁੱਲ ਜਾਂਦਾ ਕਿ ਛੱਲੀ ਦਾ ਆਪਣਾ ਸਬੰਧ ਉਹਨਾਂ ਚਿਰ ਹੀ ਹੁੰਦਾ । ਜਿੰਨ੍ਹਾਂ ਚਿਰ ਉਹ ਦਾਣੇ ਪੱਕ ਨਹੀਂ ਜਾਂਦੇ ਤੇ ਜਦੋਂ ਇਹ ਦਾਣੇ ਰੂਪੀ ਬੱਚੇ ਵੱਡੇ ਹੋ ਜਾਂਦੇ ਹਨ। ਉਹਨਾਂ ਨੂੰ ਮਾਤਾ ਪਿਤਾ ਵੱਲੋਂ ਕੀਤੀ ਜਾਂਦੀ ਟੋਕਾ ਟਾਕੀ ਚੰਗੀ ਨਹੀਂ ਲੱਗਦੀ l ਮਾਤਾ ਪਿਤਾ ਦੀ ਤਾਂ ਛੱਡੋ ਭੈਣ ਭਰਾਵਾਂ ਦੀ ਆਪਸ ਵਿੱਚ ਨਹੀਂ ਬਣਦੀ । ਵਿਆਹਾਂ ਤੋਂ ਬਾਅਦ ਇਹ ਆਪਸੀ ਤਕਰਾਰ ਹੋਰ ਵੱਧ ਜਾਂਦੀ ਹੈ । ਇੱਕ ਪਰਿਵਾਰ ਜੋ ਕਿ ਇੱਕ ਸਮੇਂ ਇੱਕ ਦੂਜੇ ਨਾਲ ਛੱਲੀ ਦੇ ਦਾਣਿਆਂ ਵਾਂਗ ਇੱਕ ਦੂਜੇ ਨਾਲ ਜੁੜ ਕੇ ਰਹਿੰਦੇ ਸੀ l ਮਾਂ ਬਾਪ ਰੂਪੀ ਛਿਲਕਿਆਂ ਨਾਲ ਉਹਨਾਂ ਨੂੰ ਦੁਨੀਆਂ ਦੀਆਂ ਗਰਮ ਹਵਾਵਾਂ ਤੋਂ ਢੱਕ ਕੇ ਅੰਦਰੋਂ ਅੰਦਰੀ ਵੱਧਣ ਦਾ ਮੌਕਾ ਦਿੱਤਾ ਜਾਂਦਾ। ਪਰ ਸਮਾਂ ਆਉਣ ਤੇ ਜਦੋਂ ਦਾਣੇ ਪੱਕ ਜਾਂਦੇ ਹਨ ਤਾਂ ਕੁਦਰਤੀ ਨਿਯਮਾਂ ਵਾਂਗ ਆਪਣੇ ਉਪਰੀ ਛਿਲਕਿਆਂ( ਮਾਂ ਬਾਪ) ਨੂੰ ਆਪਣੇ ਤੋਂ ਵੱਖ ਕਰ ਦੁਨੀਆ ਦੀ ਅੱਗ ( ਇੱਕਲੇ) ਵਿੱਚ ਸੁੱਟ ਦਿੱਤਾ ਜਾਂਦਾ ਹੈ। ਜਿਵੇਂ ਅੱਜ ਕੱਲ ਦੇ ਬੱਚੇ ਆਪਣੇ ਮਾਂ ਬਾਪ ਦੀ ਮਿਹਨਤ ਦੀ ਕਦਰ ਨਾ ਕਰਦੇ ਹੋਏ ਬੁਢਾਪੇ ਵਿੱਚ ਉਹਨਾਂ ਨੂੰ ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜ਼ਬੂਰ ਕਰ ਦਿੰਦੇ ਹਨ। ਉਹੀ ਮਾਂ ਬਾਪ ਜਿੰਨ੍ਹਾਂ ਨੇ ਆਪਣੇ ਮੂੰਹ ਦੀ ਬੁਰਕੀ ਕੱਢ ਬੱਚਿਆ ਦਾ ਢਿੱਡ ਭਰਿਆ ਹੁੰਦਾ। ਉਹੀ ਮਾਂ ਬਾਪ ਨੂੰ ਦੋ ਰੋਟੀਆਂ ਦੇਣੀਆਂ ਔਖੀਆਂ ਲੱਗਦੀਆਂ ਛੋਟੇ ਹੁੰਦੇ ਜਦੋਂ ਇਹ ਬੱਚੇ ਬਿਮਾਰ ਹੋ ਜਾਂਦੇ ਤਾਂ ਮਾਂ ਬਾਪ ਰਾਤ ਰਾਤ ਜਾਗ ਕੇ ਬੱਚਿਆ ਦੀ ਦੇਖਭਾਲ ਕਰਦੇ ਹਨ ਤੇ ਬੁਢਾਪੇ ਵਿੱਚ ਆਪ ਇੱਕ ਗੋਲੀ ਲਈ ਵੀ ਤਰਸਦੇ ਹਨ। ਮਾਂ ਬਾਪ ਆਪਣੇ ਛੱਲੀ ਵਾਂਗ ਦਾਣਿਆਂ ਦੇ ਭਰੇ ਪਰਿਵਾਰ ਦੇ ਇੱਕ ਇੱਕ ਦਾਣੇ ਨੂੰ ਕਿਰਦੇ (ਵੱਖ-ਵੱਖ) ਆਪਣੇ ਅੱਖੀਂ ਵੇਖਦੇ ਹਨ। ਇੰਝ ਛੱਲੀ ਭਾਵ ਮਾਪੇ ਹੌਲੀ ਹੌਲੀ ਗੁੱਲ ਦਾ ਰੂਪ ਧਾਰਨ ਕਰ ਲੈਂਦੀ ਹੈ। ਜੋ ਸਿਰਫ਼ ਦੁਨੀਆ ਦੀ ਭੱਠੀ ਵਿੱਚ ਬਲਣ ਜੋਗੇ ਹੀ ਇੱਕਲੇ ਰਹਿ ਜਾਂਦੇ ਹਨ। ਪਰ ਇਹ ਵੀ ਤਾਂ ਉਹਨਾਂ ਨਾਲ ਕੁਦਰਤੀ ਨਿਯਮਾਂ ਅਨੁਸਾਰ ਹੀ ਤਾਂ ਵਾਪਰਦਾ ਕਿਉਂ ਕਿ ਉਹਨਾਂ ਨੇ ਵੀ ਕਦੇ ਆਪਣੇ ਇਕਹਿਰੇ ਪਰਿਵਾਰ ਨੂੰ ਪਾਲਣ ਲਈ ਆਪਣੇ ਮਾਂ ਬਾਪ ਨੂੰ ਗੁੱਲ ਵਾਂਗ ਇੱਕਲੇ ਛੱਡਿਆ ਹੁੰਦਾਂ। ਪਰ ਪਰਿਵਾਰ ਦੀ ਕੀਮਤ ਛੱਲੀ ਵਿੱਚ ਹੈ ਜੋ ਕਿ ਸਭ ਨੂੰ ਪਸੰਦ ਹੁੰਦੀ ਹੈ ਨਾ ਕਿ ਗੁੱਲ ਵਿੱਚ । ਇਹ ਕੀਮਤ ਵੀ ਉਸ ਨੂੰ ਉਦੋ ਸਮਝ ਆਉਂਦੀ ਹੈ ਜਦੋਂ ਉਹ ਆਪ ਇੱਕ ਗੁੱਲ ਵਾਂਗ ਇਕੱਲਾ ਰਹਿ ਜਾਂਦਾ ।

ਅਮਨਦੀਪ ਕੌਰ ਬਠਿੰਡਾ
ਮੋਬਾਇਲ 97801 74887,
ਪੇਸ਼ਕਸ਼ - ਅੰਗਰੇਜ ਸਿੰਘ ਵਿੱਕੀ ਕੋਟਗੁਰੂ

# ਪੰਜਾਬੀ ਯੂਨੀਵਰਸਿਟੀ ਵੱਲੋਂ ਡਾ.ਰਤਨ ਸਿੰਘ ਜੱਗੀ ਦੇ ਦੇਹਾਂਤ ਉੱਤੇ ਗਹਿਰੇ ਦੁੱਖ ਦਾ ਪ੍ਰਗਟਾਵਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਪਟਿਆਲਾ, 23 ਮਈ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ)- ਉੱਘੇ ਖੋਜੀ ਅਤੇ ਵਿਦਵਾਨ ਡਾ.ਰਤਨ ਸਿੰਘ ਜੱਗੀ ਅਕਾਲ ਚਲਾਣਾ ਕਰ ਗਏ ਹਨ। ਪੰਜਾਬੀ ਯੂਨੀਵਰਸਿਟੀ ਵੱਲੋਂ ਉਨ੍ਹਾਂ ਦੇ ਵਿਛੋੜੇ ਉੱਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਗਿਆ ਹੈ। ਵਾਈਸ ਚਾਂਸਲਰ ਡਾ.ਜਗਦੀਪ ਸਿੰਘ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਉਨ੍ਹਾਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕਰਦਿਆਂ ਪਰਿਵਾਰ ਅਤੇ ਉਨ੍ਹਾਂ ਦੇ ਸਮੂਹ ਪਾਠਕਾਂ ਦੇ ਦੁੱਖ ਵਿੱਚ ਸ਼ਰੀਕ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਅਕਾਦਮਿਕ ਜਗਤ ਵਿੱਚ ਡਾ. ਜੱਗੀ ਵੱਲੋਂ ਪਾਏ ਗਏ ਯੋਗਦਾਨ ਨੂੰ ਸਦੀਆਂ ਤੱਕ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਡਾ.ਜੱਗੀ ਜਿਹੀਆਂ ਸ਼ਖ਼ਸੀਅਤਾਂ ਦਾ ਪੰਜਾਬੀ ਯੂਨੀਵਰਸਿਟੀ ਨਾਲ ਜੁੜੇ ਹੋਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਪੰਜਾਬੀ ਯੂਨੀਵਰਸਿਟੀ ਦੀ ਵਿਰਾਸਤ ਕਿੰਨੀ ਅਮੀਰ ਰਹੀ ਹੈ।ਜ਼ਿਕਰਯੋਗ ਹੈ ਕਿ ਪੰਜਾਬੀ ਯੂਨੀਵਰਸਿਟੀ ਲੰਬਾ ਸਮਾਂ ਡਾ.ਜੱਗੀ ਦੀ ਕਰਮਭੂਮੀ ਰਹੀ ਹੈ। ਖੋਜ, ਸਮੀਖਿਆ ਅਤੇ ਚਿੰਤਨ ਦੇ ਵਧੇਰੇ ਕਾਰਜ ਉਨ੍ਹਾਂ ਪੰਜਾਬੀ ਯੂਨੀਵਰਸਿਟੀ ਨਾਲ ਜੁੜ ਕੇ ਹੀ ਸੰਪੰਨ ਕੀਤੇ ਹਨ। ਪੰਜਾਬੀ ਯੂਨੀਵਰਸਿਟੀ ਵੱਲੋਂ ਉਨ੍ਹਾਂ ਨੂੰ ਲਾਈਫ਼ ਫੈਲੋਸ਼ਿਪ ਪ੍ਰਦਾਨ ਕੀਤੀ ਹੋਈ ਸੀ।

ਜ਼ਿਕਰਯੋਗ ਹੈ ਕਿ ਡਾ.ਰਤਨ ਸਿੰਘ ਜੱਗੀ ਸਾਹਿਤ ਅਤੇ ਵਿਸ਼ੇਸ਼ ਤੌਰ ਉੱਤੇ ਗੁਰਮਤਿ ਸਾਹਿਤ ਦੇ ਖੇਤਰ ਵਿੱਚ ਵੱਡੇ ਵਿਦਵਾਨ ਸਨ। ਉਨ੍ਹਾਂ ਆਪਣੇ ਜੀਵਨ ਕਾਲ ਦਾ ਸੱਤ ਦਹਾਕਿਆਂ ਤੋਂ ਵੱਧ ਦਾ ਸਮਾਂ ਇਨ੍ਹਾਂ ਖੇਤਰਾਂ ਦੀ ਸੇਵਾ ਨੂੰ ਸਮਰਪਿਤ ਕੀਤਾ ਹੈ। ਉਨ੍ਹਾਂ ਵੱਲੋਂ ਰਚਿਤ ਗ੍ਰੰਥ 'ਪੰਜਾਬੀ ਸਾਹਿਤ ਸੰਦਰਭ ਕੋਸ਼', ਜੋ ਕਿ ਸਾਹਿਤ ਅਤੇ ਖੋਜ ਦੇ ਖੇਤਰ ਦਾ ਚਰਚਿਤ ਗ੍ਰੰਥ ਹੈ, ਨੂੰ 1994 ਵਿੱਚ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਪ੍ਰਕਾਸ਼ਿਤ ਕਰਵਾਇਆ ਗਿਆ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਲਿਖਿਤ 'ਪੰਜਾਬੀ ਸਾਹਿਤ ਦਾ ਸਰੋਤ ਮੂਲਕ ਇਤਿਹਾਸ' ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਹੀ ਛਾਪਿਆ। ਇਸੇ ਤਰ੍ਹਾਂ ਡਾ. ਜੱਗੀ ਵੱਲੋਂ 'ਗੁਰੂ ਗ੍ਰੰਥ ਵਿਸ਼ਵ ਕੋਸ਼' ਤਿਆਰ ਕੀਤਾ ਗਿਆ, ਜਿਸ ਨੂੰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਛਾਪਿਆ। ਇਸ ਤੋਂ ਇਲਾਵਾ ਉਨ੍ਹਾਂ 'ਸਿੱਖ ਪੰਥ ਵਿਸ਼ਵਕੋਸ਼', 'ਅਰਥ ਬੋਧ ਸ੍ਰੀ ਗੁਰੂ ਗ੍ਰੰਥ ਸਾਹਿਬ' (ਪੰਜ ਭਾਗ) ਅਤੇ 'ਭਾਵ ਪ੍ਰਬੋਧਨੀ ਟੀਕਾ ਸ੍ਰੀ ਗੁਰੂ ਗ੍ਰੰਥ ਸਾਹਿਬ' ਆਦਿ ਬਹੁਤ ਸਾਰੇ ਮੁੱਲਵਾਨ ਗ੍ਰੰਥਾਂ ਅਤੇ ਪੁਸਤਕਾਂ ਦੀ ਰਚਨਾ ਕੀਤੀ ਜੋ ਪੰਜਾਬੀ ਯੂਨੀਵਰਸਿਟੀ ਵੱਲੋਂ ਹੀ ਪ੍ਰਕਾਸ਼ਿਤ ਹਨ।

# ਪ੍ਰੋਫ਼ੈਸਰ ਦਮਨਜੀਤ ਸੰਧੂ ਨੈਸ਼ਨਲ ਇੰਸਟੀਚੂਟ ਆਫ਼ ਸੋਸ਼ਲ ਡਿਫ਼ੈਂਸ ਦੀਆਂ ਦੋ ਰਾਸ਼ਟਰੀ ਮਾਹਿਰ ਕਮੇਟੀਆਂ ਵਿੱਚ ਮੈਂਬਰ ਨਾਮਜ਼ਦ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com



ਪਟਿਆਲਾ, 23 ਮਈ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ)- ਪੰਜਾਬੀ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਤੋਂ ਪ੍ਰੋਫ਼ੈਸਰ ਅਤੇ ਮੁਖੀ ਡਾ.ਦਮਨਜੀਤ ਸੰਧੂ ਨੂੰ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਸ਼ਕਤੀਕਰਨ ਮੰਤਰਾਲੇ ਦੇ ਨੈਸ਼ਨਲ ਇੰਸਟੀਚੂਟ ਆਫ਼ ਸੋਸ਼ਲ ਡਿਫ਼ੈਂਸ ਦੀਆਂ ਦੋ ਰਾਸ਼ਟਰੀ ਮਾਹਿਰ ਕਮੇਟੀਆਂ ਵਿੱਚ ਮਾਹਿਰ ਮੈਂਬਰ ਵਜੋਂ ਨਾਮਜ਼ਦ ਕੀਤਾ ਗਿਆ ਹੈ। ਉਨ੍ਹਾਂ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਕਮੇਟੀਆਂ ਨਸ਼ੀਲੇ ਪਦਾਰਥਾਂ ਦੀ ਰੋਕਥਾਮ, ਬੁਢਾਪੇ ਦੀ ਦੇਖਭਾਲ, ਭੀਖ ਮੰਗਣ ਦੇ ਅਮਲ ਦੀ ਰੋਕਥਾਮ ਅਤੇ ਲਿੰਗ ਤਬਦੀਲ ਕਰਵਾਉਣ ਵਾਲੇ ਭਾਈਚਾਰੇ ਟਰਾਂਸਜੈਂਡਰ ਦੀ ਭਲਾਈ ਵਰਗੇ ਮੁੱਦਿਆਂ 'ਤੇ ਸਿਖਲਾਈ ਪ੍ਰੋਗਰਾਮਾਂ ਨੂੰ ਵਿਕਸਤ ਕਰਨ ਅਤੇ ਸਮੀਖਿਆ ਕਰਨ ਦਾ ਕਾਰਜ ਕਰਨਗੀਆਂ। ਉਨ੍ਹਾਂ ਦੱਸਿਆ ਕਿ ਨੈਸ਼ਨਲ ਇੰਸਟੀਚਿਊਟ ਆਫ਼ ਸੋਸ਼ਲ ਡਿਫ਼ੈਂਸ ਇਸ ਖੇਤਰ ਵਿੱਚ ਨੋਡਲ ਸਿਖਲਾਈ ਅਤੇ ਖੋਜ ਸੰਸਥਾ ਹੈ। ਉਨ੍ਹਾਂ ਦੱਸਿਆ ਕਿ ਇਸ ਮਕਸਦ ਲਈ ਕਰਵਾਏ ਜਾਣ ਵਾਲੇ ਇਨ੍ਹਾਂ ਸਿਖਲਾਈ ਪ੍ਰੋਗਰਾਮਾਂ ਪੁਲਿਸ ਅਧਿਕਾਰੀਆਂ ਵਿੱਚੋਂ ਡੀ.ਐੱਸ. ਪੀ.ਸਹਾਇਕ ਕਮਿਸ਼ਨਰ, ਇੰਸਪੈਕਟਰ, ਸਬ-ਇੰਸਪੈਕਟਰ ਸਹਾਇਕ, ਸਬ-ਇੰਸਪੈਕਟਰ ਅਤੇ ਪੰਚਾਇਤੀ ਅਧਿਕਾਰੀਆਂ ਵਿੱਚੋਂ ਪੰਚਾਇਤ ਪ੍ਰਧਾਨ, ਉਪ-ਪ੍ਰਧਾਨ, ਪੰਚਾਇਤ ਯੂਨੀਅਨ ਦੇ ਚੇਅਰਮੈਨ, ਜ਼ਿਲ੍ਹਾ ਪ੍ਰੀਸ਼ਦ ਦੇ ਉਪ-ਚੇਅਰਮੈਨ, ਕੌਂਸਲਰ, ਡੀਡੀਓ ਆਦਿ ਸ਼ਾਮਿਲ ਹੋਣਗੇ।

# ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਗਤਕਾ ਸਪੋਰਟਸ ਕਲੱਬ ਦੇ ਬੱਚਿਆਂ ਵਲੋਂ ਚੰਗਾ ਪ੍ਰਦਰਸਨ ਕਰਨ ਤੇ ਟੀਮ ਦਾ ਕੀਤਾ ਸਨਮਾਨ : ਭੁਪਿੰਦਰ ਸਿੰਘ ਪਿੰਕੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ / ਮੁਕੇਰੀਆਂ ( ਤਰਸੇਮ ਦੀਵਾਨਾ ) ਗੱਤਕਾ ਐਸੋਸੀਏਸ਼ਨ ਜ਼ਿਲਾ ਹੁਸ਼ਿਆਰਪੁਰ ਅਤੇ ਬਾਬਾ ਜੋਰਾਵਰ ਸਿੰਘ ਬਾਬਾ ਫਤਿਹ ਸਿੰਘ ਗਤਕਾ ਸਪੋਰਟਸ ਕਲੱਬ ਹੁਸ਼ਿਆਰਪੁਰ ਦੇ ਬੱਚਿਆਂ ਵੱਲੋਂ ਸਕੂਲ ਗੇਮ ਫੈਡਰੇਸ਼ਨ ਇੰਡੀਆ ਵਿੱਚ ਚੰਗੇ ਪ੍ਰਦਰਸ਼ਨ ਅਤੇ ਮੈਡਲ ਹਾਸਲ ਕਰਨ ਤੇ ਸਮੁੱਚੇ ਮੈਂਬਰ ਅਤੇ ਸੁਪਰਸਤ ਵੱਲੋਂ ਸਨਮਾਨ ਕੀਤਾ ਗਿਆ ਜਿਸ ਦੀ ਜਾਣਕਾਰੀ ਦਿੰਦਿਆਂ ਹੋਇਆ ਭੁਪਿੰਦਰ ਸਿੰਘ ਐਸ ਐਸ ਮੈਡੀਸੀਟੀ ਅਤੇ ਉੱਘੇ ਸਮਾਜ ਸੇਵਕ ਨੇ ਦੱਸਿਆ ਕਿ ਸਾਡੇ ਇਲਾਕੇ ਦੇ ਬੱਚੇ ਬਲਰਾਜ ਸਿੰਘ ਅਤੇ ਸੁਜਲ ਨੇ ਐਸਜੀਐਫਆਈ ਜੋ ਕਿ ਦਿੱਲੀ ਵਿੱਚੋਂ ਮੈਡਲ ਜਿੱਤ ਕੇ ਜਿੱਥੇ ਪੂਰੇ ਪੰਜਾਬ ਦਾ ਨਾਮ ਰੋਸ਼ਨ ਕੀਤਾ ਉੱਥੇ ਹੀ ਜ਼ਿਲ੍ਹਾ ਹੁਸ਼ਿਆਰਪੁਰ ਲਈ ਬਹੁਤ ਹੀ ਮਾਣ ਦੀ ਗੱਲ ਹੈ ਅਤੇ ਉਹਨਾਂ ਕਿਹਾ ਕਿ ਜਿੱਥੇ ਸਾਡੇ ਕਲੱਬ ਦੇ ਹੋਣਹਾਰ ਬੱਚੇ ਜਗਜੋਤ ਸਿੰਘ ਨੇ ਵੀ ਓਪਨ ਨੈਸ਼ਨਲ ਵਿੱਚੋਂ ਸੋਨੇ ਦਾ ਤਗਮਾ ਹਾਸਿਲ ਕੀਤਾ ਹੈ ਗਤਕਾ ਐਸੋਸੀਏਸ਼ਨ ਜਿਲਾ ਹੁਸ਼ਿਆਰਪੁਰ ਦੇ ਪ੍ਰਧਾਨ ਵਿਜੇ ਪ੍ਰਤਾਪ ਸਿੰਘ ਨੇ ਵੀ ਕਿਹਾ ਕਿ ਸਾਡੀ ਜਿਲਾ ਬਾਡੀ ਦੇ ਮੈਂਬਰ ਬਲਰਾਜ ਸਿੰਘ ਜਿਹਨਾਂ ਨੇ ਖੇਲੋ ਇੰਡੀਆ ਲਈ ਬਿਹਾਰ ਦੀ ਟੀਮ ਤਿਆਰ ਕੀਤੀ ਤੇ ਜਿਸ ਨੇ ਸਥਾਨ ਆਲ ਇੰਡੀਆ ਵਿੱਚ ਤੀਸਰਾ ਸਥਾਨ ਹਾਸਲ ਕੀਤਾ ਅਤੇ ਆਪਣੇ ਕੋਚ ਦਾ ਨਾਂ ਰੋਸ਼ਨ ਕੀਤਾ ਇਸ ਮੌਕੇ ਇਨਾਮ ਰਾਸ਼ੀ ਦੀ ਵੰਡ ਡਾ. ਹਰਜੀਤ ਸਿੰਘ ਵੱਲੋਂ ਕੀਤੀ ਗਈ ਅਤੇ ਬੱਚਿਆਂ ਦਾ ਹੋਸਲਾ ਵਧਾਇਆ ਗਿਆ। ਇਸ ਮੌਕੇ ਹਾਜ਼ਰ ਮੈਂਬਰ ਸੱਚਨਾਮ ਸਿੰਘ ਸੁਖਦੇਵ ਸਿੰਘ ਗੁਰਦਿੱਤ ਸਿੰਘ ਮਨਜੀਤ ਸਿੰਘ ਪਰਮਜੀਤ ਸਿੰਘ ਹਰਜਿੰਦਰ ਸਿੰਘ ਆਦਿ ਹਾਜ਼ਰ ਸਨ ।

# ਆਜ਼ਾਦ ਕ੍ਰਿਕਿਟ ਕਲੱਬ ਅੱਪਰਾ ਵਲੋਂ 13ਵਾਂ ਸ਼ਾਨਦਾਰ ਕ੍ਰਿਕਿਟ ਟੂਰਨਾਮੈਂਟ 31 ਮਈ ਤੋਂ 1ਜੂਨ ਤੱਕ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਫਿ ਲੌ ਰ / ਅੱ ਪ ਰਾ (ਦੀਪਾ)-ਹਰ ਸਾਲ ਦੀ ਤਰਾਂ ਇਸ ਸਾਲ ਵੀ ਆਜ਼ਾਦ ਕ੍ਰਿਕਿਟ ਕਲੱਬ ਅੱਪਰਾ ਵਲੋਂ ਐੱਨ ਆਰ. ਆਈ ਵੀਰਾਂ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ 13ਵਾਂ ਸ਼ਾਨਦਾਰ ਕ੍ਰਿਕਿਟ ਟੂਰਨਾਮੈਂਟ ਮਿਤੀ 31 ਤੇ 1 ਜੂਨ ਨੂੰ ਜੌੜਿਆਂ ਵਾਲੀ ਗਰਾਊਡ ਵਿਖੇ ਕਰਵਾਇਆ ਜਾ ਰਿਹਾ ਹੈ | ਇਸ ਮੌਕੇ ਪਹਿਲਾ ਇਨਾਮ 51 ਹਜ਼ਾਰ ਰੁਪਏ, ਦੂਸਰਾ ਇਨਾਮ 31 ਹਜ਼ਾਰ ਰੁਪਏ ਤੇ ਤੀਸਰਾ ਤੇ ਚੌਥਾ ਇਨਾਮ 31 ਸੌ ਰੁਪਏ ਦਿੱਤਾ ਜਾਵੇਗਾ | ਇਸ ਟੂਰਨਾਮੈਂਟ ਦੌਰਾਨ ਹੀ 40 ਸਾਲ ਦੀ ਉਮਰ ਵਾਲੇ ਖਿਡਾਰੀਆਂ ਦਾ ਸ਼ੋਅ ਮੈਚ ਵੀ ਕਰਵਾਇਆ ਜਾਵੇਗਾ |



# ਨੰਗਲ ਡੈਮ ਦੀ ਸੁਰੱਖਿਆ ਸੀਆਈਐਸਐੱਫ ਹਵਾਲੇ ਕਰਨਾ ਨਿੰਦਣਯੋਗ : ਦਲਜੀਤ ਗੋਰਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਸੰਗਰੂਰ,23 ਮਈ (ਜਗਸੀਰ ਲੌਂਗੋਵਾਲ ) - ਸੀਟੂ ਦੇ ਸੂਬਾ ਸਕੱਤਰ ਕਾਮਰੇਡ ਦਲਜੀਤ ਕੁਮਾਰ ਗੋਰਾ ਨੇ ਬਿਆਨ ਵਿੱਚ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਨੰਗਲ ਡੈਮ ਤੇ ਕੇਂਦਰੀ ਸਨੱਅਤੀ ਸੁਰੱਖਿਆ ਬਲ ਤਾਇਨਾਤ ਕਰਨ ਦੇ ਐਲਾਨ ਨੂੰ ਪੰਜਾਬ ਦੇ ਅੱਲੇ ਜ਼ਖਮਾਂ ਉਤੇ ਲੂਣ ਛਿੜਕਣ ਵਾਲਾ ਕਾਰਾ ਕਰਾਰ ਦਿਤਾ ਹੈ ਅਤੇ ਇਸ ਫੈਸਲੇ ਨੂੰ ਵਾਪਸ ਲੈਣ ਦੀ ਮੰਗ ਕੀਤੀ ਹੈ। ਸੀਟੂ ਆਗੂ ਨੇ ਇਸ ਕੇਂਦਰੀ ਫੋਰਸ ਨੂੰ ਆਉਂਦੇ ਦਿਨਾਂ ਵਿੱਚ ਮੁਲਾਜ਼ਮਾ ਦੇ ਸੰਘਰਸ਼ ਨੂੰ ਦਬਾਉਣ ਲਈ ਵੀ ਵਰਤੇ ਜਾਣ ਦਾ ਖਦਸ਼ਾ ਵੀ ਜਾਹਿਰ ਕੀਤਾ ਹੈ।

ਸੀਟੂ ਆਗੂ ਨੇ ਦੋਸ਼ ਲਾਇਆ ਕਿ ਕੇਂਦਰੀ ਸਰਕਾਰ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਨੂੰ ਬਾਹਰ ਕੱਢ ਕੇ ਪੰਜਾਬ ਵਿਰੋਧੀ 'ਤੇ ਮਨ ਮਾਫਿਕ ਫੈਸਲੇ ਕਰਵਾਏ ਜਾ ਰਹੇ ਹਨ। ਨਤੀਜੇ ਵੱਜੋਂ ਹਰਿਆਣਾ ਅਤੇ ਰਾਜਸਥਾਨ ਨੂੰ ਉਹਨਾ ਦੇ ਤੈਅ ਹੋਏ ਕੋਟੇ ਤੋਂ ਵਾਧੂ ਪਾਣੀ ਦਿੱਤਾ ਜਾ ਰਿਹਾ ਹੈ। ਹੁਣ ਤਾਂ ਪੰਜਾਬ ਦੇ ਮੁੱਖ ਮੰਤ੍ਰੀ ਭਗਵੰਤ ਸਿੰਘ ਮਾਨ ਅਤੇ ਉਸ ਦੇ ਇਕ ਮੰਤ੍ਰੀ ਦੀ ਅਗਵਾਈ ਵਿੱਚ ਲਾਏ ਧਰਨੇ ਦੇ ਨਾਟਕ ਨੂੰ ਬਹਾਨਾ ਬਣਾਕੇ ਕੇਂਦਰੀ ਸਨੱਅਤੀ ਸੁਰੱਖਿਆ ਬਲ ਦੇ 296 ਜਵਾਨਾ ਨੂੰ ਨੰਗਲ ਡੈਮ ਤੇ ਤਾਇਨਾਤ ਕਰਨ ਦੇ ਹੁਕਮ ਚਾੜ੍ਹ ਦਿੱਤੇ ਹਨ। ਇਹਨਾ ਸੁਰੱਖਿਆ ਬਲ ਦੇ ਜਵਾਨ ਦੀਆ ਤਨਖਾਹਾ ਲਈ 290100/- ਰੁਪਏ ਪ੍ਰਤੀ ਜਵਾਨ ਪ੍ਰਤੀ ਸਾਲ ਅਡਵਾਂਸ ਰਕਮ ਜਮਾਂ ਕਰਾਉਣ ਲਈ ਬੀ ਬੀ ਐਮ ਬੀ ਨੂੰ ਹੁਕਮ ਹੋ ਗਿਆ ਹੈ। ਇਸ ਸਮੁੱਚੀ ਫੌਰੀ ਅਤੇ ਉਹਨਾ ਦੇ ਪਰਿਵਾਰਾ ਲਈ ਟਰਾਂਸਪੋਰਟ, ਰਿਹਾਇਸ਼ ਅਤੇ ਬਾਕੀ ਇੰਤਜਾਮਾ ਸਮੇਤ ਸਮੁੱਚੇ ਖਰਚ ਦਾ ਮੁੱਖ ਵਿੱਤੀ ਭਾਰ ਵੀ ਪੰਜਾਬ ਨੂੰ ਹੀ ਸਹਿਣ ਕਰਨਾ ਹੋਵੇਗਾ। ਜਦੋਂਕਿ ਬੋਰਡ ਦੀ ਮੈਨੇਜਮੈਂਟ ਵਿੱਚੋਂ ਪੰਜਾਬ ਦੀ ਹਿੱਸੇਦਾਰੀ ਖਬਰ ਦਿੱਤੀ ਗਈ ਹੈ ਅਤੇ ਕੀਤੇ ਜਾ ਰਹੇ ਫੈਸਲਿਆ ਵਿੱਚ ਪੰਜਾਬ ਦੀ ਕੋਈ ਪੁੱਛ-ਪ੍ਰਤੀਤ ਹੀ ਨਹੀਂ ਰਹਿਣ ਦਿੱਤੀ। ਇਸੇ ਲਈ ਸੀਟੂ ਦੀ ਸੂਬਾਈ ਕਮੇਟੀ ਨੇ ਕੇਂਦਰ ਸਰਕਾਰ ਦੇ ਇਹਨਾ ਪੰਜਾਬ ਵਿਰੋਧੀ ਤਾਨਾਸ਼ਾਹੀ ਫੈਸਲਿਆ ਦੀ ਸ਼ਖਤ ਨਿੰਦਿਆ ਕੀਤੀ ਹੈ ਅਤੇ ਇਹਨਾ ਨੂੰ ਫੌਰੀ ਵਾਪਸ ਲੈਣ ਦੀ ਮੰਗ ਕੀਤੀ ਹੈ।

ਸੀਟੂ ਨੇ ਹੈਰਾਨੀ ਪ੍ਰਗਟ ਕੀਤੀ ਹੈ ਕਿ ਪੰਜਾਬ ਸਰਕਾਰ ਨੇ ਪਾਣੀ ਸਬੰਧੀ ਮਤਾ ਪਾਸ ਕਰਵਾਉਣ ਲਈ ਤਾਂ ਸਾਰੀਆਂ ਰਾਜਸੀ ਪਾਰਟੀਆ ਨੂੰ ਨਾਲ ਲਿਆ ਸੀ ਜਦਕਿ ਨੰਗਲ ਵਿੱਖੇ ਧਰਨੇ ਦਾ ਨਾਟਕ ਕਰਨ ਦੀ ਬਜਾਏ ਸਾਰਿਆ ਨੂੰ ਨਾਲ ਲੈਅ ਕੇ ਕੇਂਦਰ ਸਰਕਾਰ ਸਾਹਮਣੇ ਜੋਰਦਾਰ ਢੰਗ ਨਾਲ ਪੰਜਾਬ ਦਾ ਨਿਆਈ ਕੇਸ ਰੱਖਣਾ ਚਾਹੀਦਾ ਸੀ।ਲੱਗਦਾ ਇਹ ਹੈ ਕਿ ਸ਼੍ਰੀ ਭਗਵੰਤ ਸਿੰਘ ਮਾਨ ਨੂੰ ਪੰਜਾਬ ਦੇ ਹਿੱਤਾਂ ਦੀ ਰਾਖੀ ਦੀ ਬਜਾਏ ਪ੍ਰਚਾਰ ਦੀ ਮੁਹਿੰਮ ਚਲਾਉਣ ਵਿੱਚ ਜਿਆਦਾ ਦਿਲਚਸਪੀ ਹੈ। ਜਦੋਂ ਬੀ ਬੀ ਐਮ ਬੀ ਦੇ ਬੋਰਡ ਨੇ ਆਉਣ ਵਾਲੇ ਸਮੇਂ ਲਈ ਹਰਿਆਣਾ ਤੇ ਰਾਜਸਥਾਨ ਨੂੰ ਹੋਰ ਵੀ ਵਾਧੂ ਪਾਣੀ ਦੇਣ ਦਾ ਫੈਸਲਾ ਕਰ ਲਿਆ ਹੈ ਉਦੋਂ ਉਹ ਆਪਣਾ ਧਰਨਾ ਚੁੱਕਣ ਨੂੰ " ਫਤਿਹ" ਦਸ ਕੇ ਵਾਪਿਸ ਤੁਰ ਪਏ। ਇਸੇ ਤਰਾਂ ਬੀ ਬੀ ਐਮ ਬੀ ਵਿੱਚ ਪੰਜਾਬ ਦੇ ਹਿੱਸੇ ਦੀਆਂ 3000 ਪੋਸਟਾ ਖਾਲੀ ਪਈ ਹਨ ਤਾਂ ਪੰਜਾਬ ਸਰਕਾਰ ਦੀ ਇਸ ਮਾਮਲੇ ਵਿੱਚ ਚੁੱਪ ਇਸ ਦੀ ਬੇਬਸੀ ਤੇ ਕਾਵਾਂ-ਰੌਲੀ ਦਾ ਗੁਬਾਰ ਅਸਲੀਅਤ ਤੋਂ ਲੋਕਾ ਦਾ ਧਿਆਨ ਲਾਂਭੇ ਕਰਨ ਦੀ ਚਾਲ ਤੋਂ ਇਲਾਵਾ ਹੋਰ ਕੁੱਝ ਵੀ ਨਹੀਂ ਹੈ ।



# ਸੜ੍ਹਕਾਂ ਕਿਨਾਰੇ ਅਣਚਾਹੇ ਬਨਸਪਤੀ ਵਾਧੇ ਦੀ ਸਫ਼ਾਈ ਕਰਵਾਉਣੀ ਯਕੀਨੀ ਬਣਾਈ ਜਾਵੇ,,,-ਡਿਪਟੀ ਕਮਿਸ਼ਨਰ

## *ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਨਾਲ ਕੀਤੀ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com



ਮਾਨਸਾ, 23 ਮਈ: (ਆਤਮਾ ਸਿੰਘ ਪਮਾਰ) ਸੜ੍ਹਕਾਂ 'ਤੇ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਮੁੱਦਿਆਂ 'ਤੇ ਵਿਚਾਰ ਵਟਾਂਦਰਾ ਕਰਨ ਲਈ ਜ਼ਿਲ੍ਹਾ ਸੜ੍ਹਕ ਸੁਰੱਖਿਆ ਕਮੇਟੀ ਦੀ ਮੀਟਿੰਗ ਅੱਜ ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਉਨ੍ਹਾਂ ਕਿਹਾ ਕਿ ਸੜਕਾਂ 'ਤੇ ਦੁਰਘਟਨਾਵਾਂ ਕਾਰਨ ਕਈ ਕੀਮਤੀ ਜਾਨਾਂ ਚਲੀਆਂ ਜਾਂਦੀਆਂ ਹਨ, ਇਸ ਲਈ ਸੜ੍ਹਕੀ ਸੁਰੱਖਿਆ ਇੱਕ ਅਹਿਮ ਮੁੱਦਾ ਹੈ ਅਤੇ ਸਾਨੂੰ ਸਭ ਨੂੰ ਇਸ ਸਬੰਧੀ ਸੁਚੇਤ ਹੋ ਕੇ ਕੰਮ ਕਰਨ ਦੀ ਜ਼ਰੂਰਤ ਹੈ।

ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਸੜ੍ਹਕ ਦੇ ਕਿਨਾਰੇ ਅਣਚਾਹੇ ਬਨਸਪਤੀ ਵਾਧੇ ਦੀ ਸਫ਼ਾਈ ਕਰਵਾਉਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸਕੂਲੀ ਵਿਦਿਆਰਥੀਆਂ ਦੀ ਸੁਰੱਖਿਆ ਲਈ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਜਾਵੇ ਅਤੇ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਟੁੱਟੀਆਂ ਸੜ੍ਹਕਾਂ ਦੀ ਰਿਪੇਅਰ ਕਰਵਾਈ ਜਾਵੇ ਅਤੇ ਬਲੈਕ ਸਪੋਟ ਏਰੀਏ 'ਚ ਰਿਫਲੈਕਟਰ ਲਗਾਏ ਜਾਣ ਅਤੇ ਹੋਰ ਲੋੜੀਂਦੇ ਉਪਰਾਲੇ ਵੀ ਕੀਤੇ ਜਾਣ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਦੁਰਘਟਨਾ ਤੋਂ ਬਚਾਅ ਕੀਤਾ ਜਾ ਸਕੇ।

ਇਸ ਤੋਂ ਇਲਾਵਾ ਮੀਟਿੰਗ ਦੌਰਾਨ ਸੜਕਾਂ 'ਤੇ ਝੁਕੇ ਹੋਏ ਦਰਖ਼ਤਾਂ ਨੂੰ ਛਾਂਗਣ, ਟਰੈਫਿਕ ਲਾਈਟਾਂ, ਸਪੀਡ ਬਰੇਕਰ ਆਦਿ ਸਬੰਧੀ ਵਿਚਾਰ ਚਰਚਾ ਕੀਤੀ ਗਈ ਅਤੇ ਸੜ੍ਹਕੀ ਹਾਦਸਿਆਂ ਲਈ ਜ਼ਿੰਮੇਵਾਰ ਕਾਰਨਾਂ ਨੂੰ ਦੂਰ ਕਰਨ ਅਤੇ ਸੜ੍ਹਕੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੀਤੇ ਜਾ ਸਕਣ ਵਾਲੇ ਉਪਰਾਲਿਆਂ ਬਾਰੇ ਗੱਲਬਾਤ ਕੀਤੀ ਗਈ।

ਇਸ ਮੌਕੇ ਐਸ.ਡੀ.ਐਮ. ਮਾਨਸਾ ਸ੍ਰ. ਕਾਲਾ ਰਾਮ ਕਾਂਸਲ, ਐਸ.ਡੀ.ਐਮ. ਸਰਦੂਲਗੜ੍ਹ ਸ੍ਰ. ਗਗਨਦੀਪ ਸਿੰਘ ਤੋਂ ਪਬਲਿਕ ਵਰਕਸ, ਪੁਲਿਸ, ਮੰਡੀ ਬੋਰਡ ਅਤੇ ਜੰਗਲਾਤ ਵਿਭਾਗ ਆਦਿ ਦੇ ਅਧਿਕਾਰੀ ਹਾਜ਼ਰ ਸਨ।

# ਪੰਜਾਬੀ ਭਾਸ਼ਾ ਦੇ ਗਿਆਨ ਤੋਂ ਅਧੂਰੇ ਵਿਦਿਆਰਥੀਆਂ ਨੂੰ ਤੇਲਗੂ ਸਿਖਾਉਣੀ ਕਿੰਨੀ ਕੁ ਜਾਇਜ਼? : ਡੀ ਟੀ ਐੱਫ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ ਚੰਡੀਗੜ੍ਹ, 23 ਮਈ, 2025: ਪੰਜਾਬ ਦਾ ਸਿੱਖਿਆ ਵਿਭਾਗ ਨਿੱਤ ਨਵੇਂ ਕਾਰਨਾਮਿਆਂ ਲਈ ਚਰਚਾ ਵਿੱਚ ਰਹਿੰਦਾ ਹੈ, ਭਾਂਵੇ ਆਪਣੇ ਸੂਬੇ ਦੇ ਬਹੁ ਗਿਣਤੀ ਵਿਦਿਆਰਥੀਆਂ ਦੀ ਮਾਤ ਭਾਸ਼ਾ ਪੰਜਾਬੀ ਹੋਣ ਦੇ ਬਾਵਜੂਦ 12ਵੀਂ ਜਮਾਤ ਵਿੱਚੋਂ ਜਨਰਲ ਪੰਜਾਬੀ ਵਿੱਚੋਂ 3800 ਤੋਂ ਵੱਧ ਅਤੇ 10ਵੀਂ ਜਮਾਤ ਵਿੱਚੋਂ 1571 ਵਿਦਿਆਰਥੀਆਂ ਨੂੰ ਪਹਿਲੀ ਭਾਸ਼ਾ ਪੰਜਾਬੀ ਵਿੱਚੋਂ ਪਾਸ ਨਹੀਂ ਕਰਵਾ ਸਕਿਆ, ਪ੍ਰੰਤੂ ਹੁਣ ਵਿਭਾਗ ਵਿਦਿਆਰਥੀਆਂ ਨੂੰ ਤੇਲਗੂ ਭਾਸ਼ਾ ਸਿਖਾਉਣ ਲਈ ਅਧਿਆਪਕਾਂ ਨੂੰ ਆਦੇਸ਼ ਜਾਰੀ ਕਰ ਰਿਹਾ ਹੈ। ਪੰਜਾਬੀ ਭਾਸ਼ਾ ਵਿੱਚ ਪੱਛੜੇ ਵਿਦਿਆਰਥੀਆਂ ਨੂੰ ਵਿਸ਼ੇਸ਼ ਧਿਆਨ ਦੇਣ ਦੇ ਨਾਂ ਹੇਠ ਸਮਰੱਥ ਮਿਸ਼ਨ ਪਿਛਲੇ ਦੋ ਸਾਲਾਂ ਤੋਂ ਵੱਖ ਵੱਖ ਗਰੁੱਪਾਂ ਵਿੱਚ ਪੜ੍ਹਾਈ ਕਰਵਾਈ ਜਾ ਰਹੀ ਹੈ ਜਿਸ ਵਿੱਚ ਅੱਠਵੀਂ ਜਮਾਤ ਤੱਕ ਦੇ ਅਨੇਕਾਂ ਵਿਦਿਆਰਥੀਆਂ ਵੀ ਹਾਲੇ ਤੱਕ ਸ਼ਬਦ ਪੜ੍ਹਨਾ ਲਿਖਣਾ ਸਿੱਖ ਰਹੇ ਹਨ, ਭਾਵ ਉਹ ਪੰਜਾਬੀ ਭਾਸ਼ਾ ਵਿਚ ਆਪਣੇ ਨਾਲ ਦੇ ਵਿਦਿਆਰਥੀਆਂ ਨਾਲੋਂ ਕਾਫੀ ਪੱਛੜੇ ਹੋਏ ਹਨ।

ਵਿਭਾਗ ਵੱਲੋਂ ਤਿੰਨ ਭਾਸ਼ਾ ਸੂਤਰ ਨੂੰ ਵੀ ਤੇਜ਼ਦਿਆਂ ਚੌਥੀ ਭਾਸ਼ਾ ਤੇਲਗੂ ਦੇ ਮੁੱਢਲੇ ਗਿਆਨ ਦੇਣ ਦੇ ਨਿਰਦੇਸ਼ਾਂ ਬਾਰੇ ਟਿੱਪਣੀ ਕਰਦਿਆਂ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ, ਵਿੱਤ ਸਕੱਤਰ ਅਸ਼ਵਨੀ ਅਵਸਥੀ ਅਤੇ ਮੀਤ ਪ੍ਰਧਾਨ ਰਘਵੀਰ ਸਿੰਘ ਭਵਾਨੀਗੜ੍ਹ ਨੇ ਕਿਹਾ ਕਿ ਪੰਜਾਬ ਦੇ ਸਿੱਖਿਆ ਵਿਭਾਗ ਨੂੰ ਅਜਿਹੇ ਤਰਕਹੀਣ ਤਜਰਬਿਆਂ ਤੋਂ ਬਾਜ਼ ਆਉਣਾ ਚਾਹੀਦਾ ਹੈ। ਪਹਿਲਾਂ ਹੀ ਪੰਜਾਬ ਦੇ ਵਿਦਿਆਰਥੀ ਤਿੰਨ ਭਾਸ਼ਾਈ ਸੂਤਰ ਅਧੀਨ ਤਿੰਨ ਭਾਸ਼ਾਵਾਂ ਸਿੱਖ ਰਹੇ ਹਨ, ਉਨ੍ਹਾਂ 'ਤੇ ਚੌਥੀ ਭਾਸ਼ਾ ਲੱਦਣੀ ਬਿਲਕੁਲ ਗੈਰ ਮਨੋਵਿਗਿਆਨਕ ਹੈ। ਨਾਲ ਹੀ ਅੱਜ ਦੇ ਆਰਟੀਫਿਸ਼ਲ ਇੰਟੈਲੀਜੈਂਸ ਦੇ ਯੁੱਗ ਵਿੱਚ ਕਿਸੇ ਵੀ ਭਾਸ਼ਾ ਦਾ ਉਲੱਥਾ ਦੂਜੀ ਭਾਸ਼ਾ ਵਿੱਚ ਹਾਸਲ ਕੀਤਾ ਜਾ ਸਕਦਾ ਹੈ, ਤਾਂ ਇਸ ਹਾਲਤ ਵਿੱਚ ਵਿਦਿਆਰਥੀਆਂ ਤੇ ਵਾਧੂ ਮਾਨਸਿਕ ਬੋਝ ਪਾਉਣਾ ਬੇਲੋੜਾ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਨਿਰਦੇਸ਼ ਦਿੱਤਾ ਗਿਆ ਹੈ ਕਿ ਛੇਵੀਂ ਜਮਾਤ ਤੋਂ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਤਿੰਨ ਗਰੁੱਪਾਂ ਵਿੱਚ ਵੰਡ ਕੇ ਕੰਮ ਵਾਲੇ ਦਿਨਾਂ ਵਿੱਚ ਅੱਧੀ ਛੁੱਟੀ ਤੋਂ ਬਾਅਦ ਅਤੇ ਛੁੱਟੀਆਂ ਵਾਲੇ ਦਿਨਾਂ ਵਿੱਚ ਸਵੇਰ ਦੇ ਸਮੇਂ ਤਿੰਨ ਘੰਟੇ ਸਮਰ ਕੈਂਪ ਲਾ ਕੇ ਤੇਲਗੂ ਭਾਸ਼ਾ ਦਾ ਗਿਆਨ ਦਿੱਤਾ ਜਾਵੇ। ਆਗੂਆਂ ਨੇ ਸਿੱਖਿਆ ਵਿਭਾਗ 'ਤੇ ਦੋਸ਼ ਲਗਾਇਆ ਕਿ ਨਿੱਤ ਨਵੇਂ ਤਜਰਬਿਆਂ ਨਾਲ ਸਿੱਖਿਆ ਦਾ ਉਜਾੜਾ ਕੀਤਾ ਜਾ ਰਿਹਾ ਹੈ, ਸਕੂਲਾਂ ਵਿੱਚ ਲੋੜੀਂਦੇ ਅਧਿਆਪਕਾਂ ਦੀ ਘਾਟ ਪੂਰੀ ਕਰਨ ਦੀ ਥਾਂ ਅਧਿਆਪਕਾਂ ਨੂੰ ਹੋਰ ਕੰਮਾਂ ਵਿੱਚ ਉਲਝਾ ਕੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।

ਡੀ ਟੀ ਐੱਫ ਦੇ ਮੀਤ ਪ੍ਰਧਾਨਾਂ ਰਾਜੀਵ ਬਰਨਾਲਾ, ਜਗਪਾਲ ਬੰਗੀ, ਗੁਰਪਿਆਰ ਕੋਟਲੀ, ਬੇਅੰਤ ਫੂਲੇਵਾਲਾ, ਹਰਜਿੰਦਰ ਵਡਾਲਾ ਬਾਂਗਰ ਅਤੇ ਰਘਵੀਰ ਭਵਾਨੀਗੜ੍ਹ, ਸੰਯੁਕਤ ਸਕੱਤਰਾਂ ਮੁਕੇਸ਼ ਕੁਮਾਰ, ਕੁਲਵਿੰਦਰ ਜੋਸ਼ਨ ਅਤੇ ਜਸਵਿੰਦਰ ਔਜਲਾ, ਪ੍ਰੈੱਸ ਸਕੱਤਰ ਪਵਨ ਕੁਮਾਰ, ਸਹਾਇਕ ਵਿੱਤ ਸਕੱਤਰ ਤਜਿੰਦਰ ਸਿੰਘ ਅਤੇ ਪ੍ਰਚਾਰ ਸਕੱਤਰ ਸੁਖਦੇਵ ਡਾਨਸੀਵਾਲ ਨੇ ਮੰਗ ਕੀਤੀ ਕਿ ਸਿੱਖਿਆ ਵਿਭਾਗ ਸੈਸ਼ਨ ਦੇ ਸ਼ੁਰੂ ਵਿੱਚ ਇੱਕ ਨਿਸ਼ਚਿਤ ਕੈਲੰਡਰ ਜਾਰੀ ਕਰੇ ਜਿਸ ਅਨੁਸਾਰ ਸਾਰੀਆਂ ਗਤੀਵਿਧੀਆਂ ਹੋਣ ਨਾ ਕਿ ਨਿੱਤ ਦਿਨ ਨਵੇਂ ਤਜਰਬੇ ਕੀਤੇ ਜਾਣ।

# ਟੂਟੀਆਂ ਚ ਆ ਰਹੇ ਗੰਧਲੇ ਪਾਣੀ ਕਾਰਨ ਲੋਕਾਂ ਦੀ ਹੋਈ ਸਿਹਤ ਖਰਾਬ, ਸਿਵਲ ਹਸਪਤਾਲ ਵਿਖੇ ਦਰਜਨਾਂ ਜੇਰੇ ਇਲਾਜ,

## ਮਰੀਜ਼ਾਂ ਦਾ ਹਾਲ ਜਾਨਣ ਲਈ ਸ੍ਰੀ ਦਰਸ਼ਨ ਕਾਂਗੜਾ ਪਹੁੰਚੇ ਹਸਪਤਾਲ , ਪੀਣ ਵਾਲੇ ਪਾਣੀ ਦੀ ਸਮੱਸਿਆ ਨੂੰ ਲੈਕੇ ਸਰਕਾਰ ਨਹੀਂ ਗੰਭੀਰ: ਸ੍ਰੀ ਦਰਸ਼ਨ ਕਾਂਗੜਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com



ਸੰਗਰੂਰ,23 ਮਈ (ਜਗਸੀਰ ਸਿੰਘ) -ਪਿਛਲੇ ਕਾਫੀ ਦਿਨਾਂ ਤੋਂ ਸ਼ਹਿਰ ਦੇ ਸਲੱਮ ਏਰੀਏ ਵਿੱਚ ਟੂਟੀਆਂ ਚ ਆ ਰਹੇ ਗੰਧਲੇ ਪਾਣੀ ਕਾਰਨ ਲੋਕਾਂ ਦੀ ਸਿਹਤ ਖਰਾਬ ਹੁੰਦੀ ਜਾ ਰਹੀ ਹੈ ਜਿਸ ਦੇ ਚਲਦਿਆਂ ਸਥਾਨਕ ਅਜੀਤ ਨਗਰ ਬਸਤੀ ਅਤੇ ਗੰਗਾ ਰਾਮ ਬਸਤੀ ਦੇ ਵੱਡੀ ਗਿਣਤੀ ਲੋਕ ਸਿਵਲ ਹਸਪਤਾਲ ਵਿਖੇ ਭਰਤੀ ਹੋ ਰਹੇ ਹਨ ਜਿਨ੍ਹਾਂ ਦਾ ਹਾਲ ਜਾਣਨ ਲਈ ਪਹੁੰਚੇ ਸ੍ਰੀ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਨੇ ਮੌਕੇ ਤੇ ਹੀ ਸਿਵਲ ਹਸਪਤਾਲ ਵਿਖੇ ਦਾਖਲ ਮਰੀਜ਼ਾਂ ਦੇ ਇਲਾਜ ਸਬੰਧੀ ਸਬੰਧਤ ਡਾਕਟਰ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦਾ ਮੁਫ਼ਤ ਇਲਾਜ ਕਰਵਾਉਣ ਲਈ ਕਿਹਾ ਇਸ ਦੇ ਨਾਲ ਹੀ ਉਨ੍ਹਾਂ ਸਿਵਲ ਸਰਜਨ ਸੰਗਰੂਰ ਨੂੰ ਫੋਨ ਕਰਕੇ ਇਹਨਾਂ ਬਸਤੀਆਂ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਭੇਜ ਕੇ ਘਰ - ਘਰ ਲੋਕਾਂ ਦੀ ਸਿਹਤ ਦੀ ਜਾਂਚ ਕਰਨ ਅਤੇ ਭਾਣੀ ਦੇ ਸੈਂਪਲ ਲੈਣ ਲਈ ਕਿਹਾ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਸੂਬੇ ਦੀ ਸਰਕਾਰ ਲੋਕਾਂ ਦੀ ਸਿਹਤ ਪ੍ਰਤੀ ਰੱਤੀ ਭਰ ਵੀ ਗੰਭੀਰ ਨਹੀਂ ਹੈ ਪਿਛਲੇ ਲੰਮੇ ਸਮੇਂ ਤੋਂ ਟੂਟੀਆਂ ਅੰਦਰ ਗੰਧਲਾ ਅਤੇ ਬੁਦਬੂ ਵਾਲਾ ਪਾਣੀ ਆ ਰਿਹਾ ਜਿਸ ਨਾਲ ਲੋਕਾਂ ਦੀ ਸਿਹਤ ਖਰਾਬ ਹੁੰਦੀ ਜਾ ਰਹੀ ਹੈ ਅਤੇ ਇਸ ਸਮੱਸਿਆ ਦੇ ਚਲਦਿਆਂ ਦੋ ਵਿਅਕਤੀਆਂ ਨੂੰ ਆਪਣੀ ਜ਼ਿੰਦਗੀ ਗਵਾਉਣੀ ਪਈ ਉਨ੍ਹਾਂ ਕਿਹਾ ਕਿ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਇਸ ਸਮੱਸਿਆ ਨੂੰ ਲਗਾਤਾਰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆ ਰਿਹਾ ਹੈ ਪਰੰਤੂ ਪ੍ਰਸ਼ਾਸਨ ਇਸ ਸਮੱਸਿਆ ਨੂੰ ਠੀਕ ਕਰਨਾ ਕੋਈ ਜ਼ਰੂਰੀ ਨਹੀਂ ਸਮਝਿਆ ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਸਰਕਾਰ ਦੀਆਂ ਨਜ਼ਰਾਂ ਵਿੱਚ ਗਰੀਬਾਂ ਦੀ ਜ਼ਿੰਦਗੀ ਦੀ ਕੋਈ ਕੀਮਤ ਨਹੀਂ ਹੈ ਉਨ੍ਹਾਂ ਕਿਹਾ ਕਿ ਜਦੋਂ ਮੁੱਖ ਮੰਤਰੀ ਦੇ ਆਪਣੇ ਸ਼ਹਿਰ ਅੰਦਰ ਲੋਕਾਂ ਦਾ ਆਹ ਹਾਲ ਹੈ ਪੰਜਾਬ ਦੇ ਬਾਕੀ ਹਿੱਸਿਆਂ ਦਾ ਫੇਰ ਰੱਬ ਹੀ ਰਾਖਾ ਹੈ ਸ੍ਰੀ ਦਰਸ਼ਨ ਕਾਂਗੜਾ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਸ ਸਮੱਸਿਆ ਦਾ ਇੱਕ ਹਫ਼ਤੇ ਵਿੱਚ ਹੱਲ ਨਾ ਹੋਇਆਂ ਤਾਂ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਵੱਲੋਂ ਸਰਕਾਰ ਦੇ ਖ਼ਿਲਾਫ਼ ਮੋਰਚਾ ਖੋਲ੍ਹਿਆ ਜਾਵੇਗਾ ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਇਸ ਸਮੱਸਿਆ ਨਾਲ ਕਿਸੇ ਦਾ ਵੀ ਜਾਨੀ ਨੁਕਸਾਨ ਹੁੰਦਾ ਹੈ ਉਸ ਦੀ ਸਿੱਧੇ ਤੌਰ ਤੇ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਉਹ ਹਸਪਤਾਲ ਵਿਖੇ ਜੇਰੇ ਇਲਾਜ਼ ਮੇਲੋ ਕੌਰ , ਮਨਜੀਤ ਕੌਰ,ਆਸ਼ਾ ਰਾਣੀ ,ਅਸ਼ੋਕ ਕੁਮਾਰ ਸ਼ੇਕੀ, ਨੂਰਾ,ਰੇਖਾ ਰਾਣੀ,ਜੋਨੀ ਕੁਮਾਰ,ਮਨੋਜ ਕੁਮਾਰ ਆਦਿ ਦੀ ਤੰਦਰੁਸਤੀ ਲਈ ਕਾਮਨਾ ਕਰਦੇ ਹਨ।

# ਪਾਕਿਸਤਾਨ ਲਈ ਹਵਾਈ ਖੇਤਰ ਬੰਦ ਕਰਨ ਦੀ ਮਿਆਦ ਇਕ ਮਹੀਨਾ ਹੋਰ ਵਧਾਈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਭਾਰਤ ਨੇ ਪਾਕਿਸਤਾਨੀ ਏਅਰਲਾਈਨਜ਼ ਵੱਲੋਂ ਸੰਚਾਲਿਤ ਉਡਾਣਾਂ ਲਈ ਆਪਣੇ ਹਵਾਈ ਖੇਤਰ ਦੇ ਬੰਦ ਕਰਨ ਦੀ ਮਿਆਦ 23 ਜੂਨ ਤੱਕ ਵਧਾ ਦਿੱਤੀ ਹੈ।

ਭਾਰਤ ਸਰਕਾਰ ਨੇ ਪਹਿਲਗਾਮ ਹਮਲੇ ਦੇ ਮੱਦੇਨਜ਼ਰ ਪਾਕਿਸਤਾਨ ਖਿਲਾਫ ਚੁੱਕੇ ਗਏ ਵੱਖ-ਵੱਖ ਕਦਮਾਂ ਦੇ ਹਿੱਸੇ ਵਜੋਂ 30 ਅਪਰੈਲ ਨੂੰ ਲਗਾਈ ਗਈ ਪਾਬੰਦੀ 23 ਮਈ (ਸ਼ਨਿਚਰਵਾਰ) ਨੂੰ ਖਤਮ ਹੋਣ ਵਾਲੀ ਸੀ ਜਿਸ ਨੂੰ 23 ਜੂਨ, 2025 ਤੱਕ ਵਧਾ ਦਿੱਤਾ ਗਿਆ ਹੈ। ਇਹ ਪਾਬੰਦੀ ਪਾਕਿਸਤਾਨ ਦੇ ਫੌਜੀ ਜਹਾਜ਼ਾਂ 'ਤੇ ਵੀ ਲਾਗੂ ਹੋਵੇਗੀ।

ਦੂਜੇ ਪਾਸੇ ਪਾਕਿਸਤਾਨ ਨੇ ਵੀ ਭਾਰਤੀ ਉਡਾਣਾਂ ਲਈ ਆਪਣੇ ਹਵਾਈ ਖੇਤਰ 'ਤੇ ਪਾਬੰਦੀ ਨੂੰ 24 ਜੂਨ ਤੱਕ ਇਕ ਮਹੀਨੇ ਲਈ ਵਧਾ ਦਿੱਤਾ ਹੈ। ਭਾਰਤ ਸਰਕਾਰ ਵੱਲੋਂ ਪਾਕਿਸਤਾਨ ਨਾਲ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰਨ ਤੋਂ ਬਾਅਦ 24 ਅਪਰੈਲ ਨੂੰ ਪਾਕਿਸਤਾਨ ਨੇ ਭਾਰਤ ਲਈ ਆਪਣੇ ਹਵਾਈ ਖੇਤਰ 'ਤੇ 23 ਮਈ ਤੱਕ ਪਾਬੰਦੀ ਲਗਾ ਦਿੱਤੀ ਸੀ। ਪੀਟੀਆਈ

# ਕਪੂਰਥਲਾ ਜਿਲ੍ਹੇ ਦੇ 12 ਹੋਰ ਪਿੰਡਾਂ ਵਿਚ ਪੁੱਜੀ ਨਸ਼ਾ ਮੁਕਤੀ ਯਾਤਰਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com




ਫਗਵਾੜਾ 23 ਮਈ (ਸ਼ਿਵ ਕੌੜਾ) ਨਸ਼ੇ ਦੀ ਅਲਾਮਤ ਨੂੰ ਖਤਮ ਕਰਨ ਦੇ ਮਕਸਦ ਨਾਲ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਨਸ਼ਾ ਮੁਕਤੀ ਯਾਤਰਾ ਅੱਜ ਕਪੂਰਥਲਾ ਜਿਲ੍ਹੇ ਦੇ 12 ਹੋਰ ਪਿੰਡਾਂ ਵਿਚ ਪੁੱਜੀ। ਕਪੂਰਥਲਾ ਹਲਕੇ ਦੇ ਪਿੰਡ ਭੰਡਾਲ ਦੋਨਾ,ਬਿਹਾਰੀਪੁਰ, ਤੇਗਾਂਵਾਲਾ, ਭੁਲੱਥ ਹਲਕੇ ਦੇ ਪਿੰਡ ਸੰਗੋਜਲਾ,ਜਾਤੀਕੇ, ਮੰਡ ਸੰਗੋਜਲਾ, ਫਗਵਾੜਾ ਹਲਕੇ ਦੇ ਪਿੰਡ ਬੀਰ ਢੰਡੋਲ, ਸਿਕਰੀ ਤੇ ਰਾਵਲਪਿੰਡੀ ਅਤੇ ਸੁਲਤਾਨਪੁਰ ਲੋਧੀ ਹਲਕੇ ਦੇ ਪਿੰਡ ਡਡਵਿੰਡੀ, ਕਮਾਲਪੁਰ ਤੇ ਅੱਲਾਦਿੱਤਾ ਵਿਖੇ ਵੱਡੀ ਗਿਣਤੀ ਵਿਚ ਲੋਕਾਂ ਨੇ ਪੰਜਾਬ ਸਰਕਾਰ ਵਲੋਂ ਨਸ਼ੇ ਦੇ ਖਾਤਮੇ ਲਈ ਵਿੱਢੀ ਗਈ ਲੜਾਈ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ। ਕਪੂਰਥਲਾ ਹਲਕੇ ਦੇ ਪਿੰਡਾਂ ਵਿਚ ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਲਲਿਤ ਸਕਲਾਨੀ, ਸੁਲਤਾਨਪੁਰ ਲੋਧੀ ਹਲਕੇ ਦੇ ਪਿੰਡਾਂ ਵਿਚ ਚੇਅਰਮੈਨ ਨਗਰ ਸੁਧਾਰ ਟਰੱਸਟ ਕਪੂਰਥਲਾ ਸੱਜਣ ਸਿੰਘ ਚੀਮਾ, ਫਗਵਾੜਾ ਹਲਕੇ ਵਿੱਚ ਸਾਬਕਾ ਮੰਤਰੀ ਜੋਗਿੰਦਰ ਸਿੰਘ ਮਾਨ , ਭੁਲੱਥ ਹਲਕੇ ਵਿਚ ਡਾਇਰੈਕਟਰ ਜਲ ਸਰੋਤ ਵਿਭਾਗ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਨੇ ਲੋਕਾਂ ਨੂੰ ਨਸ਼ੇ ਵਿਰੁੱਧ ਲੜਾਈ ਵਿਚ ਭਾਗੀਦਾਰੀ ਦਾ ਹਲਫ ਦਿਵਾਇਆ। ਇਸ ਮੌਕੇ ਲੋਕਾਂ ਨੂੰ ਨਸ਼ੇ ਦੇ ਮਾੜੇ ਅਸਰ ਬਾਰੇ ਜਾਗਰੂਕ ਕਰਦਾ ਲਿਟਰੇਚਰ ਤੇ ਟੀ- ਸ਼ਰਟਾਂ ਦੀ ਵੀ ਵੰਡ ਕੀਤੀ ਗਈ।

# ਕੇ.ਐੱਲ ਚਾਂਦ ਵੈਲਫੇਅਰ ਟਰੱਸਟ ਨੇ ਸਕੂਲੀ ਵਿਦਿਆਰਥੀ ਸਮੇਤ ਦੋ ਲੜਵੰਦਾਂ ਨੂੰ ਭੇਂਟ ਕੀਤੀਆਂ ਟਰਾਈ ਸਾਇਕਲਾਂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com



ਫਗਵਾੜਾ 23 ਮਈ (ਸ਼ਿਵ ਕੌੜਾ) ਅੰਗਹੀਣਾਂ ਤੇ ਸਰੀਰਕ ਤੌਰ ਤੇ ਅਪਾਹਿਜਾਂ ਦੀ ਸੇਵਾ ਨੂੰ ਸਮਰਪਿਤ ਕੇ.ਐੱਲ ਚਾਂਦ ਵੈਲਫੇਅਰ ਟਰੱਸਟ (ਰਜਿ.) ਯੂ.ਕੇ ਦੀ ਸੂਬਾ ਇਕਾਈ ਵਲੋਂ ਸੂਬਾ ਕੋਆਰਡੀਨੇਟਰ ਰਾਜਿੰਦਰ ਕੁਮਾਰ ਬੰਟੀ ਦੀ ਯੋਗ ਅਗਵਾਈ ਹੇਠ ਇਕ ਸਕੂਲੀ ਵਿਦਿਆਰਥੀ ਸਮੇਤ ਦੋ ਲੋੜਵੰਦਾਂ ਨੂੰ ਟਰਾਈ ਸਾਇਕਲਾਂ ਭੇਂਟ ਕੀਤੀਆਂ ਗਈਆਂ। ਰਾਜਿੰਦਰ ਕੁਮਾਰ ਬੰਟੀ ਨੇ ਦੱਸਿਆ ਕਿ ਲੋੜਵੰਦਾਂ 'ਚ ਸਰਕਾਰੀ ਮਿਡਲ ਸਕੂਲ ਪਿੰਡ ਚੇਤਾ (ਬੰਗਾ) ਅਤੇ ਪਿੰਡ ਮੇਹਲੀ ਦੀ ਇਕ ਲੋੜਵੰਦ ਮਹਿਲਾ ਸ਼ਾਮਲ ਹੈ। ਇਸ ਸਬੰਧੀ ਸੰਖੇਪ ਸਮਾਗਮ 'ਚ ਬੰਗਾ ਦੇ ਐਮ.ਐਲ.ਏ. ਸੁਖਵਿੰਦਰ ਕੁਮਾਰ ਸੁੱਖੀ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਉਹਨਾਂ ਟਰੱਸਟ ਵਲੋਂ ਕੀਤੇ ਜਾ ਰਹੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਰਾਜਿੰਦਰ ਕੁਮਾਰ ਬੰਟੀ ਨੇ ਦੱਸਿਆ ਕਿ ਉਹਨਾਂ ਦੇ ਟਰੱਸਟ ਦਾ ਇੱਕੋ ਮੰਤਵ ਹੈ ਕਿ ਸਰੀਰਿਕ ਤੌਰ ਤੇ ਅਸਮਰਥ ਲੋਕਾਂ ਅਤੇ ਬਿਮਾਰ ਵਿਅਕਤੀਆਂ ਦੀ ਹਰ ਸੰਭਵ ਸੇਵਾ ਸਹਾਇਤਾ ਕੀਤੀ ਜਾਵੇ। ਉਹਨਾਂ ਸਮੂਹ ਪਤਵੰਤਿਆਂ ਅਤੇ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ ਅਤੇ ਭਰੋਸਾ ਦਿੱਤਾ ਕਿ ਭਵਿੱਖ ਵਿਚ ਵੀ ਇਸੇ ਤਰ੍ਹਾਂ ਸਾਰਿਆਂ ਦੇ ਸਹਿਯੋਗ ਨਾਲ ਸੇਵਾ ਕਾਰਜਾਂ ਨੂੰ ਅੱਗੇ ਤੋਰਦੇ ਰਹਿਣਗੇ। ਸਟੇਜ ਦੀ ਸੇਵਾ ਟਰੱਸਟ ਦੇ ਸਕੱਤਰ ਜਸਵਿੰਦਰ ਸਿੰਘ ਠੇਕੇਦਾਰ ਅਕਾਲਗੜ੍ਹ ਵਲੋਂ ਨਿਭਾਈ ਗਈ। ਅਖੀਰ 'ਚ ਸਕੂਲ ਇੰਚਾਰਜ ਤੇਜਬਿੰਦਰ ਕੌਰ ਨੇ ਸਮੂਹ ਪਤਵੰਤਿਆਂ ਦਾ ਪਹੁੰਚਣ ਲਈ ਅਤੇ ਖਾਸ ਤੌਰ ਤੇ ਕੇ.ਐਲ. ਚਾਂਦ ਟਰੱਸਟ ਦੀ ਟੀਮ ਦਾ ਇਸ ਨੇਕ ਉਪਰਾਲੇ ਲਈ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਲੋਕ ਭਲਾਈ ਬਾਪੂ ਮੰਡਲ ਤੋਂ ਸੋਹਨ ਸਿੰਘ, ਸੁਖਦੇਵ ਸਿੰਘ, ਸੁਖਪਾਲ ਸਿੰਘ ਤਰਲੋਚਨ ਸਿੰਘ, ਸਕੂਲ ਸਟਾਫ ਪਰਮਿੰਦਰ ਜੀਤ ਕੁਮਾਰ, ਸਰਪੰਚ ਸੋਮਨਾਥ, ਰਾਣੀ, ਸਾਬਕਾ ਸਰਪੰਚ ਜਸਵੀਰ ਸਿੰਘ ਤੋਂ ਇਲਾਵਾ ਸਤਨਾਮ ਸਿੰਘ ਏ.ਐਸ.ਆਈ., ਸੀਨੀਅਰ ਮੈਂਬਰ ਸ਼ਿੰਗਾਰਾ ਰਾਮ, ਕੈਸ਼ੀਅਰ ਆਸ਼ਾ ਰਾਣੀ ਚੁੰਬਰ, ਕੈਲਵਿਨ ਚੁੰਬਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਤਨਖਾਹਾਂ ਵਿਚ ਹਰ ਸਾਲ ਹੋਣ ਵਾਲੇ ਵਾਧੇ ਨੂੰ ਰੋਕ ਕੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਸ਼ਰੇਆਮ ਧੱਕਾ

## ਪਿਛਲੇ ਦੋ ਸਾਲਾਂ ਤੋਂ ਨਹੀਂ ਦਿੱਤਾ ਜਾ ਰਿਹਾ ਸਫਰੀ ਭੱਤਾ ਅਤੇ ਮੋਬਾਈਲ ਭੱਤਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com



ਮੋਰਿੰਡਾ 23 ਮਈ (ਪਤਰ ਪ੍ਰੇਰਕ)ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਿਚ ਕੰਮ ਕਰ ਰਹੇ ਠੇਕਾ ਅਧਾਰਿਤ ਮੁਲਾਜ਼ਮ ਪੰਜਾਬ ਸਰਕਾਰ ਦੀ ਧੱਕੇਸ਼ਾਹੀ ਦਾ ਸ਼ਿਕਾਰ ਹੋ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਯੂਨੀਅਨ ਦੇ ਪ੍ਰਧਾਨ ਜਗਸੀਰ ਸਿੰਘ ਨੇ ਦੱਸਿਆ ਕਿ ਇਸ ਵਿਭਾਗ ਵਿਚ ਕੰਮ ਕਰ ਰਹੇ ਬਲਾਕ ਰਿਸੋਰਸ ਕੋਆਰਡੀਨੇਟਰ BRC, IEC ਅਤੇ CDS ਮੁਲਾਜਮਾਂ ਦੀਆਂ ਤਨਖਾਹਾਂ ਵਿਚ ਸਾਲ ਦਰ ਸਾਲ ਹੋਣ ਵਾਲੇ 10 ਪ੍ਰਤੀਸ਼ਤ ਵਾਧੇ ਨੂੰ ਇਸ ਵਾਰ ਸਰਕਾਰ ਵੱਲੋਂ ਰੋਕ ਲਿਆ ਗਿਆ ਹੈ। ਸਰਕਾਰ ਵੱਲੋਂ ਠੇਕੇ ਦੀਆਂ ਸ਼ਰਤਾਂ ਨੂੰ ਵੀ ਅਣਗੌਲਿਆਂ ਕਰਕੇ ਅਪ੍ਰੈਲ 2023 ਤੋਂ ਸਫਰੀ ਅਤੇ ਮੋਬਾਈਲ ਭੱਤਾ ਰੋਕਿਆ ਗਿਆ ਹੈ ਜਿਸ ਬਾਰੇ ਸਬੰਧਿਤ ਮੰਤਰੀਆਂ ਅਤੇ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੀਆਂ ਜਾ ਰਹੀਆਂ ਮੀਟਿੰਗਾਂ ਵਿਚ ਇਸ ਨੂੰ ਹਰ ਵਾਰ ਜਲਦ ਦੇਣ ਦਾ ਵਾਅਦਾ ਕੀਤਾ ਜਾਂਦਾ ਹੈ ਪ੍ਰੰਤੂ ਕੋਈ ਐਕਸ਼ਨ ਨਹੀਂ ਲਿਆ ਜਾਂਦਾ।

ਕਿਉਂਕਿ ਇਹ ਸਾਰੇ ਮੁਲਾਜ਼ਮ ਪਿੰਡਾਂ ਵਿਚ ਜਾ ਕੇ ਕੰਮ ਕਰਦੇ ਹਨ ਜਿਸ ਕਰਕੇ ਆਉਣ ਜਾਣ ਦੇ ਖਰਚੇ ਤੋਂ ਇਲਾਵਾ ਵਿਭਾਗ ਵੱਲੋਂ ਦਿੱਤੇ ਗਏ ਟੀਚਿਆਂ ਨੂੰ ਪੂਰਾ ਕਰਨ ਲਈ ਮੋਬਾਈਲ ਅਤੇ ਕੰਪਿਊਟਰ ਦੀ ਵਰਤੋਂ ਵੀ ਕਰਨੀ ਪੈਂਦੀ ਹੈ ਜਿਸ ਲਈ ਸਰਕਾਰ ਨੇ ਭਰਤੀ ਕਰਨ ਸਮੇਂ ਸ਼ਰਤਾਂ ਵਿਚ ਤਨਖਾਹ ਤੋਂ ਇਲਾਵਾ ਸਫਰੀ ਭੱਤਾ ਅਤੇ ਮੋਬਾਈਲ ਭੱਤਾ ਦੇਣਾ ਵੀ ਲਿਖਿਆ ਹੋਇਆ ਹੈ। ਪਰ ਪਿਛਲੇ ਸਾਲਾਂ ਤੋਂ ਬਿਨਾਂ ਕਿਸੇ ਵਜ੍ਹਾ ਤੋਂ ਇਹ ਭੱਤਾ ਬੰਦ ਕਰ ਦਿੱਤਾ ਗਿਆ ਅਤੇ ਹਰ ਵਾਰ ਇਸ ਨੂੰ ਬਾਅਦ ਵਿਚ ਜਾਰੀ ਕਰਨ ਦੀ ਗੱਲ ਕਰ ਦਿੱਤੀ ਜਾਂਦੀ ਹੈ। ਯੂਨੀਅਨ ਆਗੂ ਨੇ ਕਿਹਾ ਕਿ ਅਸੀਂ ਵਿਭਾਗ ਅਤੇ ਸਰਕਾਰ ਨੂੰ ਇਸ ਪ੍ਰਤੀ ਪੱਤਰ ਲਿਖ ਕੇ ਜਾਣਕਾਰੀ ਦੇ ਦਿੱਤੀ ਗਈ ਹੈ ਕਿ ਅਗਰ ਸਾਡੀਆਂ ਮੰਗਾਂ ਵੱਲ ਤੁਰੰਤ ਧਿਆਨ ਦੇ ਕੇ ਲਾਗੂ ਨਹੀਂ ਕੀਤੀਆਂ ਜਾਂਦੀਆਂ ਤਾਂ ਅਸੀਂ ਸਾਰੇ ਮੁਲਾਜ਼ਮ ਕੰਮਾਂ ਦਾ ਬਾਈਕਾਟ ਕਰਾਂਗੇ ਅਤੇ ਵਿਭਾਗ ਮੁਖੀ ਦੇ ਦਫਤਰ ਅੱਗੇ ਪੱਕਾ ਮੋਰਚਾ ਲਗਾਉਣ ਲਈ ਮਜਬੂਰ ਹੋਵਾਂਗੇ। ਓਹਨਾਂ ਕਿਹਾ ਕਿ ਸਰਕਾਰ ਕੋਲ ਸਾਡੀਆਂ ਉਪ੍ਰੋਕਤ ਮੁੱਖ ਮੰਗਾਂ ਤੋਂ ਇਲਾਵਾ ਮੈਡੀਕਲ ਭੱਤਾ, ਦੁਰਘਟਨਾਂ ਬੀਮਾਂ ਬਾਰੇ ਵੀ ਬਹੁਤ ਵਾਰ ਵਿਚਾਰਿਆ ਜਾ ਚੁੱਕਾ ਹੈ ਪ੍ਰੰਤੂ ਅਜੇ ਤੱਕ ਲਾਗੂ ਨਹੀਂ ਕੀਤਾ ਗਿਆ।

ਇਸ ਲਈ ਅਸੀਂ ਸਮੂਹ BRC, IEC, CDS ਮੁਲਾਜ਼ਮ ਵਿਭਾਗ ਵੱਲੋਂ ਦਿੱਤੇ ਜਾ ਰਹੇ ਕੰਮ ਨੂੰ ਉਸ ਸਮੇਂ ਤੱਕ ਰੋਕ ਕੇ ਰੱਖਾਂਗੇ ਜਦ ਤੱਕ ਸਾਡੀਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਜਾਂਦਾ।

# ਨਿਰਦੋਸ਼ ਨਾਗਰਿਕਾਂ ਦਾ ਕਤਲ ਕਰਕੇ ਜੀਉਣ ਦਾ ਅਧਿਕਾਰ ਖੋਹਣਾ ਸਭ ਤੋਂ ਵੱਡਾ ਪਾਪ : ਕੰਗ

## * ਹਿਉਮਨ ਰਾਈਟਸ ਕੌਂਸਲ ਨੇ ਤਿਰੰਗਾ ਯਾਤਰਾ 'ਚ ਕੀਤੀ ਸ਼ਿਰਕਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com



ਫਗਵਾੜਾ 23 ਮਈ (ਸ਼ਿਵ ਕੌੜਾ) ਧਾਰਮਿਕ ਕੱਟੜਤਾ 'ਚ ਕਿਸੇ ਮਾਸੂਮ ਤੋਂ ਜ਼ਿੰਦਗੀ ਦਾ ਹੱਕ ਖੋਹਣਾ ਸਭ ਤੋਂ ਵੱਡਾ ਪਾਪ ਹੈ। ਅਜਿਹੇ ਪਾਪੀਆਂ ਨੂੰ ਸਜ਼ਾ ਦੇ ਕੇ ਭਾਰਤੀ ਫੌਜ ਨੇ ਪੂਰੀ ਮਨੁੱਖਤਾ 'ਤੇ ਉਪਕਾਰ ਕੀਤਾ ਹੈ ਅਤੇ ਇਹ ਸਿਲਸਿਲਾ ਲਗਾਤਾਰ ਜਾਰੀ ਰਹਿਣਾ ਚਾਹੀਦਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਿਊਮਨ ਰਾਈਟਸ ਕੌਂਸਲ (ਇੰਡੀਆ) ਦੇ ਸੂਬਾ ਸਕੱਤਰ ਅਤੇ ਸਲਾਹਕਾਰ ਕਮੇਟੀ ਦੇ ਮੈਂਬਰ ਗੁਰਦੀਪ ਸਿੰਘ ਕੰਗ ਨੇ ਫਗਵਾੜਾ ਵਿਖੇ ਭਾਰਤੀ ਫੌਜ ਦੇ ਸਤਿਕਾਰ ਵਜੋਂ ਆਯੋਜਿਤ ਤਿਰੰਗਾ ਯਾਤਰਾ ਦੌਰਾਨ ਗਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪਾਕਿਸਤਾਨ ਵੱਲੋਂ ਸਿਖਲਾਈ ਪ੍ਰਾਪਤ ਅੱਤਵਾਦੀ ਪਿਛਲੇ ਤਿੰਨ-ਚਾਰ ਦਹਾਕਿਆਂ ਤੋਂ ਭਾਰਤ ਆ ਵਿੱਚ ਮਾਸੂਮ ਨਾਗਰਿਕਾਂ ਨੂੰ ਕਤਲ ਕਰ ਰਹੇ ਹਨ। ਮੌਜੂਦਾ ਭਾਰਤ ਸਰਕਾਰ ਦੁਆਰਾ ਅਪਣਾਈ ਗਈ 'ਟਿਟ ਫਾਰ ਟੈਟ' ਨੀਤੀ ਬਹੁਤ ਪਹਿਲਾਂ ਸ਼ੁਰੂ ਹੋ ਜਾਣੀ ਚਾਹੀਦੀ ਸੀ। ਉਨ੍ਹਾਂ ਨੇ ਆਪ੍ਰੇਸ਼ਨ ਸਿੰਦੂਰ ਦੀ ਸਫਲਤਾ ਲਈ ਫੌਜ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਆਪ੍ਰੇਸ਼ਨ ਉਦੋਂ ਤੱਕ ਜਾਰੀ ਰਹਿਣਾ ਚਾਹੀਦਾ ਹੈ ਜਦੋਂ ਤੱਕ ਇੱਕ ਵੀ ਅੱਤਵਾਦੀ ਜ਼ਿੰਦਾ ਹੈ। ਕਿਉਂਕਿ ਇੱਕ ਅੱਤਵਾਦੀ ਨੂੰ ਜ਼ਿੰਦਾ ਛੱਡਣ ਨਾਲ ਸੈਂਕੜੇ ਲੋਕਾਂ ਦੀਆਂ ਜਾਨਾਂ ਖ਼ਤਰੇ ਵਿੱਚ ਪੈ ਜਾਂਦੀਆਂ ਹਨ। ਕੰਗ ਨੇ ਕਿਹਾ ਕਿ ਜਦੋਂ ਵੀ ਭਾਰਤ ਨੂੰ ਬਾਹਰੀ ਖਤਰੇ ਦਾ ਸਵਾਲ ਉਠਿਆ ਹੈ, ਭਾਰਤੀ ਫੌਜ ਨੇ ਦੁਸ਼ਮਣ ਨੂੰ ਢੁਕਵਾਂ ਜਵਾਬ ਦਿੱਤਾ ਹੈ। ਹਰ ਨਾਗਰਿਕ ਫੌਜ ਦੀ ਬਹਾਦਰੀ ਅੱਗੇ ਨਤਮਸਤਕ ਹੈ। ਇਸ ਮੌਕੇ ਫਗਵਾੜਾ ਪ੍ਰਧਾਨ ਸਤਵਿੰਦਰ ਸਿੰਘ ਭੰਮਰਾ, ਲਾਇਨ ਸੰਜੀਵ ਸੂਰੀ, ਸੁਮਿਤ ਭੰਡਾਰੀ ਪ੍ਰਧਾਨ ਐਂਟੀ ਕ੍ਰਾਈਮ ਸੈੱਲ ਪੰਜਾਬ, ਦਿਨੇਸ਼ ਖਰਬੰਦਾ ਉਪ ਪ੍ਰਧਾਨ ਐਂਟੀ ਕ੍ਰਾਈਮ ਸੈੱਲ ਕਪੂਰਥਲਾ ਅਤੇ ਮੋਹਿਤ ਕੁਮਾਰ ਆਦਿ ਮੌਜੂਦ ਸਨ।

# ਪਟਿਆਲਾ ਦੇ ਦੋ ਕ੍ਰਿਕਟ ਖਿਡਾਰੀਆਂ ਦੀ ਭਾਰਤੀ ਟੀਮ ਲਈ ਚੋਣ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com

ਪਟਿਆਲਾ ਦੇ ਦੋ ਕ੍ਰਿਕਟ ਖਿਡਾਰੀ ਅੰਡਰ 23 ਏਸ਼ੀਆ ਕਪ ਲਈ ਭਾਰਤੀ ਟੀਮ ਦੇ ਕੈਂਪ ਲਈ ਚੁਣੇ ਗਏ ਹਨ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਪਟਿਆਲਾ ਦੇ ਖਿਡਾਰੀ ਆਫ ਸਪਿਨਰ ਹਰਜਸ ਸਿੰਘ ਟੰਡਨ ਅਤੇ ਖੱਬੇ ਹੱਥ ਦੇ ਫਿਰਕੀ ਗੇਂਦਬਾਜ਼ ਆਰਿਆਮਨ ਧਾਲੀਵਾਲ ਦੀ ਚੋਣ ਬੀਸੀਸੀਆਈ ਵੱਲੋਂ ਅੰਡਰ 23 ਏਸ਼ੀਆ ਕੱਪ ਦੇ ਲਈ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕ੍ਰਿਕਟ ਹੱਬ ਦੇ ਕੋਚ ਕਮਲ ਸੰਧੂ ਨੇ ਦੱਸਿਆ ਕਿ ਇਹ ਦੋਵੇਂ ਖਿਡਾਰੀ ਪਿਛਲੇ ਕਈ ਸਾਲਾਂ ਤੋਂ ਪੰਜਾਬ ਵੱਲੋਂ ਖੇਡਦਿਆਂ ਬਹੁਤ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਸਨ। ਉਹਨਾਂ ਦੇ ਸ਼ਾਨਦਾਰ ਪ੍ਰਦਰਸ਼ਨ ਦਾ ਹੀ ਇਨਾਮ ਹੈ ਕਿ ਉਹਨਾਂ ਦੀ ਭਾਰਤੀ ਕ੍ਰਿਕਟ ਟੀਮ ਦੀ ਏਸ਼ੀਆ ਕੱਪ ਲਈ ਕੈਂਪ ਵਾਸਤੇ ਹੋਈ ਹੈ। ਜਦੋਂ ਕੋਚ ਕਮਲ ਸੰਧੂ ਨੂੰ ਪੁੱਛਿਆ ਗਿਆ ਕਿ ਕੀ ਕਾਰਨ ਹੈ ਕਿ ਲਗਾਤਾਰ ਪਟਿਆਲਾ ਦੇ ਕ੍ਰਿਕਟ ਖਿਡਾਰੀ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਪੱਧਰ ਤੇ ਮਾਨ ਹਾਸਲ ਕਰ ਰਹੇ ਹਨ, ਤਾਂ ਕੋਚ ਸੰਧੂ ਨੇ ਦੱਸਿਆ ਕਿ ਪਟਿਆਲਾ ਵਿੱਚ ਨਵਜੋਤ ਸਿੱਧੂ ਤੋਂ ਬਾਅਦ ਹੁਣ ਤੱਕ ਜਿੰਨੇ ਵੀ ਖਿਡਾਰੀ ਭਾਰਤੀ ਕ੍ਰਿਕਟ ਟੀਮ ਜਾਂ ਪੰਜਾਬ ਦੀ ਕ੍ਰਿਕਟ ਟੀਮ ਵਿੱਚ ਚੁਣੇ ਗਏ ਹਨ, ਉਸ ਦਾ ਕਾਰਨ ਇਹ ਹੈ ਕਿ ਅਕਾਦਮੀ ਕ੍ਰਿਕਟ ਹੱਬ ਵਿੱਚ ਸਟੇਟ ਖਿਡਾਰੀਆਂ ਦਾ ਇੱਕ ਪ੍ਰੈਕਟਿਸ ਦਾ ਗਰੁੱਪ ਬਣਿਆ ਹੋਇਆ ਹੈ, ਜਿਸ ਵਿੱਚ ਚੰਗੇ ਖਿਡਾਰੀ ਆਪਣੇ ਜੂਨੀਅਰ ਖਿਡਾਰੀਆਂ ਨੂੰ ਖੇਡ ਦੀ ਹਰ ਬਰੀਕੀ ਚੰਗੀ ਤਰਾ ਨਾਲ ਸਮਝਉਂਦੇ ਹਨ ਅਤੇ ਪ੍ਰੈਕਟਿਸ ਅਤੇ ਬਾਅਦ ਵਿੱਚ ਕਰਵਾਏ ਜਾਂਦੇ ਮੈਚਾਂ ਵਿੱਚ ਨਾ ਸਿਰਫ ਜੂਨੀਅਰ ਖਿਡਾਰੀ ਆਪਣੇ ਸੀਨੀਅਰ ਖਿਡਾਰੀਆਂ ਨੂੰ ਮੈਚ ਵਿੱਚ ਪ੍ਰਦਰਸ਼ਨ ਦੇਖਦੇ ਹਨ ਬਲਕਿ ਉਹਨਾਂ ਨੂੰ ਹੌਂਸਲਾ ਮਿਲਦੀ ਹੈ। ਕਿ ਉਹ ਵੀ ਚੰਗਾ ਖੇਡਣ ਇਸੇ ਦਾ ਕਾਰਨ ਹੈ ਕਿ ਪਟਿਆਲਾ ਦੇ ਖਿਡਾਰੀ ਭਾਵੇਂ ਉਹ ਪ੍ਰਭ ਸਿਮਰਨ ਸਿੰਘ, ਅੰਡਰ 19 ਭਾਰਤੀ ਟੀਮ ਦਾ ਸਟਾਰ ਬੱਲੇਬਾਜ ਅਨਮੋਲ ਪ੍ਰੀਤ ਸਿੰਘ ਚਾਹੇ ਨਮਨਧੀਰ ਅਤੇ ਬੀਸੀਸੀਆਈ ਵੱਲੋਂ



ਇੰਗਲੈਂਡ ਜਾਣ ਵਾਲੀ ਅੰਡਰ 19 ਦੇ ਟੀਮ ਵਿੱਚ ਚੁਣਿਆ ਬੱਲੇਬਾਜ ਵੀਹਾਨ ਮਲਹੋਤਰਾ ਅਤੇ ਕੁੜੀਆਂ ਦੀ ਭਾਰਤੀ ਟੀਮ ਵਿੱਚ ਖੇਡਣ ਵਾਲੀ ਕਨਿਕਾ ਅਹੂਜਾ ਤੇ ਮੇਨਤ ਕਸ਼ਿਅਪ ਹੋਣ। ਇਹ ਸਾਰੇ ਖਿਡਾਰੀ ਦੂਜੇ ਖਿਡਾਰੀਆਂ ਨੂੰ ਹੌਂਸਲਾ ਦਿੰਦੇ ਰਹਿੰਦੇ ਹਨ। ਇਸ ਦਾ ਹੀ ਕਾਰਨ ਹੈ ਕਿ ਪਟਿਆਲਾ ਵਿੱਚ ਕ੍ਰਿਕਟ ਦਾ ਪੱਧਰ ਅੰਤਰਰਾਸ਼ਟਰੀ ਮੁਕਾਬਲੇ ਦਾ ਬਣ ਗਿਆ ਹੈ।

# ਦੇਸ਼ ਵਾਸੀਆਂ ਨੂੰ ਭਾਰਤੀ ਸੈਨਿਕਾਂ ਦੀ ਬਹਾਦਰੀ 'ਤੇ ਮਾਣ ਹੈ:- ਕਾਲੜਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com




ਫਗਵਾੜਾ (ਸ਼ਿਵ ਕੌੜਾ) ਆਪ੍ਰੇਸ਼ਨ ਸਿੰਦੂਰ ਦੌਰਾਨ, ਜਿਸ ਤਰ੍ਹਾਂ ਸਾਡੀ ਫੌਜ ਦੇ ਬਹਾਦਰ ਜਵਾਨਾਂ ਨੇ ਆਪਣੀ ਬਹਾਦਰੀ ਦਿਖਾਈ ਅਤੇ ਪਾਕਿਸਤਾਨ ਨੂੰ ਗੋਡੇ ਟੇਕਣ ਲਈ ਮਜਬੂਰ ਕਰ ਦਿੱਤਾ, ਦੇਸ਼ ਦੇ ਹਰ ਨਾਗਰਿਕ ਨੂੰ ਉਨ੍ਹਾਂ ਦੇ ਮਹਾਨ ਕਾਰਨਾਮੇ 'ਤੇ ਮਾਣ ਹੈ। ਰੋਟਰੀ ਕਲੱਬ ਫਗਵਾੜਾ ਜੇਮਜ਼ ਦੇ ਪ੍ਰਧਾਨ ਪਵਨ ਕੁਮਾਰ ਕਾਲੜਾ ਨੇ ਇਹ ਗੱਲ ਬਹਾਦਰ ਸੈਨਿਕਾਂ ਦੇ ਸਨਮਾਨ ਵਿੱਚ ਕੱਢੀ ਗਈ ਤਿਰੰਗਾ ਯਾਤਰਾ ਦੌਰਾਨ ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆਂ ਕਹੀ। ਕਾਲੜਾ ਨੇ ਕਿਹਾ ਕਿ ਜਦੋਂ ਵੀ ਦੁਸ਼ਮਣ ਦੇਸ਼ ਨੇ ਆਪਣੇ ਮਾੜੇ ਇਰਾਦਿਆਂ ਨਾਲ ਸਾਡੇ 'ਤੇ ਹਮਲਾ ਕੀਤਾ ਹੈ, ਤਾਂ ਸਾਡੇ ਬਹਾਦਰ ਸੈਨਿਕਾਂ ਨੇ ਉਨ੍ਹਾਂ ਨੂੰ ਢੁਕਵਾਂ ਜਵਾਬ ਦਿੱਤਾ ਹੈ, ਅਸੀਂ ਉਨ੍ਹਾਂ ਦੀ ਹਿੰਮਤ ਨੂੰ ਸਲਾਮ ਕਰਦੇ ਹਾਂ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੰਦੇ ਹਾਂ। ਇਸ ਮੌਕੇ ਉਦਯੋਗਪਤੀ ਕੇ.ਕੇ ਸਰਦਾਨਾ, ਅਸ਼ੋਕ ਗੁਪਤਾ, ਅਜੀਤ ਸਿੰਘ ਵਾਲੀਆ, ਕਲੱਬ ਸਕੱਤਰ ਰਾਕੇਸ਼ ਸੂਦ, ਇੰਦਰਾ ਪਾਲ ਖੁਰਾਣਾ, ਸਤੀਸ਼ ਜੈਨ, ਨਿਖਿਲ, ਪੰਕਜ ਗੌਤਮ ਸੁਰਿੰਦਰ ਚਾਵਲਾ, ਪੰਕਜ ਚਾਵਲਾ ਕਰਿਆਨਾ ਵਪਾਰੀ ਪ੍ਰਧਾਨ ਸੁਦੇਸ਼ ਕਲੁਚਾ, ਰਜਿੰਦਰ ਸਿੰਘ, ਆਦਿ ਹਾਜ਼ਰ ਸਨ।

# ਕੋਟਲਾ ਨਿਹੰਗ 'ਚ ਮੱਛਰਾਂ ਮੁਕਤ ਮਿਸ਼ਨ: ਸਿਹਤ ਵਿਭਾਗ ਦੀ ਟੀਮ ਮੈਦਾਨ 'ਚ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com

ਰੂਪਨਗਰ, 23 ਮਈ : ਸੀਨੀਅਰ ਮੈਡੀਕਲ ਅਫਸਰ ਡਾ. ਆਨੰਦ ਘਈ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਤਹਿਤ ਪਿੰਡ ਕੋਟਲਾ ਨਿਹੰਗ ਵਿਖੇ ਵੈਕਟਰ ਜਨਿਤ ਬਿਮਾਰੀਆਂ ਜਿਵੇਂ ਕਿ ਡੇਂਗੂ, ਮਲੇਰੀਆ ਅਤੇ ਚਿਕਨਗੁਨਿਆ ਦੇ ਖਿਲਾਫ਼ ਲੋਕਾਂ ਨੂੰ ਜਾਗਰੂਕ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਗਈ।



ਇਹ ਕਾਰਜ ਸੈਨੀਟਰੀ ਇੰਸਪੈਕਟਰ ਵਿਵੇਕ, ਹੈਲਥ ਸੁਪਰਵਾਇਜ਼ਰ ਗੁਰਦਿਆਲ ਕੌਰ, ਹੈਲਥ ਵਰਕਰ ਪ੍ਰਿੰਸ ਵਰਮਾ ਅਤੇ ਹੈਲਥ ਵਰਕਰ ਜਸਵਿੰਦਰ ਕੌਰ ਵੱਲੋਂ ਕੀਤਾ ਗਿਆ। ਟੀਮ ਨੇ ਪਿੰਡ ਵਿੱਚ ਘਰ-ਘਰ ਜਾ ਕੇ ਕੰਟੇਨਰ ਸਰਵੇਅ ਕੀਤਾ ਅਤੇ ਮੱਛਰ ਪੈਦਾ ਹੋਣ ਵਾਲੀਆਂ ਥਾਵਾਂ ਦੀ ਜਾਂਚ ਕੀਤੀ।

ਲੋਕਾਂ ਨੂੰ ਸਮਝਾਇਆ ਗਿਆ ਕਿ ਆਪਣੇ ਘਰਾਂ 'ਚ ਖਾਲੀ ਬਰਤਨ, ਪਾਣੀ ਵਾਲੇ ਕੂਲਰ, ਟੈਂਕੀਆਂ ਆਦਿ ਦੀ ਨਿਯਮਤ ਸਫ਼ਾਈ ਕਰਨੀ ਬਹੁਤ ਜ਼ਰੂਰੀ ਹੈ, ਤਾਂ ਜੋ ਮੱਛਰ ਪੈਦਾ ਨਾ ਹੋਣ। ਟੀਮ ਨੇ ਡੇਂਗੂ, ਮਲੇਰੀਆ ਆਦਿ ਦੇ ਲੱਛਣ, ਕਾਰਣ ਅਤੇ ਬਚਾਅ ਦੇ ਤਰੀਕੇ ਬਾਰੇ ਵੀ ਜਾਣਕਾਰੀ ਦਿੱਤੀ।

ਸੀਨੀਅਰ ਮੈਡੀਕਲ ਅਫ਼ਸਰ ਡਾ. ਆਨੰਦ ਘਈ ਨੇ ਕਿਹਾ ਕਿ ਵੈਕਟਰ ਜਨਿਤ ਬਿਮਾਰੀਆਂ ਦੀ ਰੋਕਥਾਮ ਲਈ ਜਨਤਾ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਇਸ ਤਰ੍ਹਾਂ ਦੀਆਂ ਮੁਹਿੰਮਾਂ ਸਿਰਫ਼ ਸਰਕਾਰੀ ਕੋਸ਼ਿਸ਼ਾਂ ਤੱਕ ਸੀਮਤ ਨਹੀਂ ਰਹਿਣੀਆਂ, ਸਗੋਂ ਹਰੇਕ ਨਾਗਰਿਕ ਨੂੰ ਆਪਣੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਪਿੰਡ ਕੋਟਲਾ ਨਿਹੰਗ ਦੇ ਵਾਸੀਆਂ ਨੇ ਜੋ ਸਹਿਯੋਗ ਦਿੱਤਾ, ਉਹ ਕਾਬਿਲ-ਏ-ਤਾਰੀਫ਼ ਹੈ।

ਇਹ ਮੁਹਿੰਮ ਪਿੰਡ ਵਾਸੀਆਂ ਵੱਲੋਂ ਬਹੁਤ ਹੀ ਸਰਾਹੀ ਗਈ ਅਤੇ ਲੋਕਾਂ ਨੇ ਟੀਮ ਨਾਲ ਭਰਪੂਰ ਸਹਿਯੋਗ ਕੀਤਾ।

# ਬੀਕੇਯੂ ਉਗਰਾਹਾਂ ਵੱਲੋਂ ਖੇਤ ਮਜ਼ਦੂਰਾਂ 'ਤੇ ਜਬਰ ਦੀ ਸਖਤ ਨਿਖੇਧੀ

## ਜ਼ਮੀਨੀ ਹੱਦਬੰਦੀ ਕਾਨੂੰਨ ਲਾਗੂ ਕਰਨ ਦੀ ਮੰਗ: ਉਗਰਾਹਾਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com

ਦਲਜੀਤ ਕੌਰ

ਚੰਡੀਗੜ੍ਹ, 23 ਮਈ, 2025: ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਨੇ ਖੇਤ ਮਜ਼ਦੂਰਾਂ ਦੇ ਸੰਘਰਸ਼ ਕਰਨ ਦੇ ਹੱਕ ਨੂੰ ਕੁਚਲਣ ਦੀ ਸਖ਼ਤ ਨਿੰਦਾ ਕਰਦਿਆਂ ਜੇਲ੍ਹੀਂ ਡੱਕੇ ਖੇਤ ਮਜ਼ਦੂਰਾਂ ਨੂੰ ਫੌਰੀ ਰਿਹਾਅ ਕਰਨ ਅਤੇ ਜ਼ਮੀਨ ਹੱਦਬੰਦੀ ਕਨੂੰਨ ਲਾਗੂ ਕਰਕੇ ਵਾਧੂ ਬਚਦੀ ਜ਼ਮੀਨ ਬੇਜ਼ਮੀਨੇ ਕਿਸਾਨਾਂ ਤੇ ਖੇਤ ਮਜ਼ਦੂਰਾਂ 'ਚ ਵੰਡਣ ਦੀ ਮੰਗ ਕੀਤੀ ਹੈ। ਜਥੇਬੰਦੀ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੇ ਕਿਹਾ ਹੈ ਕਿ ਸੰਗਰੂਰ ਨੇੜੇ ਪਈ ਹੋਈ ਜੀਂਦ ਦੇ ਰਾਜੇ ਦੀ ਜ਼ਮੀਨ ਦੀ ਵੰਡ ਖੇਤ ਮਜ਼ਦੂਰਾਂ ਤੇ ਗਰੀਬ ਕਿਸਾਨਾਂ 'ਚ ਕਰਨ ਦੀ ਮੰਗ ਬਿਲਕੁਲ ਹੱਕੀ ਤੇ ਵਾਜਬ ਮੰਗ ਹੈ। ਇਸ ਮੰਗ ਲਈ ਆਵਾਜ਼ ਉਠਾ ਰਹੇ ਖੇਤ ਮਜ਼ਦੂਰਾਂ ਨੂੰ ਜੇਲ੍ਹੀਂ ਡੱਕਣਾ ਅਨਿਆਂ-ਪੂਰਨ ਤੇ ਦਬਾਊ ਕਾਰਵਾਈ ਹੈ। ਉਨ੍ਹਾਂ ਨੇ ਕਿਹਾ ਹੈ ਕਿ ਪੰਜਾਬ ਅੰਦਰ ਜ਼ਮੀਨੀ ਹੱਦਬੰਦੀ ਕਾਨੂੰਨ ਲਾਗੂ ਨਹੀਂ ਕੀਤਾ ਗਿਆ ਤੇ ਬਹੁਤ ਸਾਰੀ ਫਾਲਤੂ ਜ਼ਮੀਨ ਅਣਵੰਡੀ ਪਈ ਹੈ। ਹਾਕਮ ਸਿਆਸੀ ਪਾਰਟੀਆਂ ਦੇ ਆਗੂਆਂ, ਅਫ਼ਸਰਸ਼ਾਹੀ ਤੇ ਰਾਜ-ਭਾਗ ਵਿੱਚ ਅਸਰ ਰਸੂਖ ਵਾਲੇ ਲੋਕਾਂ ਕੋਲ ਸੈਂਕੜੇ ਏਕੜ ਜ਼ਮੀਨਾਂ ਹਨ, ਜਦ ਕਿ ਦੂਜੇ ਪਾਸੇ ਬੇਜ਼ਮੀਨੇ ਕਿਸਾਨ ਤੇ ਖੇਤ ਮਜ਼ਦੂਰ ਸਿਆੜ ਜ਼ਮੀਨ ਨੂੰ ਤਰਸ ਰਹੇ ਹਨ। ਜ਼ਮੀਨ ਦੀ ਇਹ ਕਾਣੀ ਵੰਡ ਖਤਮ ਕਰਕੇ ਜ਼ਮੀਨੀ ਹੱਦਬੰਦੀ ਕਾਨੂੰਨ ਨੂੰ ਲਾਗੂ ਕਰਦਿਆਂ ਸਾਢੇ ਸਤਾਰਾਂ ਏਕੜ ਤੋਂ ਉੱਪਰ ਜ਼ਮੀਨ ਰੱਖੀ ਬੈਠੇ ਜਗੀਰਦਾਰਾਂ ਦੀ ਜ਼ਮੀਨ ਇਨ੍ਹਾਂ ਬੇਜ਼ਮੀਨੇ ਕਿਰਤੀ ਲੋਕਾਂ ਨੂੰ ਵੰਡੀ ਜਾਣੀ ਚਾਹੀਦੀ ਹੈ। ਜ਼ਮੀਨ ਦੀ ਮੁੜ ਵੰਡ ਕਰਨਾ ਹੀ ਖੇਤੀ ਸੰਕਟ ਦੇ ਹੱਲ ਦਾ ਮੂਲ ਨੁਕਤਾ ਹੈ।



ਉਹਨਾਂ ਕਿਹਾ ਕਿ ਕਾਰਪੋਰੇਟ ਤੇ ਜਗੀਰਦਾਰਾਂ ਤੋਂ ਜ਼ਮੀਨਾਂ ਦੀ ਰਾਖੀ ਦੀ ਲੜਾਈ ਲੜ ਰਹੇ ਕਿਸਾਨਾਂ ਤੇ ਜ਼ਮੀਨ ਪ੍ਰਾਪਤੀ ਲਈ ਆਵਾਜ਼ ਉਠਾ ਰਹੇ ਖੇਤ ਮਜ਼ਦੂਰਾਂ ਦੇ ਹਿਤ ਸਾਂਝੇ ਹਨ। ਪੰਜਾਬ ਦੇ ਗਰੀਬ ਤੇ ਛੋਟੇ ਕਿਸਾਨਾਂ ਦੀਆਂ ਜ਼ਮੀਨਾਂ ਜਗੀਰਦਾਰ ਤੇ ਕਾਰਪੋਰੇਟ ਆਪਣੇ ਹੱਥ 'ਚ ਕਰਨਾ ਚਾਹੁੰਦੇ ਹਨ ਜਦਕਿ ਇਸ ਤੋਂ ਉਲਟ ਜਗੀਰਦਾਰਾਂ ਦੀਆਂ ਫਾਲਤੂ ਜ਼ਮੀਨਾਂ ਖੇਤ ਮਜ਼ਦੂਰਾਂ ਤੇ ਗਰੀਬ ਕਿਸਾਨਾਂ 'ਚ ਵੰਡੀਆਂ ਜਾਣੀਆਂ ਚਾਹੀਦੀਆਂ ਹਨ। ਇਸ ਲਈ ਜ਼ਮੀਨਾਂ ਦੀ ਰਾਖੀ ਤੇ ਜ਼ਮੀਨਾਂ ਦੀ ਪ੍ਰਾਪਤੀ ਲਈ ਖੇਤ ਮਜ਼ਦੂਰਾਂ ਤੇ ਕਿਸਾਨਾਂ ਦੇ ਸਾਂਝੇ ਸੰਘਰਸ਼ ਉਸਾਰਨ ਦੀ ਲੋੜ ਹੈ।

# ਕੀਰਤਪੁਰ ਸਾਹਿਬ 'ਚ "ਹਰ ਸ਼ੁਕਰਵਾਰ ਡੇਂਗੂ 'ਤੇ ਵਾਰ" ਮੁਹਿੰਮ ਜ਼ੋਰਾਂ 'ਤੇ, ਥਾਣਿਆਂ ਦਾ ਦੌਰਾ ਕਰ ਪੁਲਿਸ ਮੁਲਾਜ਼ਮਾਂ ਨੂੰ ਕੀਤਾ ਜਾਗਰੂਕ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com

ਕੀਰਤਪੁਰ ਸਾਹਿਬ (23 ਮਈ, 2025) : ਰੂਪਨਗਰ ਦੇ ਸਿਵਲ ਸਰਜਨ ਡਾ.ਸਵਪਨਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਦੀ ਟੀਮ ਵੱਲੋਂ ਬਲਾਕ ਕੀਰਤਪੁਰ ਸਾਹਿਬ ਅਧੀਨ ਵੱਖ-ਵੱਖ ਪੁਲਿਸ ਥਾਣਿਆਂ ਦਾ ਦੌਰਾ ਕਰਕੇ ਪੁਲਿਸ ਮੁਲਾਜ਼ਮਾਂ ਨੂੰ ਡੇਂਗੂ ਤੋਂ ਬਚਾਅ ਅਤੇ ਇਸ ਦੀ ਰੋਕਥਾਮ ਬਾਰੇ ਜਾਗਰੂਕ ਕੀਤਾ ਗਿਆ। ਇਸ ਦੌਰਨ ਥਾਣੇ ਵਿਚ ਡੇਂਗੂ ਦੇ ਖਦਸ਼ੇ ਵਾਲੀਆਂ ਥਾਂਵਾਂ 'ਤੇ ਦਵਾਈ ਦਾ ਛਿੜਕਾਅ ਵੀ ਕੀਤਾ ਗਿਆ।



ਸੀਨੀਅਰ ਮੈਡੀਕਲ ਅਫ਼ਸਰ ਡਾ. ਜੰਗਜੀਤ ਸਿੰਘ ਨੇ ਦੱਸਿਆ ਕਿ ਡੇਂਗੂ ਦੀ ਰੋਕਥਾਮ ਲਈ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਕੀਰਤਪੁਰ ਸਾਹਿਬ ਵਿਖੇ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ ਹੈ ਜਿਹਨਾਂ ਦੀ ਅਗਵਾਈ ਸੀਨੀਅਰ ਮਲੇਰੀਆ ਇੰਪੈਕਟਰ ਸਿਕੰਦਰ ਸਿੰਘ ਅਤੇ ਹੈਲਥ ਇੰਸਪੈਕਟਰ ਸੁਖਦੀਪ ਸਿੰਘ ਵੱਲੋਂ ਕੀਤੀ ਜਾ ਰਹੀ ਹੈ। ਡਾਕਟਰ ਜੰਗਜੀਤ ਸਿੰਘ ਨੇ ਦੱਸਿਆ ਕਿ ਇਹ ਟੀਮਾਂ ਨਾ ਕੇਵਲ ਘਰਾਂ, ਗਲੀ ਮੁਹੱਲਿਆਂ, ਸਰਕਾਰੀ ਅਤੇ ਨਿੰਜੀ ਇਮਾਰਤਾਂ ਦਾ ਮੁਆਇਨਾ ਕਰ ਰਹੀਆਂ ਹਨ ਸਗੋਂ ਲੋਕਾਂ ਨੂੰ ਡੇਂਗੂ ਦੀ ਰੋਕਥਾਮ ਲਈ ਹਰ ਸ਼ੁਕਰਵਾਰ "ਡ੍ਰਾਈ ਡੇਅ" ਮਨਾਉਣ ਲਈ ਵੀ ਪ੍ਰੇਰਿਤ ਕਰ ਰਹੀਆਂ ਹਨ। ਸੀਨੀਅਰ ਮੈਡੀਕਲ ਅਫ਼ਸਰ ਨੇ ਦੱਸਿਆ ਕਿ ਇਹਨਾਂ ਟੀਮਾਂ ਵੱਲੋਂ ਪੁਲਿਸ ਲਾਈਨ ਅਤੇ ਪੁਲਿਸ ਸਟੇਸ਼ਨਾਂ ਦਾ ਦੌਰਾ ਕੀਤਾ ਗਿਆ ਅਤੇ ਉੱਥੇ ਲੱਗੇ ਕੂਲਰਾਂ ਅਤੇ ਕਬਾੜ ਵਿਚ ਪਏ ਸਮਾਨ ਦਾ ਮੁਆਇਨਾ ਕਰ ਕੇ ਡੇਂਗੂ ਤੋਂ ਬਚਾਅ ਲਈ ਦਵਾਈ ਦਾ ਛਿੜਕਾਅ ਵੀ ਕੀਤਾ ਗਿਆ। ਉਹਨਾਂ ਕਿਹਾ ਕਿ "ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ" ਮੁਹਿੰਮ ਨਾ ਕੇਵਲ ਲੋਕਾਂ ਵਿਚ ਜਾਗਰੂਕਤਾ ਵਧਾਉਣ ਸਗੋਂ ਡੇਂਗੂ ਦਾ ਪ੍ਰਸਾਰ ਰੋਕਣ ਵਿਚ ਵੀ ਮਦਦਗਾਰ ਸਾਬਿਤ ਹੋ ਰਹੀ ਹੈ।

ਬਲਾਕ ਐਜੂਕੇਟਰ ਰਤਿਕਾ ਓਬਰਾਏ ਨੇ ਦੱਸਿਆ ਕਿ ਐੱਸ.ਐੱਮ.ਆਈ ਸਿਕੰਦਰ ਸਿੰਘ ਅਤੇ ਹੈਲਥ ਇੰਸਪੈਕਟਰ ਸੁਖਦੀਪ ਸਿੰਘ ਦੀ ਅਗਵਾਈ ਵਾਲੀ ਟੀਮ ਵਿਚ ਮਲਟੀਪਰਪਜ਼ ਹੈਲਥ ਵਰਕਰ ਕੁਲਵਿੰਦਰ ਸਿੰਘ ਤੋਂ ਇਲਾਵਾ ਨਗਰ ਪੰਚਾਇਤ ਦੇ ਮੁਲਾਜ਼ਮ ਸੁੱਚਾ ਸਿੰਘ, ਗੁਰਦੀਪ ਸਿੰਘ ਅਤੇ ਰਾਜੇਸ਼ ਕੁਮਾਰ ਵੀ ਸ਼ਾਮਲ ਸਨ।

# ਡਾ. ਰਾਜਕੁਮਾਰ ਚੱਬੇਵਾਲ ਤੇ 'ਆਪ' ਆਗੂਆਂ ਨੇ ਕੀਤਾ ਰਾਏਪੁਰ ਡੱਬਾ ਅਕੈਡਮੀ ਦਾ ਦੌਰਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com

ਫਗਵਾੜਾ 23 ਮਈ (ਸ਼ਿਵ ਕੌੜਾ) ਲੋਕਸਭਾ ਹਲਕਾ ਹੁਸ਼ਿਆਰਪੁਰ ਤੋਂ ਆਮ ਆਦਮੀ ਪਾਰਟੀ ਦੇ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ ਨੇ ਰਾਏਪੁਰ ਡੱਬਾ ਓਲੰਪਿਕ ਰੈਸਲਿੰਗ ਅਕੈਡਮੀ ਪਰਮ ਨਗਰ ਫਗਵਾੜਾ ਦਾ ਦੌਰਾ ਕੀਤਾ। ਉਹਨਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸ ਪਰਸਨ ਹਰਨੂਰ ਸਿੰਘ ਮਾਨ, ਸ਼ਹਿਰ ਦੇ ਮੇਅਰ ਰਾਮਪਾਲ ਉੱਪਲ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਰਨੈਲ ਨੰਗਲ, ਨਿਗਮ ਦੇ ਡਿਪਟੀ ਮੇਅਰ ਵਿੱਕੀ ਸੂਦ ਵੀ ਸਨ। ਅਕੈਡਮੀ ਦੇ ਸੰਚਾਲਕ ਅਤੇ ਸਾਬਕਾ ਅੰਤਰਰਾਸ਼ਟਰੀ ਰੈਸਲਿੰਗ ਕੋਚ ਪੀ.ਆਰ. ਸੌਂਧੀ ਨੇ ਡਾ. ਚੱਬੇਵਾਲ ਅਤੇ ਸਮੂਹ ਆਪ ਆਗੂਆਂ ਨੂੰ





ਅਕੈਡਮੀ 'ਚ ਪਹਿਲਵਾਨਾਂ ਲਈ ਟ੍ਰੇਨਿੰਗ ਦੇ ਕੀਤੇ ਪ੍ਰਬੰਧਾ ਬਾਰੇ ਵਿਸਥਾਰ ਨਾਲ ਦੱਸਿਆ। ਉਹਨਾਂ ਪਹਿਲਵਾਨਾਂ ਵਲੋਂ ਸੂਬੇ ਅਤੇ ਕੌਮੀ ਪੱਧਰ 'ਤੇ ਜਿੱਤੇ ਮੈਡਲਾਂ ਬਾਰੇ ਵੀ ਜਾਣੂ ਕਰਵਾਇਆ। ਇਸ ਦੌਰਾਨ ਉਹਨਾਂ ਨੇ ਮੰਗ ਕੀਤੀ ਕਿ ਪਹਿਲਵਾਨਾਂ ਦੇ ਅਖਾੜੇ ਲਈ ਸਰਕਾਰੀ ਤੌਰ ਤੇ ਜਗ੍ਹਾ ਦਾ ਪ੍ਰਬੰਧ ਕਰਕੇ ਦਿੱਤਾ ਜਾਵੇ। ਅਕੈਡਮੀ 'ਚ ਪੱਕੇ ਤੌਰ ਤੇ ਕੋਚ ਦੀ ਨਿਯੁਕਤੀ ਕਰਵਾਈ ਜਾਵੇ ਅਤੇ ਪਹਿਲਵਾਨਾਂ ਦੀ ਸਹੂਲਤ ਲਈ ਗੱਦਿਆਂ ਦਾ ਪ੍ਰਬੰਧ ਵੀ ਪੰਜਾਬ ਸਰਕਾਰ ਵਲੋਂ ਕਰਵਾਇਆ ਜਾਵੇ। ਪੀ.ਆਰ. ਸੌਂਧੀ ਨੇ ਦੱਸਿਆ ਕਿ ਉਹਨਾਂ ਦੀ ਅਕੈਡਮੀ ਦੇ ਪਹਿਲਵਾਨ ਵੱਖ ਵੱਖ ਵਰਗਾਂ 'ਚ ਜਿਲ੍ਹਾ ਅਤੇ ਰਾਜ ਪੱਧਰ 'ਤੇ ਚੈਂਪੀਅਨਸ਼ਿਪ ਜਿੱਤ 'ਚ ਸਫਲ ਰਹੇ ਹਨ। ਕੌਮੀ ਪੱਧਰ ਤੇ ਵੀ ਕਈ ਗੋਲਡ ਮੈਡਲ ਜਿੱਤੇ ਹਨ। ਉਹਨਾਂ ਹੋਣਹਾਰ ਪਹਿਲਵਾਨਾਂ ਨੂੰ ਸਰਕਾਰ ਵਲੋਂ ਹਰ ਸੰਭਵ ਸਹਾਇਤਾ ਦੇਣ ਦੀ ਮੰਗ ਵੀ ਕੀਤੀ ਤਾਂ ਜੋ ਉਹ ਅੰਤਰ-ਰਾਸ਼ਟਰੀ ਪੱਧਰ 'ਤੇ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣ। ਇਸ ਦੌਰਾਨ ਸ਼ਿੰਗਾਰਾ ਸਿੰਘ ਪਹਿਲਵਾਨ ਦੇ ਪਿਤਾ ਐਨ.ਆਰ.ਆਈ. ਹਰਭਜਨ ਸਿੰਘ ਢੇਸੀ ਕਨੇਡਾ ਵਲੋਂ ਅਕੈਡਮੀ ਦੇ ਪਹਿਲਵਾਨਾਂ ਨੂੰ ਬਦਾਮ ਅਤੇ ਭੁਪਿੰਦਰ ਸਿੰਘ ਸਿਆਣ ਲੁਧਿਆਣਾ ਪ੍ਰਬੰਧਕ ਮੰਨਨਹਾਣਾ ਕੁਸ਼ਤੀ ਦੰਗਲ ਵਲੋਂ ਟੀ-ਸ਼ਰਟਾਂ ਵੰਡੀਆਂ ਗਈਆਂ। ਡਾ. ਚੱਬੇਵਾਲ ਨੇ ਅਕੈਡਮੀ ਦੇ ਸੰਚਾਲਕਾਂ ਨੂੰ ਭਰੋਸਾ ਦਿੱਤਾ ਕਿ ਉਹ ਹਰ ਸੰਭਵ ਸਰਕਾਰੀ ਮੱਦਦ ਦੁਆਉਣ ਦਾ ਯਤਨ ਕਰਨਗੇ। ਹਰਨੂਰ ਸਿੰਘ ਮਾਨ ਨੇ ਕੋਚ ਦੀ ਪੱਕੀ ਨਿਯੁਕਤੀ ਕਰਵਾਉਣ ਦਾ ਭਰੋਸਾ ਦਿੱਤਾ। ਅਕੈਡਮੀ ਵਲੋਂ ਡਾ. ਚੱਬੇਵਾਲ ਅਤੇ ਉਹਨਾਂ ਦੇ ਸਾਥੀਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਜਸਪਾਲ ਸਿੰਘ ਪੀ.ਏ., ਸਿਟੀ ਕੇਬਲ ਦੇ ਡਾਇਰੈਕਟਰ ਐਚ.ਐਸ. ਬਸਰਾ, ਕੋਚ ਸਾਜਨ ਰਾਜਪੂਤ, ਕੋਚ ਰਵਿੰਦਰ ਨਾਥ, ਬਲਵੀਰ ਕੁਮਾਰ, ਬੀ.ਐਸ. ਬਾਗਲਾ, ਸਲਵਿੰਦਰ ਸਿੰਘ ਜੱਸੀ, ਬਿਸ਼ੰਭਰ ਦਾਸ, ਸ਼ੰਮੀ ਪਹਿਲਵਾਨ, ਸਨੀ ਲੋਹਾਰਾਂ, ਰੀਤ ਪ੍ਰੀਤ ਪਾਲ ਸਿੰਘ ਪ੍ਰੈਸ ਸਕੱਤਰ ਪੰਜਾਬ ਰੈਸਲਿੰਗ ਐਸੋਸੀਏਸ਼ਨ, ਹਰਮੇਸ਼ ਲਾਲ ਆਦਿ ਹਾਜਰ ਸਨ।

# ਭਾਰਤ ਅਗਲੇ ਮਹੀਨੇ ਪਾਕਿਸਤਾਨ ਨੂੰ ਵਿਸ਼ਵ ਬੈਂਕ ਦੀ ਫੰਡਿੰਗ ਦਾ ਵਿਰੋਧ ਕਰੇਗਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com

ਭਾਰਤ ਅਗਲੇ ਮਹੀਨੇ ਪਾਕਿਸਤਾਨ ਨੂੰ ਵਿਸ਼ਵ ਬੈਂਕ ਵਲੋਂ ਦਿਤੀ ਜਾਣ ਵਾਲੀ ਫੰਡਿੰਗ ਦਾ ਵਿਰੋਧ ਕਰੇਗਾ, ਜਿਵੇਂ ਕਿ ਉਸ ਨੇ ਕੌਮਾਂਤਰੀ ਮੁਦਰਾ ਫੰਡ (ਆਈ.ਐੱਮ.ਐੱਫ.) ਦੇ ਮਾਮਲੇ 'ਚ ਕੀਤਾ ਸੀ ਅਤੇ ਦਲੀਲ ਦਿਤੀ ਸੀ ਕਿ ਇਸਲਾਮਾਬਾਦ ਨੇ ਪਹਿਲਾਂ ਵੀ ਹਥਿਆਰਾਂ ਅਤੇ ਗੋਲਾ-ਬਾਰੂਦ ਦੀ ਖਰੀਦ ਲਈ ਅਜਿਹੇ ਫੰਡਾਂ ਦੀ ਵਰਤੋਂ ਕੀਤੀ ਹੈ।

ਸੂਤਰ ਨੇ ਕਿਹਾ ਕਿ ਵਿਕਾਸਸ਼ੀਲ ਦੇਸ਼ਾਂ ਨੂੰ ਬਹੁਪੱਖੀ ਏਜੰਸੀਆਂ ਦੀ ਫੰਡਿੰਗ ਗਰੀਬੀ ਹਟਾਉਣ ਅਤੇ ਵਿਕਾਸ ਦੇ ਟੀਚਿਆਂ ਲਈ ਹੁੰਦੀ ਹੈ ਪਰ ਪਾਕਿਸਤਾਨ ਦਾ ਰੀਕਾਰਡ ਫੌਜੀ ਉਦੇਸ਼ਾਂ ਲਈ ਇਨ੍ਹਾਂ ਦੀ ਦੁਰਵਰਤੋਂ ਕਰਨ ਦਾ ਰਿਹਾ ਹੈ।

ਵਿਸ਼ਵ ਬੈਂਕ ਇਸ ਸਾਲ ਜਨਵਰੀ ਵਿਚ ਸਹਿਮਤ ਕੰਟਰੀ ਪਾਰਟਨਰਸ਼ਿਪ ਫਰੇਮਵਰਕ ਦੇ ਤਹਿਤ ਪਾਕਿਸਤਾਨ ਨੂੰ ਦਿਤੇ ਗਏ 20 ਅਰਬ ਡਾਲਰ ਦੇ ਕਰਜ਼ੇ ਦੀ ਅਗਲੇ ਮਹੀਨੇ ਸਮੀਖਿਆ ਕਰ ਸਕਦਾ ਹੈ। ਨਕਦੀ ਦੀ ਕਮੀ ਨਾਲ ਜੂਝ ਰਹੇ ਪਾਕਿਸਤਾਨ ਨੂੰ ਇਹ




ਫੰਡ 2026 ਤੋਂ ਸ਼ੁਰੂ ਹੋਣ ਵਾਲੇ 10 ਸਾਲਾਂ ਦੀ ਮਿਆਦ ਲਈ ਸਵੱਛ ਊਰਜਾ ਅਤੇ ਜਲਵਾਯੂ ਲਚਕੀਲੇਪਣ ਸਮੇਤ ਖੇਤਰਾਂ ਲਈ ਸੀ। (ਪੀਟੀਆਈ)

# ਵੋਟਰਾਂ ਨੂੰ ਵੱਡੀ ਰਾਹਤ, ਪੋਲਿੰਗ ਸਟੇਸ਼ਨਾਂ 'ਤੇ ਮੋਬਾਈਲ ਫੋਨ ਜਮ੍ਹਾਂ ਕਰਵਾਉਣ ਦੀ ਸਹੂਲਤ ਦੇਵੇਗਾ ਚੋਣ ਕਮਿਸ਼ਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 9463601616
hardipchumber57@gmail.com

ਵੋਟਰਾਂ ਨੂੰ ਵੱਡੀ ਰਾਹਤ ਦਿੰਦੇ ਹੋਏ ਚੋਣ ਕਮਿਸ਼ਨ ਨੇ ਸ਼ੁਕਰਵਾਰ ਨੂੰ ਕਿਹਾ ਕਿ ਉਹ ਪੋਲਿੰਗ ਸਟੇਸ਼ਨਾਂ 'ਤੇ ਮੋਬਾਈਲ ਫੋਨ ਜਮ੍ਹਾ ਕਾਊਂਟਰ ਸਥਾਪਤ ਕਰੇਗਾ। ਪਹਿਲਾਂ ਵੋਟ ਪਾਉਣ ਜਾਣ ਵਾਲੇ ਕਈ ਵੋਟਰ ਅਪਣੇ ਫੋਨ ਵੋਟਿੰਗ ਕੇਂਦਰਾਂ ਤੋਂ ਬਾਹਰ ਰਖਣੇ ਪੈਂਦੇ ਸਨ, ਕਿਉਂਕਿ ਇਸ ਨੂੰ ਜਮ੍ਹਾਂ ਕਰਵਾਉਣ ਦੀ ਸਹੂਲਤ ਨਹੀਂ ਹੁੰਦੀ ਸੀ।

ਚੋਣ ਕਮਿਸ਼ਨ ਨੇ ਚੋਣਾਂ ਦੇ ਦਿਨ ਪ੍ਰਬੰਧਨ ਨੂੰ ਤਰਕਸੰਗਤ ਬਣਾਉਣ ਲਈ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਪੋਲਿੰਗ ਸਟੇਸ਼ਨ ਦੇ ਦਰਵਾਜ਼ੇ ਤੋਂ 100 ਮੀਟਰ ਦੀ ਦੂਰੀ 'ਤੇ ਅਣਅਧਿਕਾਰਤ ਵੋਟਰ ਪਛਾਣ ਪਰਚੀਆਂ ਵੰਡਣ ਲਈ ਬੂਥ ਸਥਾਪਤ ਕਰਨ ਦੀ ਇਜਾਜ਼ਤ ਦੇਣ ਦਾ ਵੀ ਫੈਸਲਾ ਕੀਤਾ ਹੈ। ਹੁਣ ਤਕ ਇਹ ਹੱਦ ਪੋਲਿੰਗ ਸਥਾਨ ਤੋਂ 200 ਮੀਟਰ ਦੀ ਦੂਰੀ 'ਤੇ ਸੀ। ਇਹ ਦੋਵੇਂ ਪ੍ਰਮੁੱਖ ਸੁਧਾਰ ਪਹਿਲਾਂ ਬਿਹਾਰ 'ਚ ਲਾਗੂ ਕੀਤੇ ਜਾਣਗੇ, ਜਿੱਥੇ ਇਸ ਸਾਲ ਦੇ ਅਖੀਰ 'ਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ।

# ਪਿੰਡਾਂ ਦੇ ਵਿਕਾਸ ਤੇ ਲੋਕਾਂ ਦੀਆਂ ਸ਼ਿਕਾਇਤਾਂ ਸੁਲਝਾਉਣ ਲਈ ਸਹਾਈ ਸਾਬਤ ਹੋ ਰਹੀਆਂ ਲੋਕ ਮਿਲਣੀਆਂ-ਮੁੱਖ ਮੰਤਰੀ

## ਮੁੱਖ ਮੰਤਰੀ ਨੇ ਭੁੱਲਰਹੇੜੀ, ਭਲਵਾਨ, ਧੂਰਾ, ਭੱਦਲਵੱਡ ਅਤੇ ਪਲਾਸੌਰ ਦੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ, ਬੁਨਿਆਦੀ ਢਾਂਚੇ ਸਬੰਧੀ ਕਈ ਪ੍ਰਾਜੈਕਟ ਲੋਕਾਂ ਨੂੰ ਕੀਤੇ ਸਮਰਪਿਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਧੂਰੀ (ਸੰਗਰੂਰ), 22 ਮਈ, 2025: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪਿੰਡਾਂ ਵਿੱਚ ਲੋਕ ਮਿਲਣੀਆਂ ਦਾ ਉਦੇਸ਼ ਵਿਕਾਸ ਗਤੀ ਵਿੱਚ ਤੇਜ਼ੀ ਲਿਆਉਣ ਅਤੇ ਪੇਂਡੂ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਵੱਧ ਤੋਂ ਵੱਧ ਸਹੂਲਤ ਪ੍ਰਦਾਨ ਕਰਨਾ ਹੈ।

ਅੱਜ ਇੱਥੇ ਭੁੱਲਰਹੇੜੀ, ਭਲਵਾਨ, ਧੂਰਾ, ਭੱਦਲਵੱਡ ਅਤੇ ਪਲਾਸੌਰ ਪਿੰਡਾਂ ਦੀਆਂ ਪੰਚਾਇਤਾਂ ਤੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੇਂਡੂ ਇਲਾਕੇ ਦੇ ਵਿਕਾਸ ਨੂੰ ਹੋਰ ਹੁਲਾਰਾ ਦੇਣ ਲਈ ਪਿੰਡਾਂ ਦਾ ਸਰਬਪੱਖੀ ਵਿਕਾਸ ਕਰਨਾ ਸਮੇਂ ਦੀ ਲੋੜ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪਹਿਲਾਂ ਹੀ ਜਨਤਕ ਭਲਾਈ ਨੂੰ ਯਕੀਨੀ ਬਣਾਉਣ ਅਤੇ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਵਿਆਪਕ ਕਾਰਜ ਆਮ ਲੋਕਾਂ ਦੇ ਸਰਗਰਮ ਸਹਿਯੋਗ ਤੋਂ ਬਿਨਾਂ ਸੰਭਵ ਨਹੀਂ ਹੋ ਸਕਦਾ।



ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਸੂਬੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਨਿਯਮਤ ਤੌਰ 'ਤੇ ਨਿਗਰਾਨੀ ਰੱਖਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਕੰਮ ਦੀ ਗੁਣਵੱਤਾ ਵਿੱਚ ਸੁਧਾਰ ਹੋਵੇਗਾ। ਉਨ੍ਹਾਂ ਨੇ ਪੰਚਾਇਤੀ ਨੁਮਾਇੰਦਿਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਸਬੰਧੀ ਸੂਬਾ ਸਰਕਾਰ ਦੇ ਠੋਸ ਯਤਨਾਂ ਨੂੰ ਉਨ੍ਹਾਂ ਦੀ ਸਹਾਇਤਾ ਅਤੇ ਮਾਰਗਦਰਸ਼ਨ ਨਾਲ ਸਫਲ ਬਣਾਇਆ ਜਾਵੇ। ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਜ਼ਮੀਨੀ ਹਕੀਕਤਾਂ ਤੋਂ ਜਾਣੂ ਕਰਵਾਉਣ ਲਈ ਵਾਰ-ਵਾਰ ਖੇਤਰੀ ਦੌਰੇ ਕਰਨ ਲਈ ਵੀ ਕਿਹਾ ਤਾਂ ਜੋ ਪਿੰਡਾਂ ਦੇ ਵਿਕਾਸ ਨੂੰ ਵਿਆਪਕ ਪੱਧਰ 'ਤੇ ਹੁਲਾਰਾ ਦਿੱਤਾ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੀ ਬਹੁਗਿਣਤੀ ਪਿੰਡਾਂ ਵਿੱਚ ਰਹਿੰਦੀ ਹੈ, ਇਸ ਲਈ ਸੂਬਾ ਸਰਕਾਰ ਪਿੰਡਾਂ ਵਿੱਚ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪਿੰਡਾਂ ਦੇ ਲੋਕਾਂ ਲਈ ਸ਼ਹਿਰਾਂ ਵਰਗੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀ ਕਿਸੇ ਵੀ ਸਰਕਾਰ ਨੇ ਪਿੰਡ ਵਾਸੀਆਂ ਨਾਲ ਅਜਿਹੀਆਂ ਲੋਕ ਮਿਲਣੀਆਂ ਕਰਵਾਉਣ ਦੀ ਖੇਚਲ ਨਹੀਂ ਕੀਤੀ ਕਿਉਂਕਿ ਉਹ ਉਨ੍ਹਾਂ ਲੋਕਾਂ ਨੂੰ ਮਿਲਣਾ ਹੀ ਨਹੀਂ ਚਾਹੁੰਦੇ ਸਨ ਜਿਨ੍ਹਾਂ ਨੇ ਉਨ੍ਹਾਂ ਨੂੰ ਸੱਤਾ ਵਿੱਚ ਲਿਆਂਦਾ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਅਜਿਹੇ ਸਮਾਗਮ ਕਰਵਾਉਣ ਦਾ ਇੱਕੋ-ਇੱਕ ਉਦੇਸ਼ ਸੂਬੇ ਅਤੇ ਖਾਸ ਕਰਕੇ ਪਿੰਡਾਂ ਦੇ ਚੱਲ ਰਹੇ ਵਿਕਾਸ ਨੂੰ ਹੋਰ ਹੁਲਾਰਾ ਦੇਣ ਲਈ ਰੂਪ-ਰੇਖਾ ਤਿਆਰ ਕਰਨਾ ਹੈ। ਪੇਂਡੂ ਖੇਤਰਾਂ ਦੇ ਵਿਆਪਕ ਵਿਕਾਸ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਇਸ ਕਾਰਜ ਨੂੰ ਪੂਰਾ ਕਰਨ ਲਈ ਪਹਿਲਾਂ ਹੀ ਕਈ ਪ੍ਰੋਜੈਕਟਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਭਗਵੰਤ ਸਿੰਘ ਮਾਨ ਨੇ ਵਿਕਾਸ ਦੀ ਗਤੀ ਨੂੰ ਹੋਰ ਤੇਜ਼ ਕਰਨ ਲਈ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਾਸਤੇ ਆਮ ਲੋਕਾਂ ਦੇ ਸਹਿਯੋਗ ਦੀ ਮੰਗ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਧੂਰੀ ਬਲਾਕ ਦੇ ਪੰਜ ਪਿੰਡਾਂ ਭੁੱਲਰਹੇੜੀ, ਭਲਵਾਨ, ਪਲਾਸੌਰ, ਧੂਰਾ ਅਤੇ ਭੱਦਲਵੱਡ ਵਿੱਚ ਕੁੱਲ 196 ਵਿਕਾਸ ਕਾਰਜਾਂ ਲਈ 15.61 ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ 9.90 ਕਰੋੜ ਰੁਪਏ ਦੀ ਲਾਗਤ ਵਾਲੇ 115 ਕੰਮ ਮੁਕੰਮਲ ਹੋ ਚੁੱਕੇ ਹਨ, ਜਦੋਂ ਕਿ 5.71 ਕਰੋੜ ਰੁਪਏ ਦੀ ਲਾਗਤ ਵਾਲੇ 81 ਕੰਮ ਪ੍ਰਗਤੀ ਅਧੀਨ ਹਨ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਇਨ੍ਹਾਂ ਪੰਜ ਪੰਚਾਇਤਾਂ ਦੀ ਮੰਗ ਦੇ ਆਧਾਰ 'ਤੇ 24 ਹੋਰ ਵਿਕਾਸ ਕਾਰਜਾਂ ਲਈ 15.65 ਕਰੋੜ ਰੁਪਏ ਦੀ ਹੋਰ ਗ੍ਰਾਂਟ ਜਾਰੀ ਕੀਤੀ ਗਈ ਹੈ।

# ਨਸ਼ਾ ਮੁਕਤੀ ਯਾਤਰਾ ਤਹਿਤ ਸਿਰਜਿਆ ਜਾ ਰਿਹਾ ਹੈ ਨਸ਼ਾ ਮੁਕਤ ਪੰਜਾਬ: ਬਰਿੰਦਰ ਕੁਮਾਰ ਗੋਇਲ

## ਕੈਬਨਿਟ ਮੰਤਰੀ ਵੱਲੋਂ ਹਲਕਾ ਲਹਿਰਾ ਦੇ ਵੱਖ ਵੱਖ ਪਿੰਡਾਂ ਵਿੱਚ ਡਿਫੈਂਸ ਕਮੇਟੀਆਂ ਨਾਲ ਮੀਟਿੰਗਾਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਲਹਿਰਾ, 22 ਮਈ, 2025: ਮੁੱਖ ਮੰਤਰੀ, ਪੰਜਾਬ, ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ ਗੁਰਨੇ ਖੁਰਦ, ਗੁਰਨੇ ਕਲਾਂ, ਬਖੋਰਾ ਖੁਰਦ, ਬਖੋਰਾ ਕਲਾਂ ਵਿਖੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਅਗਵਾਈ ਵਿੱਚ ਡਿਫੈਂਸ ਕਮੇਟੀਆਂ ਨਾਲ ਮੀਟਿੰਗਾਂ ਦੌਰਾਨ ਨਸ਼ਿਆਂ ਖਿਲਾਫ ਮਿਲ ਕੇ ਜੰਗ ਲੜਨ ਦਾ ਪ੍ਰਣ ਲਿਆ ਗਿਆ।

ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਸੂਬਾ ਸਰਕਾਰ ਦੀ ਇਹ ਅਜਿਹੀ ਪਹਿਲ ਕਦਮੀ ਹੈ, ਜਿਸ ਨਾਲ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਖਾਤਮਾ ਕਰਨ ਵਿੱਚ ਵੱਡੇ ਪੱਧਰ ਉੱਤੇ ਮਦਦ ਮਿਲ ਰਹੀ ਹੈ। ਉਹਨਾਂ ਨੇ ਪਿੰਡਾਂ ਦੀਆਂ ਡਿਫੈਂਸ ਕਮੇਟੀਆਂ ਨੂੰ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਅਤੇ ਪਿੰਡ ਵਾਸੀਆਂ ਨੂੰ ਨਿਰੰਤਰ ਨਸ਼ੇ ਖਿਲਾਫ ਲੜੀ ਜਾ ਰਹੀ ਜੰਗ ਵਿੱਚ ਇੱਕਜੁੱਟ ਹੋ ਕੇ ਸਰਕਾਰ ਦਾ ਸਹਿਯੋਗ ਦੇਣ ਲਈ ਪ੍ਰੇਰਤ ਕੀਤਾ ਜਾਵੇ।



ਸ਼੍ਰੀ ਗੋਇਲ ਨੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਹਨਾਂ ਨੂੰ ਸਰਕਾਰੀ ਨਸ਼ਾ ਛੁਡਾਉ ਕੇਂਦਰਾਂ ਵਿੱਚ ਲਿਆਂਦਾ ਜਾਵੇ। ਉਹਨਾਂ ਨੇ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਹਰੇਕ ਨਾਗਰਿਕ ਤੱਕ ਸਿੱਧੀ ਪਹੁੰਚ ਨੂੰ ਯਕੀਨੀ ਬਣਾਉਣ ਲਈ ਨਸ਼ਾ ਮੁਕਤੀ ਯਾਤਰਾ ਆਰੰਭ ਕੀਤੀ ਗਈ ਹੈ ਤਾਂ ਜੋ ਲੋਕਾਂ ਤੋਂ ਸਿੱਧੀ ਫੀਡਬੈਕ ਲੈ ਕੇ ਨਸ਼ਿਆਂ ਦੀ ਸਪਲਾਈ ਲਾਈਨ ਖਤਮ ਕੀਤੀ ਜਾ ਸਕੇ ਅਤੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਦਾ ਮੁਫਤ ਅਤੇ ਢੁਕਵਾਂ ਇਲਾਜ ਕਰਵਾਇਆ ਜਾ ਸਕੇ।

ਉਹਨਾਂ ਕਿਹਾ ਕਿ ਸੂਬੇ ਦੀ ਨੌਜਵਾਨੀ ਨੂੰ ਹੁਣ ਨਸ਼ਿਆਂ ਦੇ ਦਲਦਲ ਵਿੱਚੋਂ ਨਿਕਲ ਰਹੀ ਹੈ ਅਤੇ ਪੰਜਾਬ ਮੁੜ ਤੋਂ ਸਿਹਤਮੰਦ ਪੰਜਾਬ ਬਣਨ ਵੱਲ ਵਧ ਰਿਹਾ ਹੈ। ਉਹਨਾਂ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਹੁਣ ਕਿਸੇ ਦੀ ਵੀ ਸਿਆਸੀ ਸ਼ੈਅ ਨਹੀਂ ਹੈ। ਸਰਕਾਰ ਨੇ ਪੁਲਿਸ ਵਿਭਾਗ ਅਤੇ ਹੋਰ ਸਬੰਧਤ ਵਿਭਾਗਾਂ ਨੂੰ ਹਦਾਇਤ ਹੈ ਕਿ ਨਸ਼ਿਆਂ ਦਾ ਵਪਾਰੀ ਭਾਵੇਂ ਕਿਸੇ ਵੀ ਪਰਿਵਾਰ ਨਾਲ ਸਬੰਧ ਰੱਖਦਾ ਹੋਵੇ, ਉਸ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ।

ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ, ਡਿਫੈਂਸ ਕਮੇਟੀਆਂ ਦੇ ਮੈਂਬਰ, ਪੰਚ ਸਰਪੰਚ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

# ਜੈਵਿਕ ਵਿਭਿੰਨਤਾ ਦੀ ਸੰਭਾਲ ਸਬੰਧੀ ਜਾਗਰੂਕਤਾ ਸਮਾਗਮ ਕਰਵਾਇਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਮਹਿਲਾ ਚੌਂਕ, 23 ਮਈ (ਜਗਸੀਰ ਲੌਂਗੋਵਾਲ)- ਕੌਮੀ ਸੇਵਾ ਯੋਜਨਾ ਇਕਾਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਚੌਂਕ ਵੱਲੋਂ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਬਾਇਓ ਡਾਈਵਰਸਿਟੀ ਅਥਾਰਟੀ ਆਫ ਇੰਡੀਆ ਅਤੇ ਪੰਜਾਬ ਬਾਇਓ ਡਾਈਵਰਸਟੀ ਬੋਰਡ ਦੇ ਸਹਿਯੋਗ ਨਾਲ ਪ੍ਰਿੰਸੀਪਲ ਨਵਰਾਜ ਕੌਰ ਦੀ ਅਗਵਾਈ ਵਿਚ ਜੈਵਿਕ ਵਿਭਿੰਨਤਾ ਸੰਭਾਲ ਦਿਵਸ ਮਨਾਉਣ ਸਬੰਧੀ ਜਾਗਰੂਕਤਾ ਸਮਾਗਮ ਕਰਵਾਇਆ ਗਿਆ । ਸਮਾਗਮ ਦਾ ਮੁੱਖ ਮੰਤਵ "ਕੁਦਰਤ ਨਾਲ ਸਾਂਝ ਅਤੇ ਸਥਾਈ ਵਿਕਾਸ " ਬੈਨਰ ਹੇਠ ਵਿਦਿਆਰਥੀਆਂ ਨੂੰ ਆਪਣੇ ਆਲੇ ਦੁਆਲੇ ਮੌਜੂਦ ਜੀਵਾਂ ਪ੍ਰਤੀ ਪਿਆਰ ਤੇ ਸੇਵਾ ਦੀ ਭਾਵਨਾ ਪੈਦਾ ਕਰਕੇ ਇਹਨਾਂ ਦੀ ਸਾਂਭ ਸੰਭਾਲ ਤੇ ਹਿਫ਼ਾਜ਼ਤ ਲਈ ਪ੍ਰੇਰਿਤ ਕਰਨਾ ਸੀ। ਵਿਸ਼ਵ ਦੇ ਕੁੱਲ ਜੀਵ ਜੰਤੂਆਂ ਦੀ ਸੁਰੱਖਿਆ ਨੂੰ ਸਮਰਪਿਤ ਇਸ ਸਮਾਗਮ ਦੌਰਾਨ ਵਿਦਿਆਰਥੀਆਂ ਅਤੇ ਵਲੰਟੀਅਰਾਂ ਨੇ ਜੰਗਲਾਂ,ਧਰਤੀ, ਵਾਤਾਵਰਨ ਅਤੇ ਵਧ ਰਹੇ ਪ੍ਰਦੂਸ਼ਣ, ਜੀਵਾਂ ਦੀਆਂ ਖਤਮ ਹੋ ਰਹੀਆਂ ਪ੍ਰਜਾਤੀਆਂ,ਗਲੋਬਲ ਵਾਰਮਿੰਗ ਵਰਗੇ ਮਹੱਤਵਪੂਰਨ ਵਿਸ਼ਿਆਂ ਤੇ ਆਪਣੇ ਵਿਚਾਰ,ਗੀਤ, ਕਵਿਤਾਵਾਂ ਪੇਸ਼ ਕਰਕੇ ਸੰਸਾਰ ਵਿੱਚ ਹਰ ਇੱਕ ਜੀਵ, ਜੰਤੂ, ਪੌਦਿਆਂ ਦੀ ਸੰਭਾਲ ਬਾਰੇ ਚਾਨਣਾ ਪਾਇਆ। ਪ੍ਰੋਗਰਾਮ ਅਫਸਰ ਪਰਮਿੰਦਰ ਕੁਮਾਰ ਲੌਂਗੋਵਾਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੈਵਿਕ ਵਿਭਿੰਨਤਾ ਦੀ ਸੰਭਾਲ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਵਧਦੀ ਆਬਾਦੀ ਕਾਰਨ ਸਾਡੀਆਂ ਭੋਜਨ ਨਾਲ ਸਬੰਧਤ ਲੋੜਾਂ ਵੀ ਵਧ ਰਹੀਆਂ ਹਨ ਤੇ ਜੰਗਲਾਂ ਹੇਠਲਾ ਰਕਬਾ ਲਗਾਤਾਰ ਘੱਟ ਰਿਹਾ ਹੈ ਜਿਸ ਦਾ ਸਿੱਧਾ ਪ੍ਰਭਾਵ ਜੈਵਿਕ ਵਿਭਿੰਨਤਾ ਉੱਪਰ ਪੈ ਰਿਹਾ ਹੈ ਜਿਸ ਸਬੰਧੀ ਸਾਨੂੰ ਜਾਗਰੂਕ ਹੋਣਾ ਪਵੇਗਾ। ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਰਾਜੇਸ਼ ਕੁਮਾਰ ਲੈਕਚਰਾਰ ਹਿਸਟਰੀ, ਕਰਨੈਲ ਸਿੰਘ ਸਾਇੰਸ ਮਾਸਟਰ, ਗੁਰਦੀਪ ਸਿੰਘ ਲੈਕਚਰਾਰ ਪੰਜਾਬੀ,ਲਖਬੀਰ ਸਿੰਘ ਲੈਕਚਰਾਰ ਕੈਮਿਸਟਰੀ,ਮੈਡਮ ਸੁਖਵਿੰਦਰ ਕੌਰ ਮਡਾਹੜ,ਅੰਜਨ ਅੰਜੂ, ਨੇ ਵਿਦਿਆਰਥੀਆਂ ਨੂੰ ਪੰਛੀਆਂ,ਮਿੱਤਰ ਕੀਟ,ਪੌਦਿਆਂ ਵੱਲੋਂ ਮਨੁੱਖੀ ਜੀਵਨ ਵਿੱਚ ਮਹੱਤਵਪੂਰਨ ਭੂਮਿਕਾ ਅਦਾ ਕਰਨ ਬਾਰੇ ਦੱਸਿਆ। ਉਹਨਾਂ ਵਿਦਿਆਰਥੀਆਂ ਨੂੰ ਗਰਮੀ ਦੇ ਮੌਸਮ ਵਿੱਚ ਪੰਛੀਆਂ ਲਈ ਪਾਣੀ ਦਾ ਪ੍ਰਬੰਧ ਕਰਨ ਲਈ ਪ੍ਰੇਰਿਤ ਕੀਤਾ।



ਸਮਾਗਮ ਦੌਰਾਨ ਜਿਥੇ ਵਿਦਿਆਰਥੀਆਂ ਨੇ ਵੱਖ ਵੱਖ ਸਲੋਗਨਾਂ ਨਾਲ ਜੈਵਿਕ ਵਿਭਿੰਨਤਾ ਬਾਰੇ ਜਾਗਰੁਕ ਕਰਨ ਦਾ ਯਤਨ ਕੀਤਾ ਉੱਥੇ ਹੀ ਪ੍ਰੋਜੈਕਟ ਇੰਚਾਰਜ ਮੈਡਮ ਹਰਦੇਵ ਕੌਰ ਦੀ ਦੇਖ ਰੇਖ ਵਿੱਚ ਤਿਆਰ ਨੰਨ੍ਹੇ ਮੁੰਨੇ ਬੱਚਿਆਂ ਨੇ ਚਾਰਟਾਂ ਰਾਹੀਂ ਰੁੱਖਾਂ ਦੇ ਬੇਸ਼ੁਮਾਰ ਫ਼ਾਇਦਿਆਂ ਦੀ ਗੱਲ ਕਰਦੇ ਹੋਏ ਇਹਨਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਭਾਗ ਲੈਣ ਵਾਲੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਮਿੱਟੀ ਦੇ ਭਾਂਡੇ ਤੇ ਆਲਣਿਆਂ , ਸਟੇਸ਼ਨਰੀ ਅਤੇ ਇਨਾਮਾਂ ਦੀ ਵੰਡ, ਕਰਦਿਆਂ ਪ੍ਰਿੰਸੀਪਲ ਨਵਰਾਜ ਕੌਰ ਨੇ ਕਿਹਾ ਕਿ ਸਾਨੂੰ ਆਪਣੇ ਮਨ ਅੰਦਰ ਜੀਵ ਜੰਤੂਆਂ ਪ੍ਰਤੀ ਹਮਦਰਦੀ ਰੱਖਣੀ ਚਾਹੀਦੀ ਹੈ ਤੇ ਵਾਤਾਵਰਨ, ਜੈਵਿਕ ਵਿਭਿੰਨਤਾ ਦੀ ਸੰਭਾਲ ਲਈ ਹਰ ਵੇਲੇ ਯਤਨਸ਼ੀਲ ਰਹਿਣਾ ਚਾਹੀਦਾ ਹੈ।ਇਸ ਮੌਕੇ, ਰਾਕੇਸ਼ ਕੁਮਾਰ ਲੈਕਚਰਾਰ ਸਰੀਰਕ ਸਿੱਖਿਆ,ਹਰਵਿੰਦਰ ਸਿੰਘ ਸਹਾਇਕ ਪ੍ਰੋਗਰਾਮ ਅਫਸਰ, ਸ਼ਵੇਤਾ ਅਗਰਵਾਲ,ਸਵਿਤਾ ਵਸ਼ਿਸ਼ਟ,ਰਣਜੀਤ ਸਿੰਘ, ਪ੍ਰੀਤੀ ਰਾਣੀ, ਕਿਰਨਦੀਪ ਕੌਰ,ਰਜਿੰਦਰ ਸਿੰਘ ਸਤੌਜ,ਪਰਮਜੀਤ ਕੌਰ, ਵੰਦਨਾ ਸਿੰਗਲਾ, ਰਜਨੀ ਬਾਲਾ, ਮਨਜੀਤ ਸਿੰਘ ਕੈਂਪਸ ਮੈਨੇਜਰ ਤੇ ਹੋਰ ਸਟਾਫ ਮੈਂਬਰ,ਨਗਰ ਨਿਵਾਸੀ ਤੇ ਵਲੰਟੀਅਰ ਹਾਜ਼ਰ ਸਨ।

# ਅਕੈਡਮਿਕ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਯੂਕੋ ਬੈਂਕ ਦਾ ਕੀਤਾ ਦੌਰਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ
INTERNATIONAL PAPER, 94636 01616
hardipchumber57@gmail.com

ਲਹਿਰਾਗਾਗਾ, 23 ਮਈ (ਜਗਸੀਰ ਲੌਂਗੋਵਾਲ)-

ਅਕੈਡਮਿਕ ਵਰਲਡ ਸਕੂਲ ਦੇ ਗਿਆਰਵੀਂ ਅਤੇ ਬਾਰਵੀਂ ਜਮਾਤ ਦੇ ਕਾਮਰਸ ਖੇਤਰ ਦੇ ਵਿਦਿਆਰਥੀਆਂ ਨੂੰ ਅਧਿਆਪਕ ਸੋਨੀਆ ਸ਼ਰਮਾ ਦੀ ਅਗਵਾਈ ਹੇਠ ਲਹਿਰਾਗਾਗਾ ਵਿਖੇ ਸਥਿਤ ਯੂਕੋ ਬੈਂਕ ਵਿਜ਼ਿਟ ਕਰਵਾਇਆ ਗਿਆ | ਬੈਂਕ ਪਹੁੰਚਣ ਬੈਂਕ ਮੈਨੇਜਰ ਰੋਹਿਤ ਗਰਗ ਅਤੇ ਮੈਡਮ ਰਾਜਪ੍ਰੀਤ ਕੌਰ (ਹੈਡ ਕੈਸ਼ੀਅਰ )ਅਤੇ ਸਾਰੇ ਸਟਾਫ ਨੇ ਬੱਚਿਆਂ ਦਾ ਅਤੇ ਮੈਨੇਜਮੈਂਟ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਸਕੂਲ ਮੈਨੇਜਮੈਂਟ ਦਾ ਬੱਚਿਆਂ ਲਈ ਬਹੁਤ ਹੀ ਵਧੀਆ ਕਦਮ ਚੁੱਕਿਆ ਜਾ ਰਿਹਾ ਹੈ| ਇਸ ਤੋਂ ਬਾਅਦ ਬੱਚਿਆਂ ਨੂੰ ਸਾਰੇ ਬੈਂਕ ਦਾ ਵਿਜ਼ਿਟ ਕਰਵਾਇਆ ਗਿਆ ਜਿਸ ਵਿੱਚ ਬੱਚਿਆਂ ਦੱਸਿਆ ਗਿਆ ਕਿ ਕਿਸ ਤਰ੍ਹਾਂ ਵਾਊਚਰ ਭਰ ਕੇ ਬੈਂਕ ਵਿੱਚ ਪੈਸੇ ਜਮ੍ਹਾਂ ਕਰਵਾਏ ਅਤੇ ਕਢਵਾਏ ਜਾਂਦੇ ਹਨ| ਇਸ ਤੋਂ ਮੈਨੇਜਰ ਰੋਹਿਤ ਗਰਗ ਅਤੇ ਮੈਡਮ ਰਾਜਪ੍ਰੀਤ ਕੌਰ ਵੱਲੋਂ ਸਰਕਾਰ ਦੁਆਰਾ ਦਿੱਤੀਆਂ ਸਹੂਲਤਾਂ (ਜਿਵੇਂ ਕਿ ਜੀਵਨ ਜੋਤੀ ਬੀਮਾ ਯੋਜਨਾ) ਵਾਰੇ ਜਾਣਕਾਰੀ ਦਿੱਤੀ ਗਈ| ਇਸ ਤੋਂ ਇਲਾਵਾ ਉਧਿਅਮ ਸਰਟੀਫਿਕੇਟ ਵਾਰੇ ਜਾਣਕਾਰੀ ਦਿੱਤੀ ਜੋ ਕਿ ਅੱਜ ਕੱਲ੍ਹ ਛੋਟੀਆਂ ਫਰਮਾ ਲਈ ਫਾਇਦੇਮੰਦ ਹੈ| | ਇਸ ਤੋਂ ਬਾਅਦ ਬੱਚਿਆਂ ਨੂੰ ਸਮਝਾਇਆ ਗਿਆ ਕਿ ਕਿਸ ਤਰ੍ਹਾਂ ਨੈਫ਼ਟ, ਆਰ.ਟੀ.ਜੀ ਐਸ ਨਾਲ ਇੱਕ ਫਰਮ ਤੋਂ ਦੂਸਰੀ ਫਰਮ ਨੂੰ ਵੱਡੀ ਤੋਂ ਵੱਡੀ ਪੇਮੈਂਟ ਅਸਾਨੀ ਨਾਲ ਭੇਜੀ ਜਾ ਸਕਦੀ ਹੈ| ਇਸ ਤੋਂ ਬਾਅਦ ਬੈਂਕ ਵਿੱਚ ਬੱਚਿਆਂ ਲਈ ਰਿਫਰੈਸਮੈਂਟ ਦਾ ਵੀ ਪ੍ਰਬੰਧ ਕੀਤਾ ਗਿਆ|ਇਸ ਤੇ ਸਕੂਲ ਦੇ ਚੇਅਰਮੈਨ ਸੰਜੇ ਸਿੰਗਲਾ ਜੀ ਨੇ ਦੱਸਿਆ ਕਿ ਉਦਮ ਹਰ ਸਾਲ ਕੀਤੇ ਜਾਂਦੇ ਹਨ ਇਸ ਨਾਲ ਬੱਚੇ ਵਿੱਚ ਆਤਮ ਵਿਸ਼ਵਾਸ ਵੱਧਦਾ ਹੈ ਖਾਸ ਕਰ ਕਮਰਸ ਲਾਈਨ ਦੇ ਬੱਚਿਆਂ ਨੂੰ ਵਧੀਆ ਮੌਕਾ ਮਿਲਦਾ ਹੈ ਕਿ ਉਹ ਆਪਣਾ ਭਵਿੱਖ ਵਧੀਆ ਬਣਾ ਸਕਣ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਯਤਨ ਜਾਰੀ ਰਹਿਣਗੇ ।



# ਪ੍ਰਿੰਸੀਪਲ ਰਾਜਨ ਅਰੋੜਾ ਜ਼ੋਨਲ ਟੂਰਨਾਮੈਂਟ ਕਮੇਟੀ ਸ਼ੇਰਗੜ੍ਹ ਦੇ ਪ੍ਰਧਾਨ ਚੁਣੇ ਗਏ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com




ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਜ਼ੋਨਲ ਟੂਰਨਾਮੈਂਟ ਕਮੇਟੀ ਸ਼ੇਰਗੜ੍ਹ ਵਿਖੇ ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਰਗੜ੍ਹ, ਸ਼੍ਰੀਮਤੀ ਲਲਿਤਾ ਅਰੋੜਾ ਜ਼ਿਲ੍ਹਾ ਸਿੱਖਿਆ ਅਫ਼ਸਰ (ਐਸ. ਸੀ.) ਹੁਸ਼ਿਆਰਪੁਰ ਜੀ ਦੇ ਹੁਕਮਾਂ ਹੇਠ, ਸੈਸ਼ਨ 2025-26 ਅਤੇ 2026-27 ਲਈ ਇੱਕ ਨਵੀਂ ਜ਼ੋਨਲ ਟੂਰਨਾਮੈਂਟ ਕਮੇਟੀ ਬਣਾਈ ਗਈ। ਜਿਸ ਵਿੱਚ ਮੌਜੂਦਾ ਸਕੂਲ ਮੁਖੀ ਸਾਹਿਬਾਨ ਅਤੇ ਸਰੀਰਕ ਸਿੱਖਿਆ ਅਧਿਆਪਕ ਸਾਹਿਬਾਨ ਸ਼ਾਮਲ ਹੋਏ। ਪ੍ਰਿੰਸੀਪਲ ਰਾਜਨ ਅਰੋੜਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਰਗੜ੍ਹ, ਜਨਰਲ ਸਕੱਤਰ/ਪ੍ਰਬੰਧਕੀ ਸਕੱਤਰ ਸਰਦਾਰ ਪ੍ਰਭਜੋਤ ਸਿੰਘ ਲੈਕਚਰਾਰ ਸਰੀਰਕ ਸਿੱਖਿਆ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਾਨ, ਵਿੱਤ ਸਕੱਤਰ ਹੇਮਰਾਜ ਡੀਪੀਈ ਸਾਹਸ ਬਹਾਦਰਪੁਰ ਬਾਹੀਆਂ, ਮੈਂਬਰ ਰੇਖਾ ਡੀਪੀਈ ਸਾਹਸ ਪੱਟੀ, ਸਰਦਾਰ ਰਸ਼ਪਾਲ ਸਿੰਘ ਡੀਪੀਈ ਐਸਐਸਐਸ ਸ਼ੇਰਗੜ੍ਹ, ਗੁਰਕਿਰਨਜੀਤ ਸਿੰਘ ਡੀਪੀਈ ਐਸਏਐਸਐਸ ਫਲਾਹੀ ਅਤੇ ਸ਼੍ਰੀਮਤੀ ਰੁਪਾਲੀ ਪੀਟੀਆਈ ਸਰਕਾਰੀ ਮਿਡਲ ਸਕੂਲ ਹਰਖੋਵਾਲ ਨੂੰ ਜ਼ੋਨਲ ਟੂਰਨਾਮੈਂਟ ਕਮੇਟੀ ਵਿੱਚ ਸਰਬਸੰਮਤੀ ਨਾਲ ਚੁਣਿਆ ਗਿਆ। ਇਸ ਮੀਟਿੰਗ ਵਿੱਚ ਪ੍ਰਧਾਨ ਪ੍ਰਿੰਸੀਪਲ ਸ੍ਰੀ ਰਾਜਨ ਅਰੋੜਾ ਜੀ ਨੇ ਪਿਛਲੇ ਸਾਲ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ ਅਤੇ ਜ਼ੋਨ ਸ਼ੇਰਗੜ੍ਹ ਅਧੀਨ ਆਉਂਦੇ ਸਾਰੇ ਸਕੂਲ ਮੁਖੀਆਂ ਅਤੇ ਅਧਿਆਪਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਦੀ ਬਦੌਲਤ ਜ਼ੋਨ ਸ਼ੇਰਗੜ੍ਹ ਦੇ ਖਿਡਾਰੀਆਂ ਨੂੰ ਹੋਰ ਖੇਡਣ ਦਾ ਮੌਕਾ ਮਿਲਿਆ। ਉਨ੍ਹਾਂ ਨੂੰ ਮਿਲਣ ਦੇ ਯੋਗ ਹੋਇਆ ਅਤੇ ਅੱਗ ਤੋਂ ਸਹਿਯੋਗ ਦੀ ਉਮੀਦ ਕੀਤੀ। ਇਸ ਮੌਕੇ ਪ੍ਰਿੰਸੀਪਲ ਮਰੀਦੁਲਾ ਸ਼ਰਮਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਲਾਹੀ ਮੇਨਕਾ ਭੱਟੀ ਮੁੱਖ ਅਧਿਆਪਕਾ ਸਰਕਾਰੀ ਹਾਈ ਸਕੂਲ ਪੱਟੀ, ਬੀਟਨ ਰਾਣੀ ਮੁੱਖ ਅਧਿਆਪਕਾ ਸਾਹਸ ਚਗਰਾਂ, ਰਜਨੀ ਬਾਲਾ ਮੁੱਖ ਅਧਿਆਪਕਾ ਬਜਵਾੜਾ ਕਲਾਂ, ਲੈਕਚਰਾਰ ਸੁਰਜੀਤ ਕੁਮਾਰ ਨਾਰੂ ਨੰਗਲ, ਲੈਕਚਰਾਰ ਨਰੇਸ਼ ਕੁਮਾਰ ਮਹਿਲਾਵਾਲੀ, ਅੰਮ੍ਰਿਤ ਪਾਲ ਡੀਪੀਈ ਜਹਾਨ ਖੇਲਾਂ, ਜਸਵਿੰਦਰ ਕੌਰ ਬਜਵਾੜਾ ਕਲਾਂ, ਸਤਿੰਦਰ ਕੁਮਾਰ ਡੀਪੀਈ ਐਸਓਈ ਪੁਰਹੀਰਾ, ਪਰਮਜੀਤ ਕੌਰ ਪੀਟੀਆਈ ਤਨੁਲੀ, ਅਮਰਜੀਤ ਰਾਏ ਪੀਟੀਆਈ ਸਰਕਾਰੀ ਸਕੂਲ ਬੋਹਨ ਆਦਿ ਹਾਜ਼ਰ ਸਨ।

# ਭਾਰਤ ਵਿਕਾਸ ਪ੍ਰੀਸ਼ਦ ਨਾਭਾ ਇਕਾਈ ਵੱਲੋਂ ਸਕੂਲੀ ਬੱਚਿਆਂ ਨੂੰ ਸਟੇਸ਼ਨਰੀ ਵੰਡੀ ਗਈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com



ਤਸਵੀਰ: ਭਾਰਤ ਵਿਕਾਸ ਪ੍ਰੀਸ਼ਦ ਨਾਭਾ ਇਕਾਈ ਦੀ ਟੀਮ ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ ਵੰਡਣ ਤੋਂ ਬਾਅਦ।

ਨਾਭਾ 23 ਮਈ (ਬਾਂਗਾਂ/ਬੇਅੰਤ ਸਿੰਘ ਰੋਹਟੀ ਖਾਸ) ਭਾਰਤ ਵਿਕਾਸ ਪ੍ਰੀਸ਼ਦ ਨਾਭਾ ਇਕਾਈ ਦੇ ਪ੍ਰਧਾਨ ਨਰਿੰਦਰ ਵਰਮਾ, ਸਕੱਤਰ ਵਿਕਾਸ ਮਿੱਤਲ, ਕੈਸ਼ੀਅਰ ਅਸ਼ਵਨੀ ਮਦਾਨ ਦੀ ਅਗਵਾਈ ਹੇਠ, ਮਾਨਵ ਸੇਵਾ ਉੱਤਮ ਸੇਵਾ ਸੰਸਥਾ ਨਾਭਾ ਦੇ ਸਹਿਯੋਗ ਨਾਲ, ਆਰੀਆ ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ ਗੇਟ ਅਤੇ ਐਮਕੇ ਆਰੀਆ ਗਰਲਜ਼ ਹਾਈ ਸਕੂਲ, ਬੈਕ ਸਟਰੀਟ ਵਿੱਚ ਲਗਭਗ 500 ਲੋੜਵੰਦ ਬੱਚਿਆਂ ਨੂੰ ਸਟੇਸ਼ਨਰੀ ਵੰਡੀ ਗਈ। ਇਸ ਮੌਕੇ ਸੰਸਥਾ ਦੇ ਮੁਖੀ ਅਤੇ ਸਮੂਹ ਮੈਂਬਰਾਂ ਨੇ ਕਿਹਾ ਕਿ ਜਦੋਂ ਮੈਂਬਰਾਂ ਦੇ ਸਹਿਯੋਗ ਨਾਲ ਸਮਾਜ ਭਲਾਈ ਦੇ ਕੰਮ ਕੀਤੇ ਜਾਂਦੇ ਹਨ ਤਾਂ ਸਾਨੂੰ ਬਹੁਤ ਖੁਸ਼ੀ ਹੁੰਦੀ ਹੈ, ਜਿਸ ਨਾਲ ਮਨ ਨੂੰ ਬਹੁਤ ਸਕੂਨ ਵੀ ਮਿਲਦੀ ਹੈ। ਉਨ੍ਹਾਂ ਕਿਹਾ ਕਿ ਹਰੇਕ ਸੰਸਥਾ ਨੂੰ ਮਿਲ ਕੇ ਅਜਿਹਾ ਕੰਮ ਕਰਨਾ ਚਾਹੀਦਾ ਹੈ ਤਾਂ ਜੋ ਲੋੜਵੰਦਾਂ ਦੀ ਮਦਦ ਕੀਤੀ ਜਾ ਸਕੇ। ਇਸ ਮੌਕੇ ਮੈਂਬਰ ਸੰਜੀਵ ਗਰਗ ਵੱਲੋਂ ਵਿਸ਼ੇਸ਼ ਸਹਾਇਤਾ ਦਿੱਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਮਦਾਨ, ਪ੍ਰਿੰਸੀਪਲ ਰੇਣੂ ਬਾਲਾ ਅਤੇ ਸਮੁੱਚੇ ਸਟਾਫ਼ ਨੇ ਭਾਰਤ ਵਿਕਾਸ ਪ੍ਰੀਸ਼ਦ, ਇੰਕਾਈ ਨਾਭਾ ਦੀ ਟੀਮ ਦਾ ਧੰਨਵਾਦ ਕੀਤਾ ਅਤੇ ਉਮੀਦ ਪ੍ਰਗਟਾਈ ਕਿ ਸੰਸਥਾ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਪ੍ਰੋਜੈਕਟ ਕਰਦੀ ਰਹੇਗੀ। ਇਸ ਮੌਕੇ ਸੰਜੇ ਢੀਗਰਾ, ਹਿਨਾ ਸਿੰਗਲਾ, ਸੁਸ਼ਮਾ ਗਰਗ, ਸਾਹਿਲ ਗੁਪਤਾ, ਦੀਪਕ ਕੁਮਾਰ, ਸੁਨੀਲ ਗੁਪਤਾ ਸਮੇਤ ਸਕੂਲ ਸਟਾਫ਼ ਮੈਂਬਰ ਮੌਜੂਦ ਸਨ।

# ਜ਼ਿਲ੍ਹੇ ਵਿੱਚ ਅਣਅਧਿਕਾਰਤ ਉਸਾਰੀਆਂ ਨੂੰ ਜਲਦੀ ਹਟਾਇਆ ਜਾਵੇ - ਰਾਜੀਵ ਵਰਮਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com



ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਵਧੀਕ ਡਿਪਟੀ ਕਮਿਸ਼ਨਰ ਜਨਰਲ, ਰਾਜੀਵ ਵਰਮਾ ਸ਼ਹੀਦ ਭਗਤ ਸਿੰਘ ਨਗਰ ਜੀ ਦੀ ਪ੍ਰਧਾਨਗੀ ਹੇਠ, ਅਣਅਧਿਕਾਰਤ ਉਸਾਰੀਆਂ ਨੂੰ ਹਟਾਉਣ ਸੰਬੰਧੀ ਇੱਕ ਮੀਟਿੰਗ 22.05.2025 ਨੂੰ ਹੋਈ, ਜਿਸ ਵਿੱਚ ਸ਼੍ਰੀਮਤੀ ਅਨਮਜੋਤ ਕੌਰ, ਪੀ. ਸੀ. ਸ. ਸਬ ਮੰਡਲ ਮੈਜਿਸਟ੍ਰੇਟ, ਨਵਾਂਸ਼ਹਿਰ, ਸ਼੍ਰੀ ਵਿਪਿਨ ਭੰਡਾਰੀ, ਪੀ. ਸੀ. ਸ. ਸਬ ਮੰਡਲ ਮੈਜਿਸਟ੍ਰੇਟ, ਬੰਗਾ, ਸ਼੍ਰੀ ਇੰਦਰ ਪਾਲ, ਪੀ. ਸੀ. ਸ. ਸਬ ਮੰਡਲ ਮੈਜਿਸਟ੍ਰੇਟ, ਬਲਾਚੌਰ, ਸ਼੍ਰੀ ਨਿਰਮਲ ਸਿੰਘ, ਪੀ. ਪੀ. ਐਸ., ਡੀ. ਸ. ਪੀ. (ਡਿਟੈਕਟਿਵ) ਸ਼ਹੀਦ ਭਗਤ ਸਿੰਘ ਨਗਰ, ਸ਼੍ਰੀਮਤੀ। ਤਨੂਪ੍ਰੀਤ ਕੌਰ, ਕਾਰਜਕਾਰੀ ਇੰਜੀਨੀਅਰ, ਪ੍ਰੋਵਿੰਸ਼ੀਅਲ ਬੋਰਡ, ਲੋ: ਐਨ: ਵੀ: (ਬੀ ਐਂਡ ਐਮ ਸ਼ਾਖਾ) ਸ਼ਹੀਦ ਬਗਤ ਸਿੰਘ ਨਗਰ, ਸ਼੍ਰੀਮਤੀ ਨਿਧੀ ਸਿਨਹਾ, ਡੀ. ਡੀ. ਪੀ. .... ਸ਼ਹੀਦ ਭਗਤ ਸਿੰਘ ਨਗਰ, ਸ਼੍ਰੀ ਹਰਭਜਨ ਲਾਲ, ਜੰਗਲਾਤ ਅਧਿਕਾਰੀ, ਸ਼ਹੀਦ ਭਗਤ ਸਿੰਘ ਨਗਰ, ਸ਼੍ਰੀਮਤੀ ਅਕਵਿੰਦਰ ਕੌਰ, ਡਿਪਟੀ ਤਹਿਸੀਲਦਾਰ, ਬਲਾਚੌਰ, ਸ਼੍ਰੀ ਰਮੇਸ਼ ਕੁਮਾਰ, ਜੇ. .., ਸਥਾਨਕ (ਬੀ ਐਂਡ ਐਮ ਸ਼ਾਖਾ), ਸ਼ਹੀਦ ਭਗਤ ਸਿੰਘ ਨਗਰ, ਸ਼੍ਰੀ ਰਾਜੀਵ ਸਰੀਨ, ਈ. ਓ. ਐਮ. ਸੀ. ਨਗਰ ਕੌਂਸਲ, ਬੰਗਾ ਅਤੇ ਰਾਹੋਂ ਸ਼੍ਰੀ ਅਸ਼ੋਕ ਕੁਮਾਰ, ਸੁਪਰਡੈਂਟ, ਦਫ਼ਤਰ ਨਗਰ ਕੌਂਸਲ, ਨਵਾਂਸ਼ਹਿਰ, ਸ਼੍ਰੀ ਧਨਵੰਤ ਸਿੰਘ, ਜੂਨੀਅਰ ਸਹਾਇਕ, ਨਗਰ ਕੌਂਸਲ ਦਫ਼ਤਰ, ਬਲਾਚੌਰ ਮੌਜੂਦ ਸਨ। ਮੀਟਿੰਗ ਵਿੱਚ ਮੌਜੂਦ ਸਾਰੇ ਅਧਿਕਾਰੀਆਂ ਨੂੰ ਭਾਰਤ ਦੀ ਮਾਨਯੋਗ ਸੁਪਰੀਮ ਕੋਰਟ ਨੂੰ ਭੇਜਣ ਦੇ ਨਿਰਦੇਸ਼ ਦਿੱਤੇ ਗਏ। ਐਲ. ਪੀ. ਨੰ: 8519 ਆਫ 2006 - ਭਾਰਤ ਸਰਕਾਰ ਬਨਾਮ ਗੁਜਰਾਤ ਸਰਕਾਰ ਅਤੇ ਹੋਰਾਂ ਮਿਤੀ 29.09.2009 ਵਿੱਚ ਕੀਤੇ ਗਏ ਫੈਸਲੇ ਦੀ ਪਾਲਣਾ ਵਿੱਚ ਜ਼ਿਲ੍ਹੇ ਦੇ ਅੰਦਰ ਕਿਸੇ ਵੀ ਅਣਅਧਿਕਾਰਤ ਉਸਾਰੀ ਨੂੰ ਜਲਦੀ ਤੋਂ ਜਲਦੀ ਹਟਾ ਦਿੱਤਾ ਜਾਵੇ।

# ਲਗਾਤਾਰ ਰਹਿੰਦਾ ਹਾਈ ਬੀ ਪੀ ਜੀਵਨ ਲਈ ਘਾਤਕ ਹੋ ਸਕਦਾ ਹੈ- ਡਾ ਅਰੋੜਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com




ਫਗਵਾੜਾ (ਸ਼ਿਵ ਕੌੜਾ) ਸਿਵਲ ਸਰਜਨ ਕਪੂਰਥਲਾ ਡਾ ਰਾਜੀਵ ਪ੍ਰਾਸ਼ਰ ਦੇ ਹੁਕਮਾ ਅਤੇ ਡਾ ਪ੍ਰਮਿੰਦਰ ਕੌਰ ਸੀਨੀਅਰ ਮੈਡੀਕਲ ਅਫ਼ਸਰ ਸਿਵਲ ਹਸਪਤਾਲ ਫਗਵਾੜਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਆਮ ਆਦਮੀ ਕਲੀਨਿਕ ਹਦੀਆਬਾਦ ਫਗਵਾੜਾ ਵਿਖੇ ਵਿਸ਼ਵ ਹਾਈਪਰਟੈਂਸ਼ਨ ਦਿਵਸ ਮਨਾਇਆ ਅਤੇ ਆਮ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕੀਤਾ ਗਿਆ ਆਮ ਆਦਮੀ ਕਲੀਨਿਕ ਹਦੀਆਬਾਦ ਫਗਵਾੜਾ ਵਿਖੇ ਤਾਇਨਾਤ ਡਾ ਪੁਰੁਸ਼ਾਂਰਥ ਅਰੋੜਾ ਨੇ ਕਿਹਾ ਕਿ ਹਾਈਪਰਟੈਂਸ਼ਨ ਦਿਵਸ ਮਨਾਉਣ ਦਾ ਮੁੱਖ ਮੰਤਵ ਹਾਈ ਬੱਲਡ ਪ੍ਰੈਸ਼ਰ ਬਾਰੇ ਲੋਕਾਂ ਨੂੰ ਜਾਗਰੂਕ ਕਰਕੇ ਉਨਾਂ ਆਪਣੇ ਬੱਲਡ ਪ੍ਰੈਸ਼ਰ ਨੂੰ ਸਹੀ ਢੰਗ ਨਾਲ ਮਾਪਣ ਅਤੇ ਕੰਟਰੋਲ ਕਰਨ ਸੰਬੰਧੀ ਜਾਣਕਾਰੀ ਦੇਣਾ ਹੈ ਤਾਂ ਕਿ ਉਹ ਲੰਬੇ ਸਮੇਂ ਤੱਕ ਜੀਅ ਸਕਣ ਇਸ ਸਾਲ ਦਾ ਥੀਮ ਵੀ 'ਆਪਣੇ ਬਲੱਡ ਪ੍ਰੈਸ਼ਰ ਨੂੰ ਸਹੀ ਢੰਗ ਨਾਲ ਮਾਪੋ, ਇਸ ਨੂੰ ਕੰਟਰੋਲ ਕਰੋ, ਲੰਬੇ ਸਮੇਂ ਤੱਕ ਜੀਓ' ਰੱਖਿਆ ਗਿਆ ਹੈ ਉਨਾਂ ਦੱਸਿਆ ਕਿ ਸਾਡੀ ਬਦਲਦੀ ਹੋਈ ਜੀਵਨ ਸ਼ੈਲੀ ਵੀ ਕਿਸੇ ਹੱਦ ਤੱਕ ਇਸ ਬੀਮਾਰੀ 'ਚ ਵਾਧਾ ਕਰ ਰਹੀ ਹੈ ਉਨਾਂ ਕਿਹਾ ਕਿ ਜਦੋਂ ਲਹੂ ਦੀਆਂ ਨਾੜੀਆਂ ਵਿੱਚ ਲਹੂ ਆਮ ਨਾਲੋਂ ਜਿਆਦਾ ਦਬਾਅ ਨਾਲ ਸੰਚਾਰਿਤ ਹੁੰਦਾ ਹੈ ਤਾਂ ਉਸ ਨੂੰ ਹਾਈ ਬੱਲਡ ਪ੍ਰੈਸ਼ਰ ਜਾਂ ਹਾਈਪਰਟੈਂਸ਼ਨ ਕਹਿੰਦੇ ਹਨ ਇਸ ਕਾਰਨ ਦਿਲ ਨੂੰ ਲਹੂ ਦੀਆਂ ਨਾੜੀਆਂ ਨੂੰ ਸੰਚਾਰਿਤ ਕਰਨ ਲਈ ਜ਼ਿਆਦਾ ਕੰਮ ਕਰਨਾ ਪੈਂਦਾ ਹੈ ਜਿਸ ਨਾਲ ਦਿਲ ਉਤੇ ਜ਼ਿਆਦਾ ਦਬਾਅ ਪੈਂਦਾ ਜੋ ਕਿ ਸਿਹਤ ਲਈ ਹਾਨੀਕਾਰਕ ਹੈ ਇਸ ਨੂੰ ਸਾਈਲੈਂਟ ਕਿੱਲਰ ਵੀ ਕਿਹਾ ਜਾਂਦਾ ਹੈ,ਕਿਉਂਕਿ ਇਹ ਬਿਨਾਂ ਕਿਸੇ ਚੇਤਾਵਨੀ ਦੇ ਸੰਕੇਤ ਜਾਂ ਲੱਛਣ ਤੋਂ ਹੁੰਦਾ ਹੈ ਇਹੋ ਕਾਰਣ ਹੈ ਕਿ 30 ਸਾਲ ਅਤੇ ਇਸ ਤੋਂ ਉਪਰ ਦੀ ਉਮਰ ਦੇ ਸਾਰੇ ਵਿਅਕਤੀਆਂ ਨੂੰ ਸਾਲ ਵਿੱਚ ਘੱਟੋ ਘੱਟ ਇੱਕ ਵਾਰ ਜ਼ਰੂਰ ਆਪਣੇ ਬੀ.ਪੀ ਦੀ ਜਾਂਚ ਕਰਵਾਉਣੀ ਚਾਹੀਦੀ ਹੈ ਉਨਾਂ ਕਿਹਾ ਕਿ ਜੇ ਹਾਈ ਬੀ.ਪੀ ਤੇ ਕੰਟਰੋਲ ਨਹੀਂ ਕੀਤਾ ਜਾਂਦਾ ਤਾਂ ਇਸ ਨਾਲ ਲਹੂ ਦੀਆਂ ਨਾੜੀਆਂ, ਦਿਲ ਅਤੇ ਸਰੀਰ ਦੇ ਦੂਜੇ ਅੰਗਾਂ ਜਿਵੇਂ ਦਿਮਾਗ,ਗੁਰਦੇ ਅਤੇ ਅੱਖਾਂ ਨੂੰ ਨੁਕਸਾਨ ਪਹੁੰਚ ਸਕਦਾ ਹੈ ਉਨਾਂ ਕਿਹਾ ਕਿ ਲਗਾਤਾਰ ਰਹਿੰਦਾ ਹਾਈ ਬੀ.ਪੀ ਜੀਵਨ ਲਈ ਘਾਤਕ ਹੋ ਸਕਦਾ ਹੈ ਅਤੇ ਇਸ ਨਾਲ ਦਿਲ ਦੀਆਂ ਬੀਮਾਰੀਆਂ ਲਕਵਾ, ਸ਼ੂਗਰ, ਗੁਰਦੇ ਆਦਿ ਦੇ ਰੋਗ ਹੋ ਸਕਦੇ ਹਨ ਉਨ੍ਹਾਂ ਕਿਹਾ ਕਿ ਹਾਈਪਰਟੈਂਸ਼ਨ ਦੇ ਕਈ ਕਾਰਨ ਹੋਰ ਵੀ ਸਕਦੇ ਹਨ ਜਿਵੇਂ ਜਿਹਨਾਂ ਦੇ ਪਰਵਾਰ ਵਿੱਚ ਬੀ.ਪੀ ਦਾ ਕੋਈ ਇਤਿਹਾਸ ਰਿਹਾ ਹੋਵੇ ਜਾਂ ਇਸ ਤੋਂ ਇਲਾਵਾ ਗੈਰ-ਸਿਹਤਮੰਦ ਆਹਾਰ ਦੀਆਂ ਆਦਤਾਂ ਖਾਸ ਕਰਕੇ ਤੇਜ਼ ਨਮਕ, ਤਲੀਆਂ ਹੋਈਆਂ ਚੀਜ਼ਾਂ, ਚਰਬੀ ਦੀ ਜ਼ਿਆਦਾ ਵਰਤੋਂ ਸਰੀਰਕ ਸਰਗਰਮੀ ਕਸਰਤ ਨਾ ਕਰਨਾ ਮੋਟਾਪਾ, ਦਿਮਾਗੀ ਪਰੇਸ਼ਾਨੀ ਅਤੇ ਕਿਸੇ ਵੀ ਪ੍ਰਕਾਰ ਨਾਲ ਤੰਬਾਕੂ ਆਦਿ ਦੀ ਵਰਤੋਂ ਕਰਨੀ ਇਸ ਮੌਕੇ ਨਿਤਿਸ਼ ਕੁਮਾਰ ਫਾਰਮਾਸਿਸਟ ਜਸਵਿੰਦਰ ਕੌਰ ਕਲੀਨੀਕਲ ਅਸੀਸਟੈਂਟ ਅਮ੍ਰਿਤਪਾਲ ਆਦਿ ਮੌਜੂਦ ਸਨ

# -ਡੇਂਗੂ ਦੀ ਰੋਕਥਾਮ ਲਈ ਜ਼ਿਲ੍ਹਾ ਸਿਹਤ ਵਿਭਾਗ ਪੂਰੀ ਤਰ੍ਹਾਂ ਤਿਆਰ : ਸਿਵਲ ਸਰਜਨ ਡਾ. ਸੰਜੇ ਕਾਮਰਾ

## - ਜ਼ਿਲ੍ਹਾ ਸੰਗਰੂਰ ਦੀ ਪੁਲਿਸ ਲਾਈਨ ਅਤੇ ਪੁਲਿਸ ਥਾਣਿਆਂ ਵਿੱਚ ਡੇਂਗੂ ਦੀ ਰੋਕਥਾਮ ਅਤੇ ਜਾਗਰੂਕਤਾ ਗਤੀਵਿਧੀਆਂ ਕੀਤੀਆਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com

ਸੰਗਰੂਰ, 23 ਮਈ (ਜਗਸੀਰ ਲੌਂਗੋਵਾਲ ) - ਮਾਨਯੋਗ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਸੰਜੇ ਕਾਮਰਾ ਦੀ ਅਗਵਾਈ ਵਿੱਚ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤ ਸਥਾਨਕ ਥਾਨਾ ਸਿਟੀ ਪੁਲਿਸ-1 ਵਿਖੇ ਡੇਂਗੂ ਦੀ ਰੋਕਥਾਮ ਸਬੰਧੀ ਗਤੀਵਿਧੀ ਕੀਤੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਸੰਜੇ ਕਾਮਰਾ ਨੇ ਕਿਹਾ ਕਿ ਇਸ ਮੁਹਿੰਮ ਤਹਿਤ ਜ਼ਿਲ੍ਹੇ ਅਧੀਨ ਪੁਲਿਸ ਲਾਈਨ ਅਤੇ ਸਮੂਹ ਪੁਲਿਸ ਥਾਣਿਆਂ ਵਿੱਚ ਡੇਂਗੂ ਦੀ ਰੋਕਥਾਮ ਅਤੇ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਕਿਸੇ ਵੀ ਥਾਂ ਪਾਣੀ ਖੜ੍ਹਾ ਨਾ ਹੋਣ ਦਿਤਾ ਜਾਵੇ ਕਿਉਂਕਿ ਡੇਂਗੂ ਬੁਖ਼ਾਰ ਲਈ ਜ਼ਿੰਮੇਵਾਰ ਮੱਛਰ ਖੜ੍ਹੇ ਅਤੇ ਸਾਫ਼ ਪਾਣੀ ਵਿਚ ਪੈਦਾ ਹੁੰਦਾ ਹੈ। ਇਸ ਲਈ ਹਫ਼ਤੇ ਵਿਚ ਘੱਟੋ-ਘੱਟ ਇਕ ਵਾਰ ਕੂਲਰਾਂ ਅਤੇ ਫ਼ਰਿੱਜਾਂ ਦੀਆਂ ਟਰੇਆਂ ਨੂੰ ਖ਼ਾਲੀ ਕਰ ਕੇ ਸੁਕਾਓ। ਹਰ ਸ਼ੁਕਰਵਾਰ ਨੂੰ ਡਰਾਈ ਡੇਅ ਵਜੋਂ ਮਨਾਇਆ ਜਾਵੇ। ਘਰਾਂ ਦੇ ਆਲੇ ਦੁਆਲੇ ਫੁੱਲਾਂ ਦੇ ਗਮਲਿਆਂ ਅਤੇ ਟੁੱਟੇ ਭੱਜੇ ਭਾਂਡਿਆਂ ਆਦਿ ਵਿਚ ਪਾਣੀ ਖੜ੍ਹਾ ਨਾ ਹੋਣ ਦਿਉ। ਪਾਣੀ ਭਰੇ ਭਾਂਡਿਆਂ ਅਤੇ ਟੈਂਕੀਆਂ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖੋ। ਡੇਂਗੂ ਬੁਖ਼ਾਰ ਫੈਲਾਉਣ ਵਾਲਾ ਮੱਛਰ ਦਿਨ ਵੇਲੇ ਕੱਟਦਾ ਹੈ, ਇਸ ਲਈ ਅਜਿਹੇ ਕੱਪੜੇ ਪਾਓ, ਜਿਨ੍ਹਾਂ ਨਾਲ ਪੂਰਾ ਸਰੀਰ ਢਕਿਆ ਰਹੇ। ਤੇਜ਼ ਬੁਖ਼ਾਰ ਹੋਣ ਦੀ ਹਾਲਤ ਵਿਚ ਤੁਰਤ ਨੇੜਲੇ ਹਸਪਤਾਲ ਜਾਂ ਡਿਸਪੈਂਸਰੀ ਆਦਿ ਵਿਚ ਜਾ ਕੇ ਮੁਆਇਨਾ ਕਰਵਾਓ। ਜ਼ਿਲਾ ਐਪੀਡਿਮੋਲੋਜਿਸਟ ਡਾ. ਉਪਾਸਨਾ ਬਿੰਦਰਾ ਅਤੇ ਡਾ. ਅਕਾਂਕਸ਼ਾ ਮਹਾਜਨ ਨੇ ਡੇਂਗੂ ਦੇ ਆਮ ਲੱਛਣਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਤੇਜ਼ ਸਿਰਦਰਦ ਅਤੇ ਤੇਜ਼ ਬੁਖ਼ਾਰ, ਮਾਸਪੇਸ਼ੀਆਂ ਅਤੇ ਜੋੜਾਂ ਵਿਚ ਦਰਦ, ਅੱਖ ਦੇ ਪਿਛਲੇ ਹਿੱਸੇ ਵਿਚ ਦਰਦ, ਹਾਲਤ ਖ਼ਰਾਬ ਹੋਣ ਤੇ ਨੱਕ, ਮੂੰਹ ਅਤੇ ਮਸੂੜਿਆਂ ਵਿਚੋਂ ਖ਼ੂਨ ਵਗਣਾ, ਜੀ ਕੱਚਾ ਹੋਣਾ ਅਤੇ ਉਲਟੀਆਂ ਆਉਣਾ ਆਦਿ ਡੇਂਗੂ ਬੁਖ਼ਾਰ ਦੇ ਆਮ ਲੱਛਣ ਹਨ। ਇਸ ਤਰ੍ਹਾਂ ਹੋਣ ਤੇ ਤੁਰੰਤ ਸਰਕਾਰੀ ਹਸਪਤਾਲ ਵਿਚ ਜਾ ਕੇ ਡਾਕਟਰ ਕੋਲੋਂ ਜਾਂਚ ਕਰਵਾਈ ਜਾਵੇ। ਉਨ੍ਹਾਂ ਦੱਸਿਆ ਕਿ ਡੇਂਗੂ ਬੁਖ਼ਾਰ ਦੇ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿਚ ਬਿਲਕੁਲ ਮੁਫ਼ਤ ਹੁੰਦਾ ਹੈ। ਇਸ ਮੌਕੇ ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਕਰਨੈਲ ਸਿੰਘ, ਥਾਨਾ ਮੁਖੀ ਅਵਤਾਰ ਸਿੰਘ,ਐਸ ਆਈ ਰਾਮ ਲਾਲ ਸਿੰਘ, ਮ ਪ ਹ ਵ (ਮ) ਯਾਦਵਿੰਦਰ ਸਿੰਘ, ਅਮਨਦੀਪ ਸਿੰਘ, ਅਕਰਮ, ਬਲਜਿੰਦਰ ਸਿੰਘ, ਐਂਟੀ ਲਾਰਵਾ ਸਟਾਫ, ਸਮੂਹ ਪੁਲਸ ਸਟਾਫ ,ਨਰਸਿੰਗ ਸਿਖਿਆਰਥਣਾਂ, ਆਸ਼ਾ ਅਤੇ ਬਰੀਡ ਚੈੱਕਰ ਹਾਜ਼ਰ ਸਨ।

# ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖ਼ੇ ਰਜਿਸਟਰਾਰ ਦਫਤਰ ਅੱਗੇ ਚਲ ਰਿਹਾ ਹੈ10 ਦਿਨਾਂ ਤੋਂ ਧਰਨਾ, ਭੁੱਖ ਹੜਤਾਲ ਦਾ 5ਵਾਂ ਦਿਨ

## ਸੇਵਾਦਾਰ (ਫਿਕਸ ),ਸਫਾਈ ਸੇਵਕ (ਡੇਲੀਵੇਜਿਸ),ਸਕਿਉਰਿਟੀ ਗਾਰਡਸ (ਫਿਕਸ), ਕੁੱਕ, ਮਸਾਲਚੀ, ਲਿਫਟ ਮੈਨ, ਮਾਲੀ ਕੱਚੇ ਮੁਲਾਜਮਾ ਦੀ ਪੱਕੇ ਕਰਨ ਦੀ ਮੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com



ਪਟਿਆਲਾ- ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖ਼ੇ ਸੇਵਾਦਾਰ (ਫਿਕਸ ),ਸਫਾਈ ਸੇਵਕ (ਡੇਲੀਵੇਜਿਸ),ਸਕਿਉਰਿਟੀ ਗਾਰਡਸ (ਫਿਕਸ ), ਕੁੱਕ, ਮਸਾਲਚੀ, ਲਿਫਟ ਮੈਨ, ਮਾਲੀਆਂ ਵਲੋਂ 10ਵੇਂ ਦਿਨ ਵੀ ਧਰਨਾ ਜ਼ਾਰੀ ਹੈ ਇਹਨਾਂ ਕਰਮਚਾਰੀਆਂ ਵਲੋਂ ਆਪਣੀ 5 ਸਾਲ ਦੀ ਸੇਵਾ ਪੂਰੀ ਹੋਣ ਤੇ ਰਜਿਸਟਰਾਰ ਸਾਹਿਬ ਕੋਲ ਪਿਛਲੇ 3 ਮਹੀਨੇ ਤੋਂ ਰੈਗੂਲਰ ਹੋਣ ਦੀ ਮੰਗ ਦਿੱਤੀ ਜਾ ਰਹੀ ਹੈ ਪਰ ਰਜਿਸਟਰਾਰ ਸਾਹਿਬ ਵੱਲੋਂ ਹੁਣ ਤੱਕ ਕੋਈ ਵੀ ਸੁਣਵਾਈ ਨਹੀਂ ਕਿੱਤੀ ਜਾ ਰਹੀ। ਧਰਨੇ ਦੇ 10 ਦਿਨਾਂ ਦੌਰਾਨ ਪ੍ਰਸ਼ਾਸਨ ਦਾ ਰਵੀਆ ਮੁਲਾਜ਼ਮਾਂ ਪ੍ਰਤੀ ਗ਼ੈਰ ਜਿੰਮੇਵਾਰੀ ਵਾਲਾ ਰਿਹਾ ਜਿਸ ਦੇ ਰੋਸ ਵੱਜੋਂ ਕਰਮਚਾਰੀ ਰੇਣੂ ਬਾਲਾ,ਪਵਨਦੀਪ ਕੌਰ ਪੰਜਵੇਂ ਦਿਨ ਲੜੀਵਾਰ ਭੁੱਖ ਹੜਤਾਲ ਤੇ ਬੈਠਾ ਦਿੱਤੇ ਗਏ ਪਰ ਪ੍ਰਸ਼ਾਸਨ ਨੇ ਚੁੱਪੀ ਵੱਟੀ ਰੱਖੀ ਉਸ ਦੇ ਸਿਰ ਤੇ ਜੂੰ ਵੀ ਨਹੀਂ ਸਰਕੀ ਜਦਕਿ ਡੀਨ ਅਕੈਡਮਿਕ ਮਾਮਲੇ ਦਾ ਦਫ਼ਤਰ ਬਿਲਕੁਲ ਧਰਨੇ ਦੇ ਨਾਲ ਹੈ ਉਹਨਾਂ ਨੇਂ ਵੀ ਕਿਸੇ ਦੀ ਸਾਰ ਨਹੀਂ ਲਈ! ਜ਼ੇਕਰ ਭੁੱਖ ਹੜਤਾਲ ਤੇ ਬੈਠੇ ਸਾਥੀਆਂ ਦਾ ਕੋਈ ਨੁਕਸਾਨ ਹੁੰਦਾ ਹੈ ਉਸਦੀ ਜਿੰਮੇਵਾਰੀ ਰਜਿਸਟਰਾਰ ਸਾਹਿਬ ਦੀ ਹੋਵੇਗੀ ਜੇਕਰ ਇਹਨਾਂ ਦੀ ਜਾਇਜ਼ ਮੰਗ ਨੂੰ ਜਲਦੀ ਹੀ ਪੂਰਾ ਨਾ ਕਿੱਤਾ ਗਿਆ ਅਤੇ ਪੰਜਾਬੀ ਯੂਨੀਵਰਸਿਟੀ ਰਜਿਸਟਰਾਰ ਦਾ ਰੱਵੀਆ ਇਹੀ ਰਿਹਾ ਤਾਂ ਇਹਨਾਂ ਵਲੋਂ ਸੰਘਰਸ਼ ਨੂੰ ਹੋਰ ਤੇਜ਼ ਕਿੱਤਾ ਜਾਵੇਗਾ ਅਤੇ ਸੋਮਵਾਰ ਮਿੱਤੀ 26-05-25 ਤੋਂ ਭੁੱਖ ਹੜਤਾਲ 8 ਘੰਟੇ ਤੋਂ 24 ਘੰਟੇ ਵਿੱਚ ਤਬਦੀਲ ਕਿੱਤੀ ਜਾਏਗੀ ਇਸ ਮੌਕੇ ਰਾਮ ਲਾਲ, ਅਜੇ ਅਰੋੜਾ, ਰਜੇਸ਼ ਗੱਗੂ ,ਸੰਦੀਪ ਕੁਮਾਰ, ਕੁਲਦੀਪ ਸਿੰਘ ,ਪੁਸ਼ਪਿੰਦਰ ਸਿੰਘ ,ਇਕਬਾਲ ਚੰਦ ,ਬਿਕਰਮਜੀਤ ਐੱਸ. ਪੀ.,ਗੁਰਤੇਜ ਸਿੰਘ ,ਜਤਿੰਦਰ ਕਾਲਾ,ਹੈਪੀ, ਸੁਰਜੀਤ ਬਠਿੰਡਾ, ਗੁਰਮੀਤ, ਅਮਨਦੀਪ, ਨੂਰਖੇੜੀਆਂ ਲੋਕੇਸ਼ ਅਤੇ ਜਥੇਬੰਦੀਆਂ ਦੇ ਸੀਨੀਅਰ ਆਗੂ ਵੀ ਮੌਜੂਦ ਰਹੇ ।

# ਰਜ਼ਤ ਸ਼ਰਮਾ ਬਣੇ ਲਾਅਨ ਟੈਨਿਸ ਦੇ ਕੋਚ, ਪੰਜਾਬ ਸਰਕਾਰ ਦਾ ਵੱਡਾ ਉਪਰਾਲਾ - ਗੁਰਲਾਲ ਘਨੌਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 23 ਮਈ INTERNATIONAL PAPER, 94636 01616 hardipchumber57@gmail.com



ਘਨੌਰ- ਮਾਨਯੋਗ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਜੀ ਦੀ ਯੋਗ ਅਗਵਾਈ ਹੇਠ ਪੰਜਾਬ ਵਿਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸਫ਼ਲਤਾ ਪੂਰਵਕ ਚੱਲ ਰਹੀ ਹੈ। ਸਿਹਤ ਅਤੇ ਸਿੱਖਿਆ ਦੇ ਖੇਤਰ ਵਿਚ ਅਤੇ ਬੇਰੁਜਗਾਰੀ ਦਾ ਖਾਤਮਾ ਕਰਨ ਲਈ ਪੰਜਾਬ ਸਰਕਾਰ ਨੇ ਖੇਡ ਵਿਭਾਗ ਵਿਚ ਖੇਡ ਨਰਸਰੀਆਂ ਬਣਾ ਕੇ ਕੁਆਲੀਫਾਈਡ ਕੋਚਾਂ ਦੀ ਭਰਤੀ ਕੀਤੀ ਹੈ। ਸ. ਗੁਰਲਾਲ ਘਨੌਰ ਨੇ ਅੱਜ ਆਪਣੀ ਰਿਹਾਇਸ਼ ਉੱਤੇ ਸ੍ਰੀ ਰਜਤ ਸ਼ਰਮਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਆਪ ਸਰਕਾਰ ਲੋਕਾਂ ਨਾਲ ਕੀਤੇ ਹਰੇਕ ਵਾਅਦੇ ਨੂੰ ਪੂਰਾ ਕਰਨ ਵਿਚ ਸਫ਼ਲ ਹੋ ਰਹੀ ਹੈ।

ਮਾਸਟਰ ਜਸਵਿੰਦਰ ਸਿੰਘ ਚਪੜ੍ਹ - ਸਟੇਟ ਅਵਾਰਡੀ ਨੇ ਕਿਹਾ ਕਿ ਰਜ਼ਤ ਸ਼ਰਮਾ ਸਾਡੇ ਵਿਦਿਆਰਥੀ - ਲਾਅਨ ਟੈਨਿਸ ਦੇ ਹਲਕਾ ਘਨੌਰ ਵਿਚੋਂ ਪਹਿਲੇ ਸਰਕਾਰੀ ਕੋਚ ਬਣੇ ਹਨ। ਨਵੇਂ ਕੋਚਾਂ ਦੇ ਆਉਣ ਨਾਲ ਪੰਜਾਬ ਵਿਚ ਹੋਰ ਸਿਹਤ ਅਤੇ ਸਿੱਖਿਆ ਵਿਚ ਕ੍ਰਾਂਤੀ ਆਏਗੀ।

ਇਸ ਮੌਕੇ ਲੈਕਚਰਾਰ ਸ. ਗੁਰਪ੍ਰੀਤ ਸਿੰਘ, ਸ. ਜਸਵਿੰਦਰ ਸਿੰਘ ਚਪੜ੍ਹ - ਸਟੇਟ ਅਵਾਰਡੀ, ਸ. ਕੁਲਵੰਤ ਸਿੰਘ ਕੋਚ, ਸ੍ਰੀ ਰਜ਼ਤ ਸ਼ਰਮਾ ਤੋਂ ਇਲਾਵਾ ਇਲਾਕੇ ਦੇ ਪਤਵੰਤੇ ਸੱਜਣ ਹਾਜਰ ਸਨ।

# ਆਬਕਾਰੀ ਵਿਭਾਗ ਵੱਲੋਂ ਨਾਜਾਇਜ਼ ਸ਼ਰਾਬ ਵਿਰੁੱਧ ਚੈਕਿੰਗ ਤੇਜ਼

## ਟੀਮਾਂ ਨੇ ਲੋਕਾਂ ਨੂੰ ਨਾਜਾਇਜ਼ ਸ਼ਰਾਬ ਦੇ ਸਰੀਰ 'ਤੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ

